ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

***

ਚੜ੍ਹਦੀਕਲਾ

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 140
ਫ਼ੋਨ: +91- 92168-07500
E-mail: news@charhdikala.com
www.charhdikala.com


ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Friday, 22 May, 2026) ਸ਼ੁੱਕਰਵਾਰ, 22 ਮਈ, 2026, 8 ਜੇਠ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

ਅਦਾਰਾ
ਚੜ੍ਹਦੀਕਲਾ
ਵੱਲੋਂ
ਸਾਕਾ ਪਾਉਂਟਾ ਸਾਹਿਬ ਦੇ ਸ਼ਹੀਦਾਂ ਨੂੰ
ਕੋਟਿ-ਕੋਟਿ ਪ੍ਰਣਾਮ

ਕੇਂਦਰ ਦੀਆਂ ਨੀਤੀਆਂ ਕਾਰਨ ਦੇਸ਼ ਦੀ ਆਰਥਿਕਤਾ ਸੰਕਟ 'ਚ: ਜੈਰਾਮ ਰਮੇਸ਼

ਚੜ੍ਹਦੀਕਲਾ ਬਿਊਰੋ



ਨਵੀਂ ਦਿੱਲੀ, 21 ਮਈ : ਭਾਰਤੀ ਰਾਸ਼ਟਰੀ ਕਾਂਗਰਸ ਦੇ ਜਨਰਲ ਸਕੱਤਰ ਅਤੇ ਸੰਸਦ ਮੈਂਬਰ ਜੈਰਾਮ ਰਮੇਸ਼ ਨੇ ਕੇਂਦਰ ਦੀ ਮੋਦੀ ਸਰਕਾਰ 'ਤੇ ਤਿੱਖਾ ਨਿਸ਼ਾਨਾ ਸਾਧਦਿਆਂ ਕਿਹਾ ਹੈ ਕਿ ਭਾਰਤੀ ਆਰਥਿਕਤਾ ਬਾਰੇ ਮਾਹੌਲ ਬਹੁਤ ਨਕਾਰਾਤਮਕ ਹੋ ਚੁੱਕਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਹੁਣ ਸਰਕਾਰ ਦੇ ਆਪਣੇ ਪੇਸ਼ੇਵਰ ਸਮਰਥਕ ਵੀ ਜਨਤਕ ਤੌਰ 'ਤੇ ਚਿੰਤਾਵਾਂ ਜ਼ਾਹਰ ਕਰਨ ਲੱਗੇ ਹਨ। ਰਮੇਸ਼ ਅਨੁਸਾਰ, ਦੇਸ਼ ਵਿੱਚ ਮਹਿੰਗਾਈ ਤੇਜ਼ੀ ਨਾਲ ਵਧ ਰਹੀ ਹੈ, ਜਦੋਂ ਕਿ ਵਿਕਾਸ ਦਰ ਦੇ ਅਨੁਮਾਨ ਲਗਾਤਾਰ ਘਟ ਰਹੇ ਹਨ।

ਕਾਂਗਰਸ ਆਗੂ ਨੇ ਨਿੱਜੀ ਨਿਵੇਸ਼ ਦੀ ਘਟਦੀ ਦਰ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਹੈ। ਉਨ੍ਹਾਂ ਇਸ ਦੇ ਮੁੱਖ ਕਾਰਨਾਂ ਦਾ ਵੇਰਵਾ ਦਿੰਦਿਆਂ ਕਿਹਾ ਕਿ ਅਸਲ ਮਜ਼ਦੂਰੀ ਵਿੱਚ ਖੜੋਤ ਕਾਰਨ ਉਪਭੋਗਤਾਵਾਂ ਦੀ ਮੰਗ ਘਟੀ ਹੈ, ਜਿਸ ਕਾਰਨ ਭਾਰਤੀ ਉਦਯੋਗ ਜਗਤ ਕੋਲ ਨਿਵੇਸ਼ ਕਰਨ ਦਾ ਕੋਈ ਉਤਸ਼ਾਹ ਨਹੀਂ ਬਚਿਆ। ਨੀਤੀਆਂ ਵਿੱਚ ਵਾਰ-ਵਾਰ ਬਦਲਾਅ, ਟੈਕਸ ਨੋਟਿਸਾਂ ਅਤੇ ਜਾਂਚ ਏਜੰਸੀਆਂ ਦੀਆਂ ਛਾਪੇਮਾਰੀ ਦੀਆਂ ਧਮਕੀਆਂ ਨੇ ਨਿਵੇਸ਼ਕਾਂ ਵਿੱਚ ਬੇਭਰੋਸਗੀ ਦਾ ਮਾਹੌਲ ਬਣਾ ਦਿੱਤਾ ਹੈ। ਚੀਨ ਤੋਂ ਹੋ ਰਹੀ ਬੇਲੋੜੀ ਉਦਯੋਗਿਕ 'ਡੰਪਿੰਗ' ਨੇ ਦੇਸ਼ ਦੇ ਨਿਰਮਾਣ ਖੇਤਰ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ। ਰਮੇਸ਼ ਨੇ ਦੋਸ਼ ਲਾਇਆ ਕਿ ਸਰਕਾਰ ਦੀ ਮਦਦ ਨਾਲ ਪ੍ਰਧਾਨ ਮੰਤਰੀ ਦੇ ਕਰੀਬੀ ਮਿੱਤਰਾਂ ਦਾ ਮਾਲਕੀ 'ਤੇ ਗਲਬਾ ਵਧ ਰਿਹਾ ਹੈ, ਜਿਸ ਨੂੰ ਉਨ੍ਹਾਂ ਨੇ 'ਮੋਦਾਨੀ' ਦਾ ਨਾਂ ਦਿੱਤਾ।

ਬਿਆਨ ਵਿੱਚ ਕਿਹਾ ਗਿਆ ਹੈ ਕਿ ਕਾਰਪੋਰੇਟ ਜਗਤ ਲਈ ਆਜ਼ਾਦ ਤੌਰ 'ਤੇ ਨਿਵੇਸ਼ ਕਰਨ ਦਾ ਜੋਖਮ ਉਠਾਉਣ ਦੀ ਬਜਾਏ ਮੋਦੀ ਸਰਕਾਰ ਦੇ 'ਚੰਦਾ ਦਿਓ, ਧੰਦਾ ਲਓ' ਕਾਊਂਟਰ ਰਾਹੀਂ ਮੁਨਾਫਾ (ਬਾਕੀ ਸਫ਼ਾ 2 'ਤੇ)

'ਫਲੋਟੀਲਾ ਵਰਕਰਾਂ ਨਾਲ ਸਬੰਧਤ ਇਜ਼ਰਾਈਲੀ ਮੰਤਰੀ ਦੇ ਵੀਡੀਓ 'ਤੇ ਸਰਕਾਰ ਚੁੱਪ'

ਨਵੀਂ ਦਿੱਲੀ , 21 ਮਈ (ਚ.ਨ.ਸ.): ਕਾਂਗਰਸ ਨੇ ਵੀਰਵਾਰ ਨੂੰ ਕਿਹਾ ਕਿ ਗਾਜ਼ਾ ਵੱਲ ਵਧ ਰਹੇ ਅੰਤਰਰਾਸ਼ਟਰੀ ਬੇੜੇ (ਫਲੋਟੀਲਾ) ਦੇ ਲੋਕਾਂ ਨੂੰ ਲੈ ਕੇ ਇਜ਼ਰਾਈਲ ਦੇ ਇਕ ਮੰਤਰੀ ਦੇ ਰਵੱਈਏ ਦੀ ਦੁਨੀਆਂ ਦੇ ਕਈ ਦੇਸ਼ਾਂ ਨੇ ਨਿੰਦਾ ਕੀਤੀ ਹੈ ਪਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਪੂਰੀ ਤਰ੍ਹਾਂ ਚੁੱਪ ਹੈ। ਇਜ਼ਰਾਈਲ ਦੀ ਫ਼ੌਜ ਨੇ ਮੰਗਲਵਾਰ ਨੂੰ ਉਨ੍ਹਾਂ ਸਾਰੇ ਜਹਾਜ਼ਾਂ ਨੂੰ ਰੋਕ ਦਿੱਤਾ, ਜੋ ਇਕ ਅੰਤਰਰਾਸ਼ਟਰੀ ਬੇੜੇ (ਫਲੋਟੀਲਾ) ਦੇ ਅਧੀਨ ਗਾਜ਼ਾ ਦੀ ਨਾਕੇਬੰਦੀ ਨੂੰ ਚੁਣੌਤੀ ਦੇਣ ਦੀ ਕੋਸ਼ਿਸ਼ ਕਰ ਰਹੇ ਸਨ। ਇਹ ਮੁਹਿੰਮ ਗਾਜ਼ਾ 'ਚ ਰਹਿ ਰਹੇ ਲਗਭਗ 20 ਲੱਖ ਫਲਸਤੀਨੀਆਂ ਦੀ ਬਦਹਾਲ ਸਥਿਤੀ ਅਤੇ ਭੋਜਨ, ਦਵਾਈਆਂ ਅਤੇ ਘਰ ਦੀ ਭਾਰੀ ਕਮੀ ਵੱਲ (ਬਾਕੀ ਸਫ਼ਾ 2 'ਤੇ)

ਹਾਈਕੋਰਟ ਵੱਲੋਂ ਸਰਕਾਰੀ ਪਟੀਸ਼ਨ ਰੱਦ

ਪੰਜਾਬ ਦੇ ਸਾਰੇ ਸਰਕਾਰੀ ਕਰਮਚਾਰੀਆਂ ਲਈ ਡੀ.ਏ. ਬਰਾਬਰੀ 'ਤੇ ਰੋਕ ਲਾਉਣ ਤੋਂ ਨਾਂਹ

ਚੰਡੀਗੜ੍ਹ, 21 ਮਈ (ਚ.ਨ.ਸ.): ਪੰਜਾਬ ਦੇ ਸਾਰੇ ਸਰਕਾਰੀ ਕਰਮਚਾਰੀਆਂ ਲਈ ਰਾਹਤ ਭਰੀ ਖਬਰ ਹੈ। ਪੰਜਾਬ-ਹਰਿਆਣਾ ਹਾਈਕੋਰਟ ਨੇ ਪੰਜਾਬ ਸਰਕਾਰ ਵੱਲੋਂ 7.5 ਲੱਖ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਆਈ.ਏ.ਐਸ.,ਆਈ.ਪੀ.ਐਸ. ਅਤੇ ਨਿਆਂਇਕ ਅਧਿਕਾਰੀਆਂ ਦੇ ਬਰਾਬਰ ਮਹਿੰਗਾਈ ਭੱਤਾ (ਡੀ.ਏ.) ਜਾਰੀ ਕਰਨ ਦੇ ਹੁਕਮ 'ਤੇ ਰੋਕ ਲਗਾਉਣ ਲਈ ਦਾਇਰ ਪਟੀਸ਼ਨ ਨੂੰ ਰੱਦ ਕਰ ਦਿੱਤਾ। ਸਿੰਗਲ ਬੈਂਚ ਦੇ ਫ਼ੈਸਲੇ ਨੂੰ ਡਬਲ ਬੈਂਚ ਅੱਗੇ ਚੁਣੌਤੀ ਦਿੱਤੀ ਗਈ ਸੀ। ਹਾਈਕੋਰਟ ਨੇ ਕਿਹਾ ਕਿ ਅਸੀਂ ਸਿਰਫ ਡੀ.ਏ. ਜਾਰੀ ਕਰਨ ਦੀ (ਬਾਕੀ ਸਫ਼ਾ 2 'ਤੇ)

ਗਈ ਕੋਰਟ ਵੱਲੋਂ ਬੈਲਟ ਪੇਪਰਾਂ ਰਾਹੀਂ ਚੋਣਾਂ ਕਰਵਾਉਣ ਦੇ ਫ਼ੈਸਲੇ 'ਤੇ ਚੋਣ ਕਮਿਸ਼ਨ ਦਾ ਸਪਸ਼ਟੀਕਰਨ

'ਈ.ਵੀ.ਐਮ. ਰਸਤੇ 'ਚ, ਤਿਆਰੀ ਇੱਕ ਦਿਨ ਵਿੱਚ ਸੰਭਵ'

ਚੜ੍ਹਦੀਕਲਾ ਬਿਊਰੋ



ਚੰਡੀਗੜ੍ਹ, 21 ਮਈ :ਪੰਜਾਬ ਵਿੱਚ ਨਗਰ ਨਿਗਮਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਤੋਂ ਸਿਰਫ਼ ਪੰਜ ਦਿਨ ਪਹਿਲਾਂ ਭਾਰਤੀ ਚੋਣ ਕਮਿਸ਼ਨ (ਈ.ਸੀ.ਆਈ.) ਨੇ ਵੀਰਵਾਰ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੂੰ ਦੱਸਿਆ ਕਿ ਚੋਣਾਂ ਲਈ ਮੰਗੀਆਂ ਗਈਆਂ ਈ.ਵੀ.ਐੱਮ. ਰਾਜਸਥਾਨ ਤੋਂ ਪੰਜਾਬ ਲਈ ਪਹਿਲਾਂ ਹੀ 'ਰਸਤੇ ਵਿੱਚ' (ਇਨ ਟਰਾਂਜ਼ਿਟ) ਹਨ ਅਤੇ ਮਸ਼ੀਨਾਂ ਨੂੰ ਤਿਆਰ (ਕਮਿਸ਼ਨਿੰਗ) ਕਰਨ ਦੀ ਬਾਕੀ ਪ੍ਰਕਿਰਿਆ 'ਮਹਿਜ਼ ਇੱਕ ਦਿਨ' ਵਿੱਚ ਪੂਰੀ ਕੀਤੀ ਜਾ ਸਕਦੀ ਹੈ।

ਇਹ ਦਾਅਵਾ ਹਾਈ ਕੋਰਟ ਵੱਲੋਂ ਪੰਜਾਬ ਰਾਜ ਚੋਣ ਕਮਿਸ਼ਨ (ਐਸ.ਈ.ਸੀ.) ਤੋਂ ਬੈਲਟ ਪੇਪਰਾਂ ਰਾਹੀਂ ਚੋਣਾਂ ਕਰਵਾਉਣ ਦੇ ਉਸ ਦੇ ਫੈਸਲੇ 'ਤੇ ਸਪੱਸ਼ਟੀਕਰਨ ਮੰਗਣ ਦੇ ਇੱਕ ਦਿਨ ਬਾਅਦ ਸਾਹਮਣੇ ਆਇਆ ਹੈ, ਜਿਸ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਨਗਰ ਨਿਗਮਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ 27 ਮਈ ਦੀਆਂ ਚੋਣਾਂ ਤੋਂ ਪਹਿਲਾਂ ਈ.ਵੀ.ਐੱਮ. ਦੀ ਤਾਇਨਾਤੀ ਸੰਭਵ ਨਹੀਂ ਸੀ।

ਚੀਫ਼ ਜਸਟਿਸ ਸ਼ੀਲ ਨਾਗੂ ਦੀ ਅਗਵਾਈ ਵਾਲੇ ਬੈਂਚ ਦੇ ਸਾਹਮਣੇ ਪੇਸ਼ ਹੁੰਦੇ ਹੋਏ, ਭਾਰਤੀ ਚੋਣ ਕਮਿਸ਼ਨ ਦੇ ਵਕੀਲ ਨੇ ਕਮਿਸ਼ਨ ਵੱਲੋਂ ਰਾਜ ਚੋਣ ਕਮਿਸ਼ਨ ਨੂੰ 20 ਮਈ ਨੂੰ ਭੇਜੇ ਗਏ ਇੱਕ ਪੱਤਰ ਦਾ ਹਵਾਲਾ ਦਿੱਤਾ ਅਤੇ ਕਿਹਾ ਕਿ ਰਾਜ ਚੋਣ ਕਮਿਸ਼ਨ ਦੁਆਰਾ ਪਹਿਲਾਂ ਉਠਾਏ ਗਏ ਸਰੋਕਾਰਾਂ ਦਾ ਹੱਲ ਕਰ ਦਿੱਤਾ ਗਿਆ ਹੈ।

ਚੋਣ ਕਮਿਸ਼ਨ ਨੇ ਅਦਾਲਤ ਨੂੰ ਦੱਸਿਆ ਕਿ ਪੰਜਾਬ ਦੇ ਅਧਿਕਾਰੀਆਂ ਵੱਲੋਂ ਮਸ਼ੀਨਾਂ ਨੂੰ ਖ਼ੁਦ ਚੁੱਕਣ ਵਿੱਚ ਝਿਜਕ ਦਿਖਾਉਣ ਤੋਂ ਬਾਅਦ ਮਸ਼ੀਨਾਂ ਨੂੰ ਰਾਜਸਥਾਨ ਤੋਂ ਰਵਾਨਾ ਕਰ ਦਿੱਤਾ ਗਿਆ ਸੀ। ਅਦਾਲਤ ਨੂੰ ਦੱਸਿਆ ਗਿਆ, 'ਮਸ਼ੀਨਾਂ ਰਸਤੇ ਵਿੱਚ ਹਨ। ਜਿਵੇਂ ਅਸੀਂ ਗੱਲ ਕਰ ਰਹੇ ਹਾਂ, ਉਹ ਰਸਤੇ ਵਿੱਚ ਹਨ।' ਭਾਰਤੀ ਚੋਣ ਕਮਿਸ਼ਨ ਦੀ ਨੁਮਾਇੰਦਗੀ ਵਕੀਲ ਪ੍ਰਤੀਕ ਗੁਪਤਾ ਕਰ ਰਹੇ ਹਨ, ਜਦੋਂ ਕਿ ਸੀਨੀਅਰ ਐਡਵੋਕੇਟ ਚੇਤਨ ਮਿੱਤਲ ਅਤੇ ਅਮਿਤ ਝਾਂਜੀ ਬੈਂਚ ਦੇ ਸਾਹਮਣੇ ਪਟੀਸ਼ਨਰਾਂ ਵੱਲੋਂ ਪੇਸ਼ ਹੋਏ।

ਕਮਿਸ਼ਨ ਨੇ ਅੱਗੇ ਕਿਹਾ ਕਿ ਹੁਣ ਇੱਕੋ ਇੱਕ ਲੋੜ ਇਹ ਹੈ ਕਿ ਰਾਜ ਚੋਣ ਕਮਿਸ਼ਨ ਡਿਲੀਵਰੀ ਦੀ ਜਗ੍ਹਾ ਨਿਰਧਾਰਤ ਕਰੇ ਅਤੇ ਮਸ਼ੀਨਾਂ ਪ੍ਰਾਪਤ ਕਰਨ ਲਈ ਅਧਿਕਾਰਤ ਅਫ਼ਸਰ ਦੀ ਪਛਾਣ ਕਰੇ।

ਵਕੀਲ ਨੇ ਪੇਸ਼ ਕੀਤਾ,'ਅਸੀਂ ਉਨ੍ਹਾਂ ਨੂੰ ਰਾਜਸਥਾਨ ਤੋਂ ਮੋਹਾਲੀ, ਪੰਜਾਬ ਤੱਕ ਪਹੁੰਚਾ ਰਹੇ ਹਾਂ, 'ਉਨ੍ਹਾਂ ਅੱਗੇ ਕਿਹਾ ਕਿ ਕਮਿਸ਼ਨ ਮਸ਼ੀਨਾਂ ਦੀ ਪਹਿਲੇ ਪੱਧਰ ਦੀ ਜਾਂਚ (ਫਸਟ-ਲੈਵਲ ਚੈਕਿੰਗ) ਅਤੇ ਕਮਿਸ਼ਨਿੰਗ ਦੀ ਸਹੂਲਤ ਵੀ ਪ੍ਰਦਾਨ ਕਰੇਗਾ। ਭਾਰਤੀ ਚੋਣ ਕਮਿਸ਼ਨ ਨੇ ਬੈਂਚ ਨੂੰ ਦੱਸਿਆ ਕਿ ਕਮਿਸ਼ਨਿੰਗ ਦੀ ਪ੍ਰਕਿਰਿਆ ਮਹਿਜ਼ ਇੱਕ ਦਿਨ ਦੀ ਪ੍ਰਕਿਰਿਆ ਹੈ।

ਇਹ ਬਹੁਤ ਮਹੱਤਵਪੂਰਨ ਗੱਲ ਹੈ ਕਿਉਂਕਿ ਰਾਜ ਚੋਣ ਕਮਿਸ਼ਨ ਨੇ ਪਹਿਲਾਂ ਇਹ ਸਟੈਂਡ ਲਿਆ ਸੀ ਕਿ ਜੇ ਮਸ਼ੀਨਾਂ ਉਪਲਬਧ ਕਰਵਾਈਆਂ ਵੀ ਜਾਂਦੀਆਂ ਹਨ, ਤਾਂ ਤਾਇਨਾਤੀ ਨਾਲ ਸਬੰਧਤ ਪ੍ਰਕਿਰਿਆਵਾਂ ਲਈ 15 ਤੋਂ 18 ਦਿਨਾਂ ਦੀ ਲੋੜ ਹੋਵੇਗੀ, ਜਿਸ ਨਾਲ ਚੋਣਾਂ ਲਈ ਇੱਕ ਹਫ਼ਤੇ ਤੋਂ ਵੀ ਘੱਟ ਸਮਾਂ ਬਾਕੀ ਹੋਣ ਕਾਰਨ ਈਵੀਐਮ-ਆਧਾਰਿਤ ਪੋਲਿੰਗ ਅਣਵਿਆਹਾਰਕ ਹੋ ਜਾਂਦੀ ਹੈ। ਇਹ ਮਾਮਲਾ ਈ.ਵੀ.ਐੱਮ. ਦੀ ਥਾਂ (ਬਾਕੀ ਸਫ਼ਾ 2 'ਤੇ)

ਲੂ ਦੀ ਤਪਸ਼ ਵਿਚਾਲੇ ਮੌਸਮ ਵਿਭਾਗ ਵੱਲੋਂ ਪੰਜਾਬ 'ਚ ਮੀਂਹ ਦੀ ਪੇਸ਼ੀਨਗੋਈ



ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 21 ਮਈ :ਉੱਤਰ-ਪੱਛਮੀ ਭਾਰਤ ਵਿੱਚ ਚੱਲ ਰਹੀ ਲੂ (ਹੀਟ ਵੇਵ) ਦੀ ਤਪਸ਼ ਵਿਚਾਲੇ 22 ਮਈ ਨੂੰ ਕੁਝ ਰਾਹਤ ਮਿਲਣ ਦੀ ਉਮੀਦ ਹੈ। ਭਾਰਤੀ ਮੌਸਮ ਵਿਭਾਗ ਮੁਤਾਬਕ ਪੰਜਾਬ ਦੇ ਕੁਝ ਇਲਾਕਿਆਂ ਵਿੱਚ ਗਰਜ-ਚਮਕ ਦੇ ਨਾਲ ਮੀਂਹ ਪੈ ਸਕਦਾ ਹੈ, ਜਿਸ ਨਾਲ ਲੋਕਾਂ ਨੂੰ ਗਰਮੀ ਤੋਂ ਥੋੜ੍ਹੀ ਨਿਜਾਤ ਮਿਲੇਗੀ, ਹਾਲਾਂਕਿ ਇਹ ਗਰਮੀ ਘੱਟੋ-ਘੱਟ 27 ਮਈ ਤੱਕ ਇਸੇ ਤਰ੍ਹਾਂ ਜਾਰੀ ਰਹਿਣ ਦੀ ਸੰਭਾਵਨਾ ਹੈ।

ਪਿਛਲੇ 24 ਘੰਟਿਆਂ ਦੌਰਾਨ, ਪੰਜਾਬ ਦੇ ਸਿਰਫ਼ ਇੱਕ ਜ਼ਿਲ੍ਹੇ, ਫ਼ਰੀਦਕੋਟ ਵਿੱਚ ਬਹੁਤ ਹਲਕਾ ਮੀਂਹ ਪਿਆ। ਮੌਸਮ ਵਿਭਾਗ ਦੇ ਰਿਕਾਰਡ ਅਨੁਸਾਰ, ਇਸੇ ਜ਼ਿਲ੍ਹੇ ਵਿੱਚ ਸਿਰਫ਼ ਦੋ ਦਿਨ ਪਹਿਲਾਂ ਇਸ ਸੀਜ਼ਨ ਦਾ ਸੂਬੇ ਵਿੱਚ ਸਭ ਤੋਂ ਵੱਧ ਤੋਂ ਵੱਧ ਤਾਪਮਾਨ 47.3 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਸੀ। (ਬਾਕੀ ਸਫ਼ਾ 2 'ਤੇ)


ਪਟਾਕਿਆਂ 'ਚ ਹੋਏ ਧਮਾਕੇ ਕਾਰਨ ਲੱਗੀ ਅੱਗ ਵਿੱਚ ਮਹਿਲਾ ਦੀ ਮੌਤ

ਅੰਮ੍ਰਿਤਸਰ, 21 ਮਈ (ਬਬਲੂ ਮਹਾਜਨ) : ਅਨਗੜ੍ਹ ਇਲਾਕੇ ਵਿੱਚ ਅਸ਼ੋਕ ਕੁਮਾਰ ਲੱਧੜ ਦੇ ਘਰ ਵਿੱਚ ਅਚਾਨਕ ਭਿਆਨਕ ਅੱਗ ਲੱਗਣ ਕਾਰਨ ਇਲਾਕੇ ਵਿੱਚ ਹੜਕੰਪ ਮਚ ਗਿਆ। ਜਾਣਕਾਰੀ ਮੁਤਾਬਕ ਅੱਗ ਇੰਨੀ ਭਿਆਨਕ ਸੀ ਕਿ ਘਰ ਦਾ ਵੱਡਾ ਹਿੱਸਾ ਸੜ ਕੇ ਸੁਆਹ ਹੋ ਗਿਆ ਅਤੇ ਦੋ ਮਹਿਲਾਵਾਂ ਜ਼ਖਮੀ ਹੋ ਗਈਆਂ ਜਿਨ੍ਹਾਂ ਵਿੱਚੋਂ ਇੱਕ ਦੀ ਬਾਅਦ 'ਚ ਮੌਤ ਹੋ ਗਈ। ਮੌਕੇ 'ਤੇ ਪਹੁੰਚੇ ਲੋਕਾਂ ਨੇ ਦੱਸਿਆ ਕਿ ਅੱਗ ਲੱਗਣ ਤੋਂ ਪਹਿਲਾਂ ਇੱਕ ਜ਼ਬਰਦਸਤ ਧਮਾਕੇ ਵਰਗੀ ਆਵਾਜ਼ ਵੀ ਸੁਣਾਈ ਦਿੱਤੀ ਸੀ, ਜਿਸ ਕਾਰਨ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ। ਘਟਨਾ ਦੀ ਸੂਚਨਾ ਮਿਲਦਿਆਂ ਹੀ ਪੁਲਿਸ ਅਤੇ ਫਾਇਰ ਬ੍ਰਿਗੇਡ ਦੀਆਂ ਟੀਮਾਂ ਮੌਕੇ 'ਤੇ ਪਹੁੰਚ ਗਈਆਂ। ਫਾਇਰ (ਬਾਕੀ ਸਫ਼ਾ 2 'ਤੇ)

'ਸਤਿਕਾਰ ਸੋਧ ਐਕਟ-2026' ਸਬੰਧੀ ਸਿੱਖਾਂ ਦੇ ਇਤਰਾਜ਼ਾਂ 'ਤੇ ਕਟਾਰੀਆ ਨਾਲ ਧਾਮੀ ਤੇ ਜਥੇ. ਗੜ੍ਹਗੱਜ ਵੱਲੋਂ ਵਿਚਾਰ-ਚਰਚਾ

ਰਾਜਪਾਲ ਨੂੰ ਸੌਂਪਿਆ ਇਤਰਾਜ਼ਾਂ ਦਾ ਖਰੜਾ

ਬਬਲੂ ਮਹਾਜਨ



ਅੰਮ੍ਰਿਤਸਰ, 21 ਮਈ : ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜ੍ਹਗੱਜ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਮੁਲਾਕਾਤ ਕੀਤੀ, ਜਿਸ ਦੌਰਾਨ ਤਿੰਨੇ ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026 ਬਾਰੇ ਗੰਭੀਰ ਵਿਚਾਰ ਚਰਚਾ ਕੀਤੀ। ਮੁਲਾਕਾਤ ਲੁਧਿਆਣਾ ਸਥਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸ਼ਾਹੀ ਦਸਵੀਂ, ਆਲਮਗੀਰ ਵਿਖੇ ਹੋਈ, ਜਿੱਥੇ ਰਾਜਪਾਲ ਕਟਾਰੀਆ ਅੱਜ ਨਤਮਸਤਕ ਹੋਣ ਲਈ ਪੁੱਜੇ ਸਨ। ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਧਾਮੀ ਨੇ ਰਾਜਪਾਲ ਕਟਾਰੀਆ ਦਾ ਸਵਾਗਤ ਕੀਤਾ। ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਗੁਰਦੁਆਰਾ ਸਾਹਿਬ 'ਚ ਮੈਨੇਜਰ ਦੇ ਦਫ਼ਤਰ ਵਿਖੇ ਰਾਜਪਾਲ ਨੂੰ ਸਿਰੋਪਾਓ ਤੇ ਸਨਮਾਨ ਦਿੱਤਾ ਗਿਆ। ਜਥੇਦਾਰ ਗੜ੍ਹਗੱਜ, ਰਾਜਪਾਲ ਕਟਾਰੀਆ ਅਤੇ ਐਡਵੋਕੇਟ ਧਾਮੀ ਵਿਚਕਾਰ ਤਕਰੀਬਨ 20 ਮਿੰਟ ਸਤਿਕਾਰ ਸੋਧ ਐਕਟ ਬਾਰੇ ਗੰਭੀਰ ਵਿਚਾਰ ਹੋਈ। ਜਥੇਦਾਰ ਗੜ੍ਹਗੱਜ ਅਤੇ ਐਡਵੋਕੇਟ ਧਾਮੀ ਨੇ ਰਾਜਪਾਲ ਪੰਜਾਬ ਨੂੰ ਕਾਨੂੰਨੀ ਸੋਧ ਵਿੱਚ ਸਰਕਾਰ ਵੱਲੋਂ ਪਾਈਆਂ ਗਈਆਂ ਇਤਰਾਜ਼ਯੋਗ ਮੱਦਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਜਥੇਦਾਰ ਗੜ੍ਹਗੱਜ ਵੱਲੋਂ ਰਾਜਪਾਲ ਕਟਾਰੀਆ ਨੂੰ ਇੱਕ ਵਿਸ਼ੇਸ਼ ਪੱਤਰ ਵੀ (ਬਾਕੀ ਸਫ਼ਾ 2 'ਤੇ)

ਗਈਕੋਰਟ ਵੱਲੋਂ ਸੁਖਪਾਲ ਖਹਿਰਾ ਨੂੰ ਵੱਡਾ ਝਟਕਾ

ਮਾਣਹਾਨੀ ਪਟੀਸ਼ਨ ਰੱਦ ਕਰਦਿਆਂ ਲਗਾਇਆ 6 ਲੱਖ ਦਾ ਜੁਰਮਾਨਾ, ਪਾਈ ਝਾੜ

ਚੜ੍ਹਦੀਕਲਾ ਬਿਊਰੋ



ਚੰਡੀਗੜ੍ਹ, 21 ਮਈ :ਕਾਂਗਰਸ ਆਗੂ ਸੁਖਪਾਲ ਖਹਿਰਾ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਤੋਂ ਵੱਡਾ ਝਟਕਾ ਲੱਗਾ। ਅਦਾਲਤ ਨੇ ਖਹਿਰਾ ਦੀ ਮਾਣਹਾਨੀ ਪਟੀਸ਼ਨ ਨੂੰ ਖਾਰਜ ਕਰਦਿਆਂ ਉਨ੍ਹਾਂ 'ਤੇ 6 ਲੱਖ ਰੁਪਏ ਦਾ ਜੁਰਮਾਨਾ ਲਗਾਇਆ ਹੈ ਅਤੇ ਪੰਚਾਇਤੀ ਜ਼ਮੀਨ 'ਤੇ ਕਬਜ਼ਾ ਕਰਨ ਨੂੰ ਲੈ ਕੇ ਖਹਿਰਾ ਨੂੰ ਝਾੜ ਪਾਉਂਦਿਆਂ ਕਿਹਾ ਕਿ ਇਹ ਪਟੀਸ਼ਨ ਨਿਆਂ

ਪੰਜਾਬ ਨੇ ਜੱਚਾ-ਬੱਚਾ ਸਿਹਤ ਦੇ ਸਾਰੇ ਮੁੱਖ ਸੂਚਕਾਂ ਵਿੱਚ ਰਾਸ਼ਟਰੀ ਔਸਤ ਨੂੰ ਪਛਾੜਿਆ, ਜੱਚਾ ਮੌਤ ਦਰ 77 ਅਤੇ ਬਾਲ ਮੌਤ ਦਰ 16 ਦਰਜ ਕੀਤੀ: ਡਾ. ਬਲਬੀਰ ਸਿੰਘ



ਚੰਡੀਗੜ੍ਹ, 21 ਮਈ (ਚ.ਨ.ਸ.) : ਭਾਰਤ ਦੇ ਰਜਿਸਟਰਾਰ ਜਨਰਲ ਦਫ਼ਤਰ ਵੱਲੋਂ ਜਾਰੀ ਕੀਤੇ ਗਏ ਨਵੇਂ ਸੈਂਪਲ ਰਜਿਸਟਰੇਸ਼ਨ ਸਿਸਟਮ (ਐਸਆਰਐਸ) ਦੇ ਅੰਕੜਿਆਂ ਅਨੁਸਾਰ ਪੰਜਾਬ ਸਾਰੇ ਮੁੱਖ ਜੱਚਾ ਬੱਚਾ ਸਿਹਤ ਸੂਚਕਾਂ ਵਿੱਚ ਰਾਸ਼ਟਰੀ ਮਾਪਦੰਡਾਂ ਨੂੰ ਪਛਾੜ ਕੇ ਦੇਸ਼ ਭਰ ਦੇ ਹੈਲਥਕੇਅਰ ਡਿਲੀਵਰੀ ਸਿਸਟਮ ਵਿੱਚ ਮੋਹਰੀ ਬਣ ਕੇ ਉੱਭਰਿਆ ਹੈ। ਪੰਜਾਬ ਦੀ ਪ੍ਰਾਪਤੀ ਨੂੰ ਉਜਾਗਰ ਕਰਦੇ ਹੋਏ, ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਨੇ ਜੱਚਾ ਮੌਤ ਦਰ (ਐਮਐਮਆਰ), ਬਾਲ ਮੌਤ ਦਰ (ਆਈਐਮਆਰ), ਨਵਜੰਮੇ ਬੱਚਿਆਂ ਦੀ ਮੌਤ ਦਰ (ਐਨਐਮਆਰ) ਅਤੇ 5 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੀ ਮੌਤ ਦਰ ਵਿੱਚ ਮਹੱਤਵਪੂਰਨ ਸੁਧਾਰ ਦਰਜ ਕੀਤੇ ਹਨ, ਜੋ ਕਿ ਪੰਜਾਬ ਸਰਕਾਰ ਦੇ ਜਨਤਕ ਸਿਹਤ ਸੰਭਾਲ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਸੂਬੇ ਭਰ ਵਿੱਚ ਮਿਆਰੀ ਜੱਚਾ-ਬੱਚਾ ਦੇਖਭਾਲ ਸੇਵਾਵਾਂ ਨੂੰ ਯਕੀਨੀ ਬਣਾਉਣ ਸਬੰਧੀ ਦਿੱਤੀ ਜਾ ਰਹੀ ਤਰਜੀਹ ਨੂੰ ਦਰਸਾਉਂਦਾ ਹੈ।

ਡਾ. ਬਲਬੀਰ ਸਿੰਘ ਨੇ ਵੇਰਵੇ ਸਾਂਝੇ ਕਰਦਿਆਂ ਕਿਹਾ ਕਿ ਪੰਜਾਬ ਦੀ ਜੱਚਾ ਮੌਤ ਦਰ ਪ੍ਰਤੀ ਲੱਖ ਜੀਵਤ ਜਨਮਾਂ ਪਿੱਛੇ ਘਟ ਕੇ 77 ਹੋ ਗਈ ਹੈ, ਜੋ ਕਿ ਰਾਸ਼ਟਰੀ ਔਸਤ 87 ਤੋਂ ਕਾਫ਼ੀ ਬਿਹਤਰ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਰਾਸ਼ਟਰੀ ਔਸਤ 24 ਦੇ ਮੁਕਾਬਲੇ ਬਾਲ ਮੌਤ ਦਰ (ਆਈਐਮਆਰ) ਮਹਿਜ਼ 16 ਦਰਜ ਕੀਤੀ ਗਈ ਹੈ, ਨਵਜੰਮੇ ਬੱਚਿਆਂ ਦੀ ਮੌਤ ਦਰ (ਐਨਐਮਆਰ) ਤਹਿਤ ਦੇਸ਼ ਦੀ ਔਸਤ 18 ਦੇ ਮੁਕਾਬਲੇ ਸੂਬੇ ਵਿੱਚ ਇਹ ਦਰ 11 ਦਰਜ ਕੀਤੀ ਹੈ ਅਤੇ 5 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੀ ਮੌਤ ਦਰ ਰਾਸ਼ਟਰੀ ਪੱਧਰ 'ਤੇ 28 ਅਤੇ ਪੰਜਾਜ ਵਿੱਚ 19 ਦਰਜ ਕੀਤੀ ਗਈ ਹੈ।

ਡਾ. ਬਲਬੀਰ ਸਿੰਘ ਨੇ ਕਿਹਾ, ਪੰਜਾਬ ਨੇ ਜੱਚਾ-ਬੱਚਾ ਸਿਹਤ ਸੰਭਾਲ ਵਿੱਚ ਸ਼ਾਨਦਾਰ ਪ੍ਰਗਤੀ ਹਾਸਲ ਕੀਤੀ ਹੈ ਅਤੇ ਇਹ ਪ੍ਰਾਪਤੀਆਂ ਸਾਡੇ ਸਿਹਤ ਸੰਭਾਲ ਕਰਮਚਾਰੀਆਂ ਦੇ ਅਟੁੱਟ ਸਮਰਪਣ ਅਤੇ ਪੰਜਾਬ ਸਰਕਾਰ ਦੀ ਹਰੇਕ ਨਾਗਰਿਕ ਨੂੰ ਮਿਆਰੀ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦੀਆਂ ਹਨ। ਉਨ੍ਹਾਂ ਕਿਹਾ, ਪੰਜਾਬ ਨੇ ਪਹਿਲਾਂ ਨਵਜੰਮੇ ਬੱਚਿਆਂ ਦੀ ਮੌਤ ਦਰ ਸਬੰਧੀ ਐਸਡੀਜੀ - 2030 ਟੀਚਾ ਸਰ ਕਰ ਲਿਆ ਹੈ। ਇਸ ਟੀਚੇ ਤਹਿਤ 12 ਤੋਂ ਘੱਟ ਦਰ ਹਾਸਲ ਕਰਦਿਆਂ ਪੰਜਾਬ ਨੇ ਇਹ ਟੀਚਾ 2030 ਦੀ ਸਮਾਂ ਸੀਮਾ ਤੋਂ ਬਹੁਤ ਪਹਿਲਾਂ ਹੀ ਪ੍ਰਾਪਤ ਕਰ ਲਿਆ ਹੈ।

ਸਿਹਤ ਮੰਤਰੀ ਨੇ ਕਿਹਾ ਕਿ ਸੂਬੇ ਦੀ ਸ਼ਾਨਦਾਰ ਕਾਰਗੁਜ਼ਾਰੀ ਸਦਕਾ ਕੇਂਦਰ ਸਰਕਾਰ ਦੀ ਨਵੀਂ ਕਾਰਗੁਜ਼ਾਰੀ ਅਧਾਰਤ ਸਿਹਤ ਖੇਤਰ ਯੋਜਨਾ ਤਹਿਤ ਪੰਜਾਬ ਨੂੰ ਲੱਗਭੱਗ 400 ਕਰੋੜ ਰੁਪਏ ਦਾ ਵਿੱਤੀ ਪ੍ਰੋਤਸਾਹਨ ਮਿਲਣ ਦੀ ਸੰਭਾਵਨਾ ਹੈ।

ਡਾ: ਬਲਬੀਰ ਸਿੰਘ ਨੇ ਕਿਹਾ, ਭਗਵੰਤ ਮਾਨ ਸਰਕਾਰ ਨੇ ਸੰਸਥਾਗਤ ਹੈਲਥਕੇਅਰ ਡਿਲੀਵਰੀ ਸਿਸਟਮ ਨੂੰ ਮਜ਼ਬੂਤ ਕਰਕੇ ਅਤੇ ਸੂਬੇ ਭਰ ਵਿੱਚ ਮਿਆਰੀ ਜੱਚਾ-ਬੱਚਾ ਦੇਖਭਾਲ ਸਹੂਲਤਾਂ ਨੂੰ ਯਕੀਨੀ ਬਣਾ ਕੇ ਪ੍ਰਜਨਨ ਅਤੇ ਬਾਲ ਸਿਹਤ ਸੰਭਾਲ ਲਈ ਇੱਕ ਵਿਆਪਕ ਪਹੁੰਚ ਅਪਣਾਈ ਹੈ। ਇਸ ਨੇ ਜੱਚਾ-ਬੱਚਾ ਮੌਤ ਦਰ ਸੂਚਕਾਂ ਨੂੰ ਘਟਾਉਣ ਵਿੱਚ ਅਹਿਮ ਯੋਗਦਾਨ ਪਾਇਆ ਹੈ।

ਫਰੰਟਲਾਈਨ ਸਿਹਤ ਸੰਭਾਲ ਕਰਮਚਾਰੀਆਂ ਦਾ ਧੰਨਵਾਦ ਕਰਦਿਆਂ, ਡਾ. ਬਲਬੀਰ ਸਿੰਘ ਨੇ ਕਿਹਾ ਕਿ ਜ਼ਮੀਨੀ ਪੱਧਰ 'ਤੇ ਉਨ੍ਹਾਂ ਦੇ ਅਣਥੱਕ ਯਤਨਾਂ ਨੇ ਪੰਜਾਬ ਭਰ ਵਿੱਚ ਸੁਰੱਖਿਅਤ ਗਰਭ ਅਵਸਥਾਵਾਂ ਅਤੇ ਜੱਚਾ-ਬੱਚਾ ਲਈ ਬਿਹਤਰ ਸਿਹਤ ਸੰਭਾਲ ਨਤੀਜਿਆਂ ਨੂੰ ਯਕੀਨੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ।

ਡਾ: ਬਲਬੀਰ ਸਿੰਘ ਨੇ ਕਿਹਾ, ਇਹ ਵਿਸ਼ੇਸ਼ ਸਹੂਲਤਾਂ 24 ਘੰਟੇ ਐਮਰਜੈਂਸੀ ਸਿਹਤ ਸੰਭਾਲ ਸੇਵਾਵਾਂ ਨੂੰ ਯਕੀਨੀ ਬਣਾ ਕੇ ਮਾਵਾਂ ਅਤੇ ਨਵਜੰਮੇ ਬੱਚਿਆਂ ਲਈ ਜੀਵਨ ਰੱਖਿਅਕ ਵਜੋਂ ਕੰਮ ਕਰ ਰਹੀਆਂ ਹਨ।

ਸਿਹਤ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੁਦਰਤੀ ਜਣੇਪੇ ਨੂੰ ਉਤਸ਼ਾਹਿਤ ਕਰਨ ਅਤੇ ਇੱਕ ਵਿਸ਼ੇਸ਼ ਸਿਹਤ ਸੰਭਾਲ ਕਾਡਰ ਬਣਾ ਕੇ ਬੇਲੋੜੇ ਸੀਜ਼ੇਰੀਅਨ ਸੈਕਸ਼ਨਾਂ ਨੂੰ ਘਟਾਉਣ ਲਈ ਵਿਆਪਕ ਸੁਧਾਰ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਪਟਿਆਲਾ ਦੇ ਵੱਕਾਰੀ ਨੈਸ਼ਨਲ ਮਿਡਵਾਈਫਰੀ ਟਰੇਨਿੰਗ ਇੰਸਟੀਚਿਊਟ (ਐਨਐਮਟੀਆਈ) ਤੋਂ ਨਰਸ ਪ੍ਰੈਕਟੀਸ਼ਨਰਸ ਇੰਨ ਮਿਡਵਾਈਫਰੀ (ਐਨਪੀਐਮ) ਦੇ ਤਿੰਨ ਬੈਚਾਂ ਨੂੰ ਸਫਲਤਾਪੂਰਵਕ ਮੁਕੰਮਲ ਕੀਤਾ ਗਿਆ ਹੈ।


ਡਾ: ਬਲਬੀਰ ਸਿੰਘ ਨੇ ਕਿਹਾ, ਭਗਵੰਤ ਮਾਨ ਸਰਕਾਰ ਸਿਖਲਾਈ ਪ੍ਰਾਪਤ ਮਿਡਵਾਈਫਸ ਰਾਹੀਂ ਟਾਲਣਯੋਗ ਸੀਜ਼ੇਰੀਅਨ ਪ੍ਰਕਿਰਿਆਵਾਂ ਵਿੱਚ ਕਮੀ ਲਿਆਉਣ ਅਤੇ ਸੁਰੱਖਿਅਤ ਜਣੇਪੇ ਲਈ ਲਗਾਤਾਰ ਕੰਮ ਕਰ ਰਹੀ ਹੈ।

ਸਿਹਤ ਮੰਤਰੀ ਨੇ ਅੱਗੇ ਕਿਹਾ ਕਿ ਆਮ ਆਦਮੀ ਕਲੀਨਿਕਾਂ ਨਾਲ ਸੂਬੇ ਦੇ ਬੁਨਿਆਦੀ ਸਿਹਤ ਸੰਭਾਲ ਨੈੱਟਵਰਕ ਨੂੰ ਵੱਡਾ ਹੁਲਾਰਾ ਮਿਲਿਆ ਹੈ। ਇਹਨਾਂ ਕਲੀਨਿਕਾਂ ਵਿੱਚ ਹੁਣ ਗਰਭਵਤੀ ਮਾਵਾਂ ਨੂੰ ਜਨਮ ਤੋਂ ਪਹਿਲਾਂ ਦੀ ਦੇਖਭਾਲ (ਏਐਨਸੀ) ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਸੂਬਾ ਸਰਕਾਰ ਵੱਲੋਂ ਜਣੇਪੇ ਨਾਲ ਸਬੰਧਤ ਖਰਚਿਆਂ ਨੂੰ ਖਤਮ ਕਰਨ ਲਈ, ਵਿਸ਼ੇਸ਼ ਅਲਟਰਾਸਾਊਂਡ ਸਕੈਨ ਸਮੇਤ ਸਾਰੇ ਜ਼ਰੂਰੀ ਡਾਇਗਨੌਸਟਿਕ ਅਤੇ ਦਵਾਈਆਂ ਪੂਰੀ ਤਰ੍ਹਾਂ ਮੁਫਤ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।

ਸਿਹਤ ਮੰਤਰੀ ਨੇ ਦੱਸਿਆ ਕਿ ਇਹ ਇਤਿਹਾਸਕ ਮੀਲ ਪੱਥਰ ਤਹਿਤ ਸ਼ਾਨਦਾਰ 99.86 ਫ਼ੀਸਦ ਸੰਸਥਾਗਤ ਡਿਲੀਵਰੀ ਦਰ ਹਾਸਲ ਕੀਤੀ ਗਈ ਹੈ ਜੋ ਫਲੈਗਸ਼ਿਪ ਸਿਹਤ ਸਕੀਮਾਂ ਜਿਵੇਂ ਕਿ ਅਨੀਮੀਆ ਮੁਕਤ ਭਾਰਤ (ਏਐਮਬੀ), ਸੁਰੱਕਸ਼ਿਤ ਮਾਤ੍ਰਿਤਵਾ ਅਸ਼ਵਾਸਨ (ਐਸਯੂਐਮਏਐਨ), ਲੇਬਰ ਰੂਮ ਕੁਆਲਿਟੀ ਇਮਪ੍ਰੂਵਮੈਂਟ ਇਨੀਸ਼ੀਏਟਿਵ (ਐਲਏਕਿਊਐਸਐਚਵਾਈਏ), ਪ੍ਰਧਾਨ ਮੰਤਰੀ ਮਾਤ੍ਰਤੂ ਵੰਦਨਾ ਯੋਜਨਾ (ਪੀਐਮਐਮਵੀਵਾਈ), ਜਨਨੀ ਸ਼ਿਸ਼ੂ ਸੁਰੱਖਿਆ ਕਾਰਿਯਕ੍ਰਮ (ਜੇਐਸਐਸਕੇ), ਜਨਨੀ ਸ਼ੁਰੱਕਸ਼ਾ ਯੋਜਨਾ (ਜੇਐਸਵਾਈ) ਅਤੇ ਪ੍ਰਧਾਨ ਮੰਤਰੀ ਸੁਰੱਕਸ਼ਿਤ ਮਾਤ੍ਰਿਤਵਾ ਅਭਿਆਨ (ਪੀਐਮਐਸਐਮਏ) ਦੇ ਬਿਹਤਰ ਲਾਗੂਕਰਨ ਨਾਲ ਸੰਭਵ ਹੋਇਆ ਹੈ।

ਉਨ੍ਹਾਂ ਕਿਹਾ ਕਿ ਸਿਹਤ ਸੰਭਾਲ ਟੀਮਾਂ ਨਿਯਮਿਤ ਤੌਰ 'ਤੇ ਇਨ੍ਹਾਂ ਗਰਭਵਤੀ ਔਰਤਾਂ ਨਾਲ ਸੰਪਰਕ ਕਰਕੇ ਉਨ੍ਹਾਂ ਦੀ ਸਿਹਤ ਦਾ ਮੁਲਾਂਕਣ ਕਰਦੀਆਂ ਹਨ ਅਤੇ ਮਹੱਤਵਪੂਰਨ ਸਿਹਤ ਸੂਚਕਾਂ ਦੀ ਨਿਗਰਾਨੀ ਕਰਦੀਆਂ ਹਨ, ਤਾਂ ਜੋ ਉਨ੍ਹਾਂ ਨੂੰ ਸਮੇਂ ਸਿਰ ਲੋੜੀਂਦੀ ਡਾਕਟਰੀ ਸਹਾਇਤਾ ਮਿਲ ਸਕੇ।

ਕਾਨੂੰਨ ਤੋਂ ਉੱਪਰ ਕੋਈ ਨਹੀਂ, ਹਾਈਕੋਰਟ ਦੇ ਫ਼ੈਸਲੇ ਨੇ ਖਹਿਰਾ ਦਾ ਹੰਕਾਰ ਚੂਰ-ਚੂਰ ਕੀਤਾ: ਪੰਨੂ



ਚੰਡੀਗੜ੍ਹ, 21 ਮਈ (ਅੰਮ੍ਰਿਤਪਾਲ ਸਿੰਘ) : ਕਾਂਗਰਸ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੂੰ ਉਸ ਵੇਲੇ ਵੱਡੀ ਸਿਆਸੀ ਅਤੇ ਕਾਨੂੰਨੀ ਨਾਮੋਸ਼ੀ ਦਾ ਸਾਹਮਣਾ ਕਰਨਾ ਪਿਆ, ਜਦੋਂ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਗ੍ਰਾਮ ਪੰਚਾਇਤ ਦੀ ਜ਼ਮੀਨ 'ਤੇ ਕਬਜ਼ੇ ਦੇ ਮਾਮਲੇ ਵਿੱਚ ਉਨ੍ਹਾਂ ਦੀ ਪਟੀਸ਼ਨ ਨੂੰ ਖਾਰਜ ਕਰ ਦਿੱਤਾ ਅਤੇ ਉਨ੍ਹਾਂ 'ਤੇ 6 ਲੱਖ ਰੁਪਏ ਦਾ ਜੁਰਮਾਨਾ ਲਗਾ ਦਿੱਤਾ। ਕਾਨੂੰਨ ਦੀ ਸ਼ਲਾਘਾ ਕਰਦਿਆਂ ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੂਬਾ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਇਸ ਫੈਸਲੇ ਨੇ ਕਾਂਗਰਸ ਵਿਧਾਇਕ ਦੇ ਹੰਕਾਰ ਨੂੰ ਬੇਨਕਾਬ ਕਰ ਦਿੱਤਾ ਹੈ ਅਤੇ ਖੁਦ ਨੂੰ ਸਿਆਸੀ ਬਦਲਾਖੋਰੀ ਦਾ ਸ਼ਿਕਾਰ ਦਿਖਾਉਣ ਦੀਆਂ ਉਨ੍ਹਾਂ ਦੀਆਂ ਵਾਰ-ਵਾਰ ਕੀਤੀਆਂ ਕੋਸ਼ਿਸ਼ਾਂ ਦੀ ਹਵਾ ਕੱਢ ਦਿੱਤੀ ਹੈ।

ਅਦਾਲਤੀ ਕਾਰਵਾਈ ਅਤੇ ਅਧਿਕਾਰਤ ਰਿਕਾਰਡ ਦਾ ਹਵਾਲਾ ਦਿੰਦੇ ਹੋਏ ਬਲਤੇਜ ਪੰਨੂ ਨੇ ਕਿਹਾ ਕਿ ਇਹ ਮਾਮਲਾ ਗ੍ਰਾਮ ਪੰਚਾਇਤ ਰਾਮਗੜ੍ਹ ਦੀ ਜਨਤਕ ਗਲੀ / ਜਨਤਕ ਰਸਤੇ 'ਤੇ ਨਜਾਇਜ਼ ਕਬਜ਼ੇ ਨਾਲ ਸਬੰਧਤ ਸੀ। ਉਨ੍ਹਾਂ ਕਿਹਾ ਕਿ ਸਿਆਸੀ ਵਿਰੋਧੀਆਂ 'ਤੇ ਲਗਾਤਾਰ ਦੋਸ਼ ਲਗਾਉਣ ਵਾਲੇ ਕਾਂਗਰਸੀ ਆਗੂ ਹੁਣ ਖੁਦ 'ਪੰਚਾਇਤੀ ਜ਼ਮੀਨ 'ਤੇ ਬੈਠੇ ਲੈਂਡ ਮਾਫੀਆ' ਵਜੋਂ ਬੇਨਕਾਬ ਹੋ ਗਏ ਹਨ।

ਵੀਰਵਾਰ ਨੂੰ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ 'ਆਪ' ਪੰਜਾਬ ਦੇ ਸੂਬਾ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਸੁਖਪਾਲ ਸਿੰਘ ਖਹਿਰਾ ਨੇ ਗ੍ਰਾਮ ਪੰਚਾਇਤ ਰਾਮਗੜ੍ਹ ਦੀ ਜਨਤਕ ਗਲੀ / ਜਨਤਕ ਰਸਤੇ 'ਤੇ ਨਜਾਇਜ਼ ਕਬਜ਼ਾ ਕੀਤਾ ਹੋਇਆ ਸੀ ਅਤੇ ਪਿੰਡ ਵਾਸੀਆਂ ਲਈ ਰੁਕਾਵਟ ਖੜ੍ਹੀ ਕੀਤੀ ਹੋਈ ਸੀ। ਉਨ੍ਹਾਂ ਕਿਹਾ, 'ਹਾਈ ਕੋਰਟ ਦੇ ਰਿਕਾਰਡ ਵਿੱਚ ਸਪੱਸ਼ਟ ਤੌਰ 'ਤੇ ਜ਼ਿਕਰ ਹੈ ਕਿ ਸਥਾਨਕ ਨਿਵਾਸੀਆਂ ਤੋਂ ਸ਼ਿਕਾਇਤਾਂ ਮਿਲੀਆਂ ਸਨ, ਜਿਨ੍ਹਾਂ ਵਿੱਚ ਦੋਸ਼ ਲਗਾਇਆ ਗਿਆ ਸੀ ਕਿ ਸੁਖਪਾਲ ਸਿੰਘ ਖਹਿਰਾ ਅਤੇ ਕੁਲਬੀਰ ਸਿੰਘ ਖਹਿਰਾ ਵੱਲੋਂ ਜਨਤਕ ਗਲੀ ਵਿੱਚ ਗੈਰ-ਕਾਨੂੰਨੀ ਤੌਰ 'ਤੇ ਗੇਟ ਲਗਾਇਆ ਗਿਆ ਸੀ, ਜਿਸ ਨਾਲ ਪਿੰਡ ਵਾਸੀਆਂ ਦੀ ਸੁਤੰਤਰ ਆਵਾਜਾਈ ਵਿੱਚ ਰੁਕਾਵਟ ਪੈਦਾ ਹੋ ਰਹੀ ਸੀ।ਬਲਤੇਜ ਪੰਨੂ ਨੇ ਕਿਹਾ ਕਿ ਅਦਾਲਤ ਸਾਹਮਣੇ ਪੇਸ਼ ਕੀਤੇ ਗਏ ਅਧਿਕਾਰਤ ਰਿਕਾਰਡ, ਜਿਸ ਵਿੱਚ ਗ੍ਰਾਮ ਪੰਚਾਇਤ ਰਾਮਗੜ੍ਹ ਦੀ ਮੈਜ਼ਰਮੈਂਟ ਬੁੱਕ (ਐਮ.ਬੀ.), ਜੂਨੀਅਰ ਇੰਜੀਨੀਅਰ ਦੀਆਂ ਰਿਪੋਰਟਾਂ, ਸਵਾਮਿਤਵ ਰਿਕਾਰਡ ਅਤੇ ਸੈਟੇਲਾਈਟ ਤਸਵੀਰਾਂ ਸ਼ਾਮਲ ਹਨ, ਤੋਂ ਇਹ ਸਿੱਧ ਹੁੰਦਾ ਹੈ ਕਿ ਸਬੰਧਤ ਜ਼ਮੀਨ ਆਮ ਜਨਤਾ ਦੇ ਉਪਯੋਗ ਲਈ ਗ੍ਰਾਮ ਪੰਚਾਇਤ ਵੱਲੋਂ ਬਣਾਈ ਗਈ ਜਨਤਕ ਗਲੀ/ਜਨਤਕ ਰਸਤੇ ਦਾ ਹਿੱਸਾ ਸੀ। ਉਨ੍ਹਾਂ ਅੱਗੇ ਕਿਹਾ, 'ਅਦਾਲਤ ਨੇ ਇਸ ਤੱਥ ਦਾ ਵੀ ਨੋਟਿਸ ਲਿਆ ਕਿ ਗੇਟ ਲਗਾਉਣਾ 'ਜਨਤਕ ਰਸਤੇ 'ਤੇ ਗੈਰ-ਕਾਨੂੰਨੀ ਰੁਕਾਵਟ ਅਤੇ ਕਬਜ਼ਾ' ਦੇ ਬਰਾਬਰ ਸੀ, ਜੋ ਐਂਬੂਲੈਂਸ, ਫਾਇਰ ਬ੍ਰਿਗੇਡ ਅਤੇ ਪੁਲਿਸ ਵਾਹਨਾਂ ਵਰਗੀਆਂ ਐਮਰਜੈਂਸੀ ਸੇਵਾਵਾਂ ਨੂੰ ਰੋਕ ਸਕਦਾ ਸੀ।'ਬਲਤੇਜ ਪੰਨੂ ਨੇ ਦੱਸਿਆ ਕਿ ਜਦੋਂ ਸਰਕਾਰੀ ਅਧਿਕਾਰੀ ਅਤੇ ਪ੍ਰਸ਼ਾਸਨ ਦੀ ਟੀਮ ਨਜਾਇਜ਼ ਕਬਜ਼ਾ ਹਟਾਉਣ ਗਈ ਤਾਂ ਸੁਖਪਾਲ ਸਿੰਘ ਖਹਿਰਾ ਨੇ ਆਪਣੇ ਸਿਆਸੀ ਰਸੂਖ ਦੀ ਦੁਰਵਰਤੋਂ ਕਰਦਿਆਂ ਇਸ ਕਾਰਵਾਈ ਦਾ ਸਖ਼ਤ ਵਿਰੋਧ ਕੀਤਾ ਅਤੇ ਕਾਨੂੰਨੀ ਕਾਰਵਾਈ ਵਿੱਚ ਰੁਕਾਵਟਾਂ ਪੈਦਾ ਕੀਤੀਆਂ। ਉਨ੍ਹਾਂ ਕਿਹਾ, 'ਪਰ ਅੱਜ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਸੁਖਪਾਲ ਸਿੰਘ ਖਹਿਰਾ ਦੇ ਹੰਕਾਰ ਅਤੇ ਗੈਰ-ਕਾਨੂੰਨੀ ਵਤੀਰੇ ਦਾ ਕਰਾਰਾ ਜਵਾਬ ਦਿੱਤਾ ਹੈ।'

ਬਲਤੇਜ ਪੰਨੂ ਨੇ ਕਿਹਾ ਕਿ ਖੁਦ ਨੂੰ ਬੇਕਸੂਰ ਸਾਬਤ ਕਰਨ ਦੀ ਕੋਸ਼ਿਸ਼ ਵਿੱਚ ਸੁਖਪਾਲ ਸਿੰਘ ਖਹਿਰਾ ਨੇ ਹਾਈਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਸੀ। ਹਾਲਾਂਕਿ, ਅਦਾਲਤ ਨੇ ਉਨ੍ਹਾਂ ਦੀ ਪਟੀਸ਼ਨ ਨੂੰ ਪੂਰੀ ਤਰ੍ਹਾਂ ਖਾਰਜ ਕਰ ਦਿੱਤਾ ਅਤੇ ਉਨ੍ਹਾਂ 'ਤੇ 6 ਲੱਖ ਰੁਪਏ ਦਾ ਮਿਸਾਲੀ ਜੁਰਮਾਨਾ ਲਗਾਇਆ।

ਬਲਤੇਜ ਪੰਨੂ ਨੇ ਅੱਗੇ ਕਿਹਾ ਕਿ ਅਦਾਲਤ ਨੇ ਨਿਆਂਇਕ ਕਾਰਵਾਈ ਦੀ ਦੁਰਵਰਤੋਂ ਵਿਰੁੱਧ ਸਖ਼ਤ ਟਿੱਪਣੀਆਂ ਕੀਤੀਆਂ ਅਤੇ ਨੋਟ ਕੀਤਾ ਕਿ ਇਹ ਪਟੀਸ਼ਨ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਦੀ ਉਲੰਘਣਾ ਦਾ ਪ੍ਰਭਾਵ ਦੇਣ ਲਈ 'ਬਹੁਤ ਹੀ ਚਲਾਕੀ ਅਤੇ ਕਲਾਤਮਕ ਤਰੀਕੇ ਨਾਲ' ਤਿਆਰ ਕੀਤੀ ਗਈ ਸੀ, ਜਦੋਂ ਕਿ ਇਹ ਵਿਵਾਦ ਮੁੱਖ ਤੌਰ 'ਤੇ ਜਨਤਕ ਸੰਪਤੀ 'ਤੇ ਕਥਿਤ ਕਬਜ਼ੇ ਨਾਲ ਸਬੰਧਤ ਸੀ। ਉਨ੍ਹਾਂ ਕਿਹਾ, 'ਅਦਾਲਤ ਨੇ ਇਹ ਵੀ ਦੇਖਿਆ ਕਿ ਮਾਣਹਾਨੀ ਦੇ ਅਧਿਕਾਰ ਖੇਤਰ ਦੀ ਵਰਤੋਂ ਸਿਆਸੀ ਜਾਂ ਪ੍ਰਸ਼ਾਸਨਿਕ ਵਿਵਾਦਾਂ ਨੂੰ ਸੁਲਝਾਉਣ ਲਈ ਇੱਕ ਹਥਿਆਰ ਵਜੋਂ ਨਹੀਂ ਕੀਤੀ ਜਾ ਸਕਦੀ।'

ਸਖ਼ਤ ਰੁਖ਼ ਅਖਤਿਆਰ ਕਰਦਿਆਂ ਅਦਾਲਤ ਨੇ ਹੁਕਮ ਦਿੱਤਾ ਕਿ ਜੁਰਮਾਨੇ ਦੀ ਰਕਮ ਉਨ੍ਹਾਂ ਜਵਾਬਦੇਹਾਂ ਵਿੱਚ ਬਰਾਬਰ ਵੰਡੀ ਜਾਵੇ ਜਿਨ੍ਹਾਂ ਖ਼ਿਲਾਫ਼ ਸੁਖਪਾਲ ਸਿੰਘ ਖਹਿਰਾ ਨੇ ਕਾਰਵਾਈ ਸ਼ੁਰੂ ਕੀਤੀ ਸੀ। ਅਦਾਲਤ ਨੇ ਇਹ ਵੀ ਸਪੱਸ਼ਟ ਕੀਤਾ ਕਿ ਜੇਕਰ ਉਹ ਰਕਮ ਅਦਾ ਕਰਨ ਵਿੱਚ ਅਸਫਲ ਰਹਿੰਦੇ ਹਨ, ਤਾਂ ਇਸਦੀ ਵਸੂਲੀ ਜ਼ਮੀਨੀ ਮਾਲੀਏ ਦੇ ਬਕਾਏ ਵਜੋਂ ਕੀਤੀ ਜਾਵੇਗੀ।ਬਲਤੇਜ ਪੰਨੂ ਨੇ ਕਿਹਾ ਕਿ ਸੁਖਪਾਲ ਸਿੰਘ ਖਹਿਰਾ ਦੀ ਆਦਤ ਬਿਨਾਂ ਤੱਥਾਂ ਦੇ ਸਿਆਸੀ ਵਿਰੋਧੀਆਂ 'ਤੇ ਚਿੱਕੜ ਉਛਾਲਣ ਅਤੇ ਸੋਸ਼ਲ ਮੀਡੀਆ 'ਤੇ ਝੂਠੀਆਂ ਟਿੱਪਣੀਆਂ ਰਾਹੀਂ ਲੋਕਾਂ ਨੂੰ ਗੁੰਮਰਾਹ ਕਰਨ ਦੀ ਹੈ। ਬਲਤੇਜ ਪੰਨੂ ਨੇ ਕਿਹਾ, 'ਹਾਈਕੋਰਟ ਦੇ ਅੱਜ ਦੇ ਫੈਸਲੇ ਨੇ ਸਾਬਤ ਕਰ ਦਿੱਤਾ ਹੈ ਕਿ ਸੁਖਪਾਲ ਸਿੰਘ ਖਹਿਰਾ ਖੁਦ ਸਰਕਾਰੀ ਜ਼ਮੀਨ 'ਤੇ ਲੈਂਡ ਮਾਫੀਆ ਵਾਂਗ ਬੈਠੇ ਸਨ ਅਤੇ ਦੂਜਿਆਂ 'ਤੇ ਉਂਗਲਾਂ ਉਠਾ ਰਹੇ ਸਨ। ਅਦਾਲਤ ਦੇ ਫੈਸਲੇ ਨੇ ਉਨ੍ਹਾਂ ਦੇ ਝੂਠ ਦੇ ਪੁਲੰਦੇ ਨੂੰ ਪੂਰੀ ਤਰ੍ਹਾਂ ਬ

ਸਰਕਾਰ ਨਾਲ ਗੱਲਬਾਤ ਤੋਂ ਬਾਅਦ ਸਫ਼ਾਈ ਕਰਮਚਾਰੀਆਂ ਨੇ ਵਾਪਸ ਲਈ ਹੜਤਾਲ : ਚੀਮਾ

ਚੰਡੀਗੜ੍ਹ/ਲੁਧਿਆਣਾ, 21 ਮਈ (ਅੰਮ੍ਰਿਤਪਾਲ ਸਿੰਘ/ਵਿਸ਼ਾਲ ਸ਼ਰਮਾ): ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਭਰ ਦੀਆਂ ਵੱਖ-ਵੱਖ ਸ਼ਹਿਰੀ ਸਥਾਨਕ ਇਕਾਈਆਂ, ਨਗਰ ਕੌਂਸਲਾਂ, ਨਗਰ ਕਮੇਟੀਆਂ ਤੇ ਨਗਰ ਪੰਚਾਇਤਾਂ ਦੇ ਸਫਾਈ ਕਰਮਚਾਰੀਆਂ ਨੇ ਪੰਜਾਬ ਸਰਕਾਰ ਨਾਲ ਸਫਲ ਗੱਲਬਾਤ ਤੋਂ ਬਾਅਦ ਆਪਣੀ ਚੱਲ ਰਹੀ ਹੜਤਾਲ ਵਾਪਸ ਲੈਣ ਦਾ ਫੈਸਲਾ ਕੀਤਾ ਹੈ। ਵੀਰਵਾਰ ਨੂੰ ਸਫਾਈ ਕਰਮਚਾਰੀਆਂ ਦੀਆਂ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਤੋਂ ਬਾਅਦ ਮੀਡੀਆ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਕਰਮਚਾਰੀਆਂ ਦੀ 35 ਮੈਂਬਰੀ ਕਮੇਟੀ ਦੇ ਪੰਜ ਮੈਂਬਰੀ ਵਫ਼ਦ ਨੇ ਕੈਬਨਿਟ ਮੰਤਰੀ ਹਰਜੋਤ ਬੈਂਸ, ਸਰਕਾਰ ਦੇ ਸੀਨੀਅਰ ਅਧਿਕਾਰੀਆਂ ਅਤੇ ਮੇਰੇ ਨਾਲ ਕਰਮਚਾਰੀਆਂ ਦੀਆਂ ਮੰਗਾਂ ਸਬੰਧੀ ਵਿਸਥਾਰਪੂਰਵਕ ਚਰਚਾ ਕੀਤੀ। ਉਨ੍ਹਾਂ ਸਾਂਝਾ ਕੀਤਾ ਕਿ ਗੱਲਬਾਤ ਦੌਰਾਨ ਕਈ ਮੰਗਾਂ ਦਾ ਹੱਲ ਕਰ ਲਿਆ ਗਿਆ, ਜਦੋਂ ਕਿ ਕਾਨੂੰਨੀ ਅਤੇ ਚੋਣ ਜ਼ਾਬਤੇ ਨਾਲ ਸਬੰਧਤ ਕੁਝ ਮੁੱਦਿਆਂ 'ਤੇ ਅਗਲੇਰੀ ਪ੍ਰਕਿਰਿਆਤਮਕ ਵਿਚਾਰ ਵਟਾਂਦਰੇ ਦੀ ਲੋੜ ਹੈ। ਸਰਕਾਰ ਅਤੇ ਯੂਨੀਅਨ ਦੇ ਨੁਮਾਇੰਦਿਆਂ ਨੇ ਆਪਸੀ ਸਹਿਮਤੀ ਨਾਲ ਇੱਕ ਕਮੇਟੀ ਬਣਾਉਣ ਦਾ ਫੈਸਲਾ ਕੀਤਾ ਹੈ ਜੋ ਸਾਰੀਆਂ ਲੰਬਿਤ ਮੰਗਾਂ ਦੀ ਜਾਂਚ ਕਰੇਗੀ ਤੇ ਇੱਕ ਸਥਾਈ ਤੇ ਵਿਵਹਾਰਕ ਹੱਲ ਲਈ ਕੰਮ ਕਰੇਗੀ। ਮੰਤਰੀ ਨੇ ਕਿਹਾ ਕਿ ਸਰਕਾਰ ਨੇ ਬਾਕੀ ਰਹਿੰਦੇ ਮੁੱਦਿਆਂ 'ਤੇ ਹਮਦਰਦੀ ਨਾਲ ਵਿਚਾਰ ਕਰਨ ਅਤੇ ਉਨ੍ਹਾਂ ਨੂੰ ਹੱਲ ਕਰਨ ਲਈ ਇੱਕ ਮਹੀਨੇ ਦੀ ਸਮਾਂ-ਸੀਮਾ ਤੈਅ ਕੀਤੀ ਹੈ। ਪਿਛਲੇ ਦੋ-ਤਿੰਨ ਦਿਨਾਂ ਦੌਰਾਨ ਹੋਈ ਵਿਸਤ੍ਰਿਤ ਚਰਚਾ



ਤੋਂ ਬਾਅਦ, ਸਾਰੀਆਂ ਯੂਨੀਅਨਾਂ ਸਰਕਾਰ ਨੂੰ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਗੰਭੀਰ ਅਤੇ ਯੋਜਨਾਬੱਧ ਤਰੀਕੇ ਨਾਲ ਹੱਲ ਕਰਨ ਲਈ ਸਮਾਂ ਦੇਣ 'ਤੇ ਸਹਿਮਤ ਹੋ ਗਈਆਂ ਹਨ। ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਵੱਲੋਂ ਮੁੱਖ ਮੰਤਰੀ ਮਾਨ ਨੂੰ ਆਈਐਸਆਈ ਏਜੰਟ ਕਹਿਣ ਬਾਰੇ ਮੀਡੀਆ ਦੇ ਸਵਾਲਾਂ ਦਾ ਜਵਾਬ ਦਿੰਦਿਆਂ ਹਰਪਾਲ ਸਿੰਘ ਚੀਮਾ ਨੇ ਇਸ ਬਿਆਨ ਦੀ ਸਖ਼ਤ ਨਿਖੇਧੀ ਕੀਤੀ ਅਤੇ ਇਸ ਨੂੰ ਪੰਜਾਬ ਦੇ ਲੋਕਾਂ ਅਤੇ ਉਨ੍ਹਾਂ ਦੇ ਜਨਾਦੇਸ਼ ਦਾ ਅਪਮਾਨ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਨਾ ਸਿਰਫ਼ ਮੁੱਖ ਮੰਤਰੀ ਦਾ ਸਗੋਂ ਸਮੁੱਚੇ 3 ਕਰੋੜ ਪੰਜਾਬੀਆਂ ਦਾ ਅਪਮਾਨ ਹੈ। ਭਾਜਪਾ ਨੇ ਹਮੇਸ਼ਾ ਹੀ ਪੰਜਾਬ ਵਿਰੋਧੀ ਮਾਨਸਿਕਤਾ ਦਾ ਪ੍ਰਦਰਸ਼ਨ ਕੀਤਾ ਹੈ। ਉਨ੍ਹਾਂ ਸਵਾਲ ਚੁੱਕਿਆ ਕਿ ਪਿਛਲੀ ਕਾਂਗਰਸ ਸਰਕਾਰ ਦੌਰਾਨ ਜਦੋਂ ਤਤਕਾਲੀ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰੀ ਰਿਹਾਇਸ਼ 'ਤੇ ਅਰੂਸਾ ਆਲਮ ਦੀ ਮੌਜੂਦਗੀ ਨੂੰ ਲੈ ਕੇ ਵਾਰ-ਵਾਰ ਦੋਸ਼ ਲੱਗ ਰਹੇ ਸਨ, ਉਦੋਂ ਭਾਜਪਾ ਆਗੂ ਚੁੱਪ ਕਿਉਂ ਰਹੇ ? ਹਰਪਾਲ ਸਿੰਘ ਚੀਮਾ ਨੇ ਪੁੱਛਿਆ ਕਿ ਜੇਕਰ ਰਵਨੀਤ ਸਿੰਘ ਬਿੱਟੂ ਤੇ ਸੁਨੀਲ ਜਾਖੜ ਵਰਗੇ ਆਗੂਆਂ ਨੂੰ ਰਾਸ਼ਟਰੀ ਸੁਰੱਖਿਆ ਦੀ ਸੱਚਮੁੱਚ ਚਿੰਤਾ ਸੀ ਤਾਂ ਉਨ੍ਹਾਂ ਨੇ ਉਸ ਸਮੇਂ ਸਵਾਲ ਕਿਉਂ ਨਹੀਂ ਉਠਾਏ।

ਉਨ੍ਹਾਂ ਕਿਹਾ ਕਿ ਭਾਜਪਾ ਆਗੂ ਹੁਣ ਸਿਆਸੀ ਲਾਹੇ ਲਈ ਬੇਬੁਨਿਆਦ ਦੋਸ਼ ਲਗਾ ਰਹੇ ਹਨ। 'ਕਾਕਰੋਚ ਜਨਤਾ ਪਾਰਟੀ' ਬਾਰੇ ਮੀਡੀਆ ਦੇ ਇੱਕ ਹੋਰ ਸਵਾਲ ਦਾ ਜਵਾਬ ਦਿੰਦਿਆਂ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਭਾਰਤ ਦਾ ਲੋਕਤੰਤਰ ਅਤੇ ਸੰਵਿਧਾਨ ਹਰ ਨਾਗਰਿਕ ਨੂੰ ਸਿਆਸੀ ਪਾਰਟੀ ਬਣਾਉਣ ਤੇ ਆਪਣੇ ਵਿਚਾਰ ਖੁੱਲ੍ਹ ਕੇ ਪ੍ਰਗਟ ਕਰਨ ਦਾ ਅਧਿਕਾਰ ਦਿੰਦਾ ਹੈ। ਜੇਕਰ ਨੌਜਵਾਨ, ਵਿਦਿਆਰਥੀ ਜਾਂ ਸਮਾਜਿਕ ਸਮੂਹ ਸਮਾਜ ਨਾਲ ਜੁੜੇ ਮੁੱਦੇ ਉਠਾ ਰਹੇ ਹਨ, ਤਾਂ ਉਨ੍ਹਾਂ ਨੂੰ ਨਿਸ਼ਾਨਾ ਨਹੀਂ ਬਣਾਇਆ ਜਾਣਾ ਚਾਹੀਦਾ ਜਾਂ ਉਨ੍ਹਾਂ ਦਾ ਮਜ਼ਾਕ ਨਹੀਂ ਉਡਾਇਆ ਜਾਣਾ ਚਾਹੀਦਾ। ਹਰ ਵਿਅਕਤੀ ਨੂੰ ਆਪਣੇ ਵਿਚਾਰ ਪ੍ਰਗਟ ਕਰਨ ਤੇ ਲੋਕਤੰਤਰੀ ਰਾਜਨੀਤੀ ਵਿੱਚ ਹਿੱਸਾ ਲੈਣ ਦਾ ਸੰਵਿਧਾਨਕ ਅਧਿਕਾਰ ਹੈ। ਆਵਾਜ਼ਾਂ ਨੂੰ ਦਬਾਉਣਾ ਅਤੇ ਲੋਕਾਂ 'ਤੇ ਗਲਤ ਤਰੀਕੇ ਨਾਲ ਲੇਬਲ ਲਗਾਉਣਾ ਲੋਕਤੰਤਰੀ ਕਦਰਾਂ-ਕੀਮਤਾਂ ਦੇ ਖਿਲਾਫ ਹੈ। ਹਰਪਾਲ ਸਿੰਘ ਚੀਮਾ ਨੇ ਅੱਗੇ ਕਿਹਾ ਕਿ ਭਾਜਪਾ ਸਰਕਾਰ ਦੇ ਰਾਜ ਵਿੱਚ ਦੇਸ਼ ਵਿੱਚ ਅਸਹਿਮਤੀ ਦੀਆਂ ਆਵਾਜ਼ਾਂ ਨੂੰ ਖਾਮੋਸ਼ ਕਰਨ ਤੇ ਲੋਕਤੰਤਰਿਕ ਪ੍ਰਗਟਾਵੇ ਨੂੰ ਸੀਮਤ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।

'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ 62 ਸਾਲਾ ਮਰੀਜ਼ ਨੂੰ ਮਿਲਿਆ ਜੀਵਨਰੱਖਿਅਕ ਇਲਾਜ

ਚੰਡੀਗੜ੍ਹ; 21 ਮਈ (ਚ.ਨ.ਸ.): ਜ਼ਿੰਦਗੀ ਵਿੱਚ ਕੁਝ ਪਲ ਅਜਿਹੇ ਆਉਂਦੇ ਹਨ ਜਦੋਂ ਸਮਾਂ ਸਿਰਫ਼ ਹੌਲੀ ਨਹੀਂ ਚਲਦਾ ਬਲਕਿ ਠਹਿਰ ਹੀ ਜਾਂਦਾ ਹੈ। 62 ਸਾਲਾ ਭੂਰ ਕੌਰ ਦੇ ਜੀਵਨ ਵਿੱਚ ਵੀ ਅਜਿਹਾ ਹੀ ਇੱਕ ਪਲ ਆਇਆ ਤੇ ਉਹ ਵੀ ਬਿਨਾਂ ਕਿਸੇ ਚੇਤਾਵਨੀ ਤੋਂ। ਪਿਛਲੇ 15-16 ਸਾਲਾਂ ਤੋਂ ਉਹ ਡਾਇਬਟੀਜ਼ ਅਤੇ ਹਾਈਪਰਟੈਂਸ਼ਨ ਨਾਲ ਜੂਝ ਰਹੀ ਸੀ। ਇਹ ਬੀਮਾਰੀ ਭੂਰ ਕੌਰ ਦੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣ ਚੁੱਕੀ ਸੀ। ਦਵਾਈਆਂ, ਜਾਂਚ, ਸਾਵਧਾਨੀਆਂ-ਉਸ ਲਈ ਆਮ ਜਿਹਾ ਰੁਟੀਨ ਹੋ ਗਿਆ ਸੀ। ਪਰ ਇੱਕ ਦਿਨ ਅਚਾਨਕ ਉਸ ਦਾ ਸ਼ਰੀਰ ਕੰਮ ਕਰਨਾ ਬੰਦ ਕਰ ਗਿਆ। ਬਲੱਡ ਸ਼ੂਗਰ ਅਚਾਨਕ 550 ਐਮਜੀ/ਡੀਐਲ ਤੱਕ ਪਹੁੰਚ ਗਿਆ। ਕੁਝ ਹੀ ਪਲਾਂ ਵਿੱਚ ਉਹ ਡਿੱਗ ਪਈ ਤੇ ਬੇਹੋਸ਼ ਹੋ ਗਈ। ਉਹ ਜੀਵਨ ਲਈ ਸੰਘਰਸ਼ ਕਰ ਰਹੀ ਸੀ। ਉਸ ਦੇ ਪਰਿਵਾਰ ਕੋਲ ਸੋਚਣ ਦਾ ਸਮਾਂ ਨਹੀਂ ਸੀ। ਸਿਰਫ਼ ਫੈਰੀ ਕਦਮ ਚੁੱਕਣਾ ਹੀ ਲਾਜ਼ਮੀ ਬਣ ਗਿਆ ਸੀ। ਉਸ ਦੀ ਨੂੰਹ ਪਰਮਜੀਤ ਕਹਿੰਦੀ ਹੈ, "ਅਸੀਂ ਭੱਜ-ਨੱਸ ਰਹੇ ਸੀ ਅਤੇ ਅਰਦਾਸਾਂ ਕਰ ਰਹੇ ਸੀ। ਸੋਚਣ ਦੀ ਹਾਲਤ ਨਹੀਂ ਸੀ, ਸਿਰਫ਼ ਘਬਰਾਹਟ ਸੀ।" ਉਹਨਾਂ ਦਾ ਪੁੱਤਰ ਹਰਪਾਲ, ਜੋ ਗੁਰਦੁਆਰੇ ਵਿੱਚ ਪਾਠੀ ਹੈ ਅਤੇ ਪੂਰੀ ਸ਼ਰਧਾ ਨਾਲ ਸੇਵਾ ਕਰਦਾ ਹੈ, ਲਈ ਉਹ ਪਲ ਕਿਸੇ ਬੁਰੇ ਸੁਪਨੇ ਵਰਗਾ ਸੀ; ਜਿਵੇਂ ਉਸਦੀ ਆਸਥਾ ਹੀ ਸਭ ਤੋਂ ਵੱਡੇ ਇਮਤਿਹਾਨ ਵਿੱਚੋਂ ਲੰਘ ਰਹੀ ਹੋਵੇ।

ਕੁਝ ਸਕਿੰਟਾਂ 'ਤੇ ਟਿਕੀ ਸੀ ਜ਼ਿੰਦਗੀ: ਸੰਗਰੂਰ ਦੇ ਸੁਨਾਮ ਸਥਿਤ "ਕਸ਼ਮੀਰੀ ਹਾਰਟ ਕੇਅਰ ਸੈਂਟਰ" ਵਿੱਚ ਜਦੋਂ ਭੂਰ ਕੌਰ ਨੂੰ ਲਿਆਂਦਾ ਗਿਆ, ਉਹਨਾਂ ਦੀ ਹਾਲਤ ਬਹੁਤ ਗੰਭੀਰ ਸੀ। ਕਲੀਨਿਕਲ ਕਾਰਡੀਓਲੋਜਿਸਟ ਤੇ ਮੈਨੇਜਿੰਗ ਡਾਇਰੈਕਟਰ ਡਾ. ਅੰਸ਼ੁਮਨ ਫੁੱਲ ਉਸ ਸਥਿਤੀ ਨੂੰ ਅੱਜ ਵੀ ਸਪੱਸ਼ਟ ਤੌਰ 'ਤੇ ਯਾਦ ਕਰਦੇ ਹੋਏ ਦੱਸਦੇ ਹਨ, "ਭੂਰ ਕੌਰ ਨੂੰ ਡਾਇਬਿਟਿਕ ਕੀਟੋਐਸਿਡੋਸਿਸ, ਗੰਭੀਰ ਇਨਫੈਕਸ਼ਨ ਤੇ ਐਕਿਊਟ ਰੈਸਪਿਰੇਟਰੀ ਫੇਲਿਅਰ ਦੇ ਨਾਲ ਬਹੁਤ ਹੀ ਨਾਜ਼ੁਕ ਹਾਲਤ ਵਿੱਚ ਹਸਪਤਾਲ ਲਿਆਂਦਾ ਗਿਆ ਸੀ। ਉਹਨਾਂ ਦਾ ਆਕਸੀਜਨ ਲੈਵਲ ਲਗਾਤਾਰ ਘਟ ਰਿਹਾ ਸੀ, ਦਿਲ ਦੀ ਹਾਲਤ ਅਸਥਿਰ ਸੀ ਤੇ ਸ਼ਰੀਰ ਖ਼ਤਰਨਾਕ ਮੈਟਾਬੋਲਿਕ ਅਸੰਤੁਲਨ ਵਿੱਚ ਚਲਾ ਗਿਆ ਸੀ।"

550 ਐਮਜੀ/ਡੀਐਲ ਤੱਕ ਪਹੁੰਚੇ ਬਲੱਡ ਸ਼ੂਗਰ ਨੇ ਭੂਰ ਕੌਰ ਦੇ ਸ਼ਰੀਰ ਨੂੰ ਜਾਨਲੇਵਾ ਸਥਿਤੀ ਵੱਲ ਧੱਕ ਦਿੱਤਾ ਸੀ। ਸ਼ਰੀਰ ਵਿੱਚ ਪਾਣੀ ਦੀ ਕਮੀ, ਇਲੈਕਟ੍ਰੋਲਾਈਟ ਅਸੰਤੁਲਨ ਤੇ ਅੰਗਾਂ 'ਤੇ ਗੰਭੀਰ ਦਬਾਅ ਬਣ ਚੁੱਕਾ ਸੀ। ਇਸ ਤੋਂ ਬਾਅਦ ਇੱਕ ਖ਼ਾਮੋਸ਼ ਪਰ ਖ਼ਤਰਨਾਕ ਸਥਿਤੀ ਉੱਭਰੀ "ਸੈਪਸਿਸ", ਜਿਸ ਵਿੱਚ ਇਨਫੈਕਸ਼ਨ ਸ਼ਰੀਰ 'ਤੇ ਹੀ ਹਮਲਾ ਕਰਨ ਲੱਗਦਾ ਹੈ। ਡਾ. ਅੰਸ਼ੁਮਨ ਫੁੱਲ ਨੇ ਕਿਹਾ, "ਅਜਿਹੇ ਮਾਮਲਿਆਂ ਵਿੱਚ ਹਰ ਪਲ ਮਹੱਤਵਪੂਰਨ ਹੁੰਦਾ ਹੈ। ਕਈ ਵਾਰ ਕੁਝ ਮਿੰਟ ਹੀ ਇਹ ਤੈਅ ਕਰਦੇ ਹਨ ਕਿ ਮਰੀਜ਼ ਬਚੇਗਾ ਜਾਂ ਨਹੀਂ।"

ਆਈ.ਸੀ.ਯੂ. ਵਿੱਚ ਜ਼ਿੰਦਗੀ ਨਾਲ ਜੰਗ : ਆਈ.ਸੀ.ਯੂ. ਉਹ ਥਾਂ ਬਣ ਗਿਆ ਸੀ ਜਿੱਥੇ ਹਰ ਸੈਕਿੰਟ ਮਹੱਤਵ ਰੱਖਦਾ ਸੀ। ਆਕਸੀਜਨ ਸਪੋਰਟ, ਆਈਵੀ ਇੰਸੁਲਿਨ, ਐਂਟੀਬਾਇਓਟਿਕਸ, ਫਲੂਇਡਸ, ਇਲੈਕਟ੍ਰੋਲਾਈਟ ਸੁਧਾਰ ਅਤੇ ਲਗਾਤਾਰ ਮਾਨੀਟਰਿੰਗ। ਕਿਸੇ ਵੀ ਚੀਜ਼ ਵਿੱਚ ਦੇਰੀ ਦੀ ਗੁੰਜਾਇਸ਼ ਨਹੀਂ ਸੀ। ਡਾ. ਫੁੱਲ ਨੇ ਕਿਹਾ, "ਸ਼ੁਰੂਆਤੀ ਘੰਟਿਆਂ ਵਿੱਚ ਸਾਡਾ ਪੂਰਾ ਧਿਆਨ ਸਿਰਫ਼ ਉਹਨਾਂ ਦੀ ਜਾਨ ਬਚਾਉਣ 'ਤੇ ਸੀ। ਸਾਨੂੰ ਉਨ੍ਹਾਂ ਦੇ ਸਾਹ ਲੈਣ ਵਿੱਚ ਦਿੱਕਤ, ਇਨਫੈਕਸ਼ਨ ਅਤੇ ਮੈਟਾਬੋਲਿਕ ਅਸੰਤੁਲਨ ਦਾ ਇਕੋ ਸਮੇਂ ਇਲਾਜ ਕਰਨਾ ਪੈ ਰਿਹਾ ਸੀ।" ਆਈਸੀਯੂ ਦੇ ਬਾਹਰ ਪਰਿਵਾਰ ਬੜੀ ਫਿਕਰਮੰਦੀ ਤੇ ਖਾਮੋਸ਼ੀ ਨਾਲ ਉਡੀਕ ਕਰ ਰਿਹਾ ਸੀ। ਅਰਦਾਸ, ਆਸ ਅਤੇ ਵਿਸ਼ਵਾਸ ਹੀ ਉਹਨਾਂ ਦਾ ਸਹਾਰਾ ਸੀ। ਫਿਰ ਹੌਲੀ-ਹੌਲੀ ਜ਼ਿੰਦਗੀ ਜਿਵੇਂ ਵਾਪਸ ਪਰਤੀ। ਤੀਜੇ ਦਿਨ ਸੁਧਾਰ ਦੇ ਪਹਿਲੇ ਸੰਕੇਤ ਨਜ਼ਰ ਆਉਣ ਲੱਗੇ। ਆਕਸੀਜ਼ਨ ਲੈਵਲ ਬਿਹਤਰ ਹੋਣ ਲੱਗਾ। ਇਨਫੈਕਸ਼ਨ ਘਟਣ ਲੱਗੀ। ਸ਼ਰੀਰ 'ਤੇ ਇਲਾਜ ਦਾ ਅਸਰ ਹੋਣ ਲੱਗਾ ਤੇ ਫਿਰ ਸਭ ਤੋਂ ਵੱਡੀ ਰਾਹਤ ਮਿਲੀ-ਭੂਰ ਕੌਰ ਨੂੰ ਹੋਸ਼ ਆ ਗਿਆ। ਡਾ. ਫੁੱਲ ਨੇ ਕਿਹਾ, "ਇਹ ਵਾਕਈ ਪਹਿਲਾ ਰਾਹਤ ਦਾ ਪਲ ਸੀ। ਸਾਨੂੰ ਪਤਾ ਲੱਗ ਗਿਆ ਸੀ ਕਿ ਉਹ ਮੌਤ ਦੇ ਮੂੰਹ ਤੋਂ ਵਾਪਸ ਆ ਰਹੀ ਹੈ।" ਜੋ ਮਰੀਜ਼ ਮੌਤ ਦੇ ਕੰਢੇ 'ਤੇ ਸੀ, ਉਹ ਹੌਲੀ-ਹੌਲੀ ਜੀਵਨ ਵੱਲ ਵਾਪਸ ਆ ਰਿਹਾ ਸੀ।

"ਮੁੱਖ ਮੰਤਰੀ ਸਿਹਤ ਯੋਜਨਾ" ਨੇ ਪੂਰੀ ਸਥਿਤੀ ਹੀ ਬਦਲ ਦਿੱਤੀ : ਇਸ ਪੂਰੇ ਮੈਡੀਕਲ ਐਮਰਜੈਂਸੀ ਦੌਰਾਨ "ਮੁੱਖ ਮੰਤਰੀ ਸਿਹਤ ਯੋਜਨਾ" ਨੇ ਬਹੁਤ ਮਹੱਤਵਪੂਰਨ ਭੂਮਿਕਾ ਨਿਭਾਈ। ਡਾਕਟਰਾਂ ਮੁਤਾਬਿਕ ਇਸ ਯੋਜਨਾ ਨੇ ਸਭ ਤੋਂ ਵੱਡੀ ਗੱਲ ਇਹ ਯਕੀਨੀ ਬਣਾਈ ਕਿ ਇਲਾਜ ਵਿੱਚ ਕੋਈ ਦੇਰੀ ਨਾ ਹੋਵੇ। ਡਾ. ਅੰਸ਼ੁਮਨ ਫੁੱਲ ਨੇ ਕਿਹਾ, "ਅਜਿਹੀਆਂ ਐਮਰਜੈਂਸੀ ਸਥਿਤੀਆਂ ਵਿੱਚ ਦੇਰੀ ਕਿਸੇ ਦੀ ਜਾਨ ਲੈ ਸਕਦੀ ਹੈ। ਪਰ ਮਰੀਜ਼ ਯੋਜਨਾ ਅਧੀਨ ਕਵਰ ਸੀ, ਇਸ ਲਈ ਆਈਸੀਯੂ ਅਤੇ ਐਮਰਜੈਂਸੀ ਇਲਾਜ ਤੁਰੰਤ ਸ਼ੁਰੂ ਹੋ ਗਿਆ।" ਨਾ ਕੋਈ ਆਰਥਿਕ ਹਿਚਕਚਾਹਟ। ਨਾ ਕੋਈ ਉਡੀਕ। ਸਿਰਫ਼ ਤੁਰੰਤ ਇਲਾਜ। ਗੰਭੀਰ ਮਾਮਲਿਆਂ ਵਿੱਚ ਇਹ ਤੇਜ਼ੀ ਕਈ ਵਾਰ ਜੀਵਨ ਅਤੇ ਮੌਤ ਦੇ ਵਿਚਕਾਰ ਫਰਕ ਬਣ ਜਾਂਦੀ ਹੈ।

"ਮੈਨੂੰ ਦੂਜੀ ਜ਼ਿੰਦਗੀ ਮਿਲੀ" : ਹੁਣ ਹੌਲੀ-ਹੌਲੀ ਸਿਹਤਯਾਬ ਹੋ ਰਹੀ ਭੂਰ ਕੌਰ ਧੀਮੀ ਆਵਾਜ਼ 'ਚ ਆਪਣੀ ਗੱਲ ਦੱਸਦੀ ਹੈ, ਜੋ ਅਜੇ ਵੀ ਉਸ ਮੁਸ਼ਕਲ ਦੌਰ ਦੀ ਥਕਾਵਟ ਨਾਲ ਜੂਝ ਰਹੀ ਹੈ, ਪਰ ਅੰਦਰੋਂ ਬਹੁਤ ਧੰਨਵਾਦੀ ਹੈ। ਉਸ ਨੇ ਕਿਹਾ, "ਮੈਨੂੰ ਸਾਰਾ ਕੁੱਝ ਯਾਦ ਨਹੀਂ, ਪਰ ਇਹ ਪਤਾ ਹੈ ਕਿ ਮੇਰੀ ਹਾਲਤ ਬਹੁਤ ਗੰਭੀਰ ਸੀ। ਮੈਂ ਡਾਕਟਰਾਂ ਅਤੇ ਸਰਕਾਰ ਦੀ ਸ਼ੁਕਰਗੁਜ਼ਾਰ ਹਾਂ। ਸਿਹਤ ਕਾਰਡ ਦੀ ਵਜ੍ਹਾ ਨਾਲ ਅੱਜ ਮੈਂ ਜ਼ਿੰਦਾ ਹਾਂ।" ਸ਼ਬਦ ਸਧਾਰਣ ਸਨ, ਪਰ ਭਾਵ ਬਹੁਤ ਡੂੰਘਾ ਸੀ।



ਸਮੇਂ ਸਿਰ ਮੌਤ ਦੇ ਮੂੰਹ ਤੋਂ ਵਾਪਸ ਆਈ ਇੱਕ ਜ਼ਿੰਦਗੀ : ਇੱਕ ਪਰਿਵਾਰ ਜਿਸ ਨੇ ਆਸ ਨਹੀਂ ਛੱਡੀ ਤੇ ਇੱਕ ਵਿਵਸਥਾ ਜਿਸ ਨੇ ਸਮੇਂ 'ਤੇ ਸਹਾਰਾ ਦਿੱਤਾ। ਹਰਪਾਲ ਤੇ ਪਰਮਜੀਤ ਲਈ ਇਹ ਤਜ਼ਰਬਾ ਨਾ "ਭੁੱਲਣਯੋਗ ਹੈ। ਹਰਪਾਲ ਨੇ ਕਿਹਾ, "ਇੱਕ ਪਲ ਪਹਿਲਾਂ ਉਹ ਸਾਡੇ ਨਾਲ ਸਨ ਤੇ ਅਗਲੇ ਹੀ ਪਲ ਬੇਹੋਸ਼ ਹੋ ਗਏ। ਅਸੀਂ ਹਮੇਸ਼ਾ ਧੰਨਵਾਦੀ ਰਹਾਂਗੇ ਕਿ ਉਹਨਾਂ ਨੂੰ ਸਮੇਂ ਸਿਰ ਇਲਾਜ ਮਿਲ ਗਿਆ।"ਪਰਮਜੀਤ ਨੇ ਕਿਹਾ, 'ਸਾਡੇ ਕੋਲ ਵਿਸ਼ਵਾਸ ਸੀ, ਪਰ ਸਾਨੂੰ ਸਹਾਰੇ ਦੀ ਵੀ ਲੋੜ ਸੀ। ਸਾਨੂੰ ਦੋਵੇਂ ਮਿਲੇ।"

ਸਧਾਰਣ ਰਿਕਵਰੀ ਤੋਂ ਕਿਤੇ ਵੱਧ: ਭੂਰ ਕੌਰ ਦੀ ਕਹਾਣੀ ਸਿਰਫ਼ ਇੱਕ ਮੈਡੀਕਲ ਐਮਰਜੈਂਸੀ ਦੀ ਕਹਾਣੀ ਨਹੀਂ ਹੈ। ਇਹ ਇਸ ਗੱਲ ਦੀ ਕਹਾਣੀ ਹੈ ਕਿ ਜ਼ਿੰਦਗੀ ਕਿਵੇਂ ਅਚਾਨਕ ਬਦਲ ਸਕਦੀ ਹੈ। ਇਹ ਉਸ ਸਥਿਤੀ ਦੀ ਕਹਾਣੀ ਹੈ, ਜਿੱਥੇ ਬੀਮਾਰੀ ਬਿਨਾਂ ਚੇਤਾਵਨੀ ਦੇ ਆਉਂਦੀ ਹੈ ਤੇ ਇਹ ਦੱਸਦੀ ਹੈ ਕਿ ਜਦੋਂ ਸਮੇਂ ਸਿਰ ਇਲਾਜ ਅਤੇ ਸਹੀ ਸਹਾਇਤਾ ਮਿਲਦੀ ਹੈ ਤਾਂ ਕੀ ਹੋ ਸਕਦਾ ਹੈ। ਭੂਰ ਕੌਰ ਲਈ ਸਿਹਤ-ਕਾਰਡ ਸਿਰਫ਼ ਇੱਕ ਦਸਤਾਵੇਜ਼ ਨਹੀਂ ਸੀ ਬਲਕਿ ਇਲਾਜ ਸੀ, ਜ਼ਿੰਦਗੀ ਸੀ।

ਜ਼ਿਲ੍ਹਾ ਮਾਲ ਅਫ਼ਸਰ ਦਾ ਰੀਡਰ 20000 ਰਿਸ਼ਵਤ ਲੈਂਦੇ ਵਿਜੀਲੈਂਸ ਵੱਲੋਂ ਕਾਬੂ

ਚੰਡੀਗੜ੍ਹ, 21 ਮਈ (ਚ.ਨ.ਸ.): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਆਪਣੀ ਮੁਹਿੰਮ ਦੌਰਾਨ ਜ਼ਿਲ੍ਹਾ ਮਾਲ ਅਫ਼ਸਰ, ਮੋਗਾ ਦੇ ਰੀਡਰ ਦਵਿੰਦਰ ਪਾਲ ਸਿੰਘ ਨੂੰ 20,000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਹੈ। ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਪਿੰਡ ਚੱਕ ਕਾਨੀਆਂ ਖੁਰਦ, ਤਹਿਸੀਲ ਧਰਮਕੋਟ ਜ਼ਿਲ੍ਹਾ ਮੋਗਾ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਦੇ ਪੁ

ਸੰਪਾਦਕੀ

ਗਰਮੀ ਦਾ ਪ੍ਰਕੋਪ

ਉੱਤਰੀ ਅਤੇ ਪੱਛਮੀ ਭਾਰਤ ਵਿੱਚ ਗਰਮੀ ਦੀ ਲਹਿਰ ਨੇ ਆਪਣਾ ਭਿਆਨਕ ਰੂਪ ਅਪਣਾਉਣਾ ਸ਼ੁਰੂ ਕਰ ਦਿੱਤਾ ਹੈ। ਕਈ ਰਾਜਾਂ ਵਿੱਚ ਤਾਪਮਾਨ 46 ਡਿਗਰੀ ਨੂੰ ਪਾਰ ਕਰ ਗਿਆ ਹੈ। ਹਾਲ ਹੀ ਵਿੱਚ, ਮੀਂਹ ਅਤੇ ਗੜੇਮਾਰੀ ਦੇ ਨਾਲ-ਨਾਲ ਗਰਜ-ਤੂਫਾਨ ਨੇ ਕੁਝ ਰਾਜਾਂ ਵਿੱਚ ਤਾਪਮਾਨ ਨੂੰ ਹੇਠਾਂ ਲਿਆ ਦਿੱਤਾ ਸੀ, ਪਰ ਹੁਣ ਅਸਮਾਨ ਨੇ ਫਿਰ ਅੱਗ ਵਰ੍ਹਾਉਣੀ ਸ਼ੁਰੂ ਕਰ ਦਿੱਤੀ ਹੈ। ਦਿਨ ਵੇਲੇ ਗਰਮੀ ਦੀਆਂ ਲਹਿਰਾਂ ਜ਼ੋਰ ਫੜ ਰਹੀਆਂ ਹਨ ਅਤੇ ਲੋਕ ਰਾਤ ਨੂੰ ਵੀ ਗਰਮੀ ਤੋਂ ਪੀੜਤ ਹਨ। ਬਿਜਲੀ ਦੀ ਮੰਗ ਵੀ ਲਗਾਤਾਰ ਵਧ ਰਹੀ ਹੈ, ਜਿਸ ਨਾਲ ਭਾਰਤੀ ਮੌਸਮ ਵਿਭਾਗ ਨਕਲੀ ਯੰਤਰਾਂ ਰਾਹੀਂ ਰਾਹਤ ਪ੍ਰਦਾਨ ਕਰ ਰਿਹਾ ਹੈ। ਭਾਰਤੀ ਮੌਸਮ ਵਿਭਾਗ ਦੁਆਰਾ ਜੂਨ ਤੱਕ ਜਾਰੀ ਮੌਸਮ ਦੀ ਭਵਿੱਖਬਾਣੀ ਅਨੁਸਾਰ, ਪੂਰਬੀ-ਮੱਧ, ਉੱਤਰ-ਪੱਛਮੀ ਭਾਰਤ ਅਤੇ ਦੱਖਣ-ਪੂਰਬੀ ਪ੍ਰਾਇਦੀਪ ਵਿੱਚ ਇਸ ਸਾਲ ਤੇਜ਼ ਗਰਮੀ ਦਾ ਅਨੁਭਵ ਹੋਵੇਗਾ। ਸਪੱਸ਼ਟ ਤੌਰ 'ਤੇ ਆਉਣ ਵਾਲੇ ਦਿਨਾਂ ਵਿੱਚ ਤਾਪਮਾਨ ਵਿੱਚ ਹੋਰ ਵਾਧਾ ਆਮ ਲੋਕਾਂ ਦੀਆਂ ਮੁਸ਼ਕਲਾਂ ਨੂੰ ਵਧਾਏਗਾ। ਪਰ ਸਵਾਲ ਇਹ ਹੈ ਕਿ ਹਰ ਸਾਲ ਗਰਮੀ, ਠੰਢ, ਗਰਜ-ਤੂਫ਼ਾਨ ਅਤੇ ਮੀਂਹ ਦੇ ਚੱਕਰ ਵਿੱਚ ਇੰਨਾ ਭਾਰੀ ਉਤਰਾਅ-ਚੜ੍ਹਾਅ ਕਿਉਂ ਹੁੰਦਾ ਹੈ? ਮੌਸਮ ਚੱਕਰ ਵਿੱਚ ਇਸ ਤਬਦੀਲੀ ਦਾ ਕਾਰਨ ਕੀ ਹੈ? ਕੀ ਇਹ ਕੁਦਰਤੀ ਕਾਰਨਾਂ ਕਰਕੇ ਹਨ ਜਾਂ ਵਾਤਾਵਰਣ ਨੂੰ ਨੁਕਸਾਨ ਪਹੁੰਚਾਉਣ ਵਾਲੀਆਂ ਮਨੁੱਖੀ ਗਤੀਵਿਧੀਆਂ ਜ਼ਿੰਮੇਵਾਰ ਹਨ? ਮੌਸਮ ਵਿਭਾਗ ਦੇ ਅਨੁਸਾਰ ਪੰਜਾਬ ਤੇ ਹਰਿਆਣਾ ਦੇ ਸਾਰੇ ਪਾਸੇ ਪਾਰਾ 45-46 ਡਿੱਗਰੀ ਤੱਕ ਚੱਲ ਰਿਹਾ ਹੈ। ਰਾਸ਼ਟਰੀ ਰਾਜਧਾਨੀ ਦਿੱਲੀ ਵਿੱਚ ਪਾਰਾ ਪਿਛਲੇ ਮੰਗਲਵਾਰ 45 ਡਿਗਰੀ ਸੈਲਸੀਅਸ ਨੂੰ ਪਾਰ ਕਰ ਗਿਆ, ਜੋ ਕਿ ਆਮ ਨਾਲੋਂ 4.7 ਡਿਗਰੀ ਵੱਧ ਹੈ। ਮੌਸਮ ਵਿਗਿਆਨੀਆਂ ਦਾ ਕਹਿਣਾ ਹੈ ਕਿ ਪਿਛਲੇ ਕੁਝ ਦਿਨਾਂ ਤੋਂ ਰਾਜਸਥਾਨ ਦੇ ਥਾਰ ਮਾਰੂਥਲ ਅਤੇ ਮੱਧ ਪਾਕਿਸਤਾਨ ਦੇ ਕੁਝ ਹਿੱਸਿਆਂ ਤੋਂ ਉੱਤਰ-ਪੱਛਮੀ ਹਵਾਵਾਂ ਦਿੱਲੀ ਅਤੇ ਹੋਰ ਉੱਤਰੀ ਸੂਬਿਆਂ ਵੱਲ ਵਗ ਰਹੀਆਂ ਹਨ। ਵਿਸ਼ਾਲ ਸੁੱਕੇ ਖੇਤਰਾਂ ਵਿੱਚੋਂ ਲੰਘਦੇ ਹੋਏ, ਇਹ ਹਵਾਵਾਂ ਪੰਜਾਬ ਪਹੁੰਚਣ ਤੱਕ ਬਹੁਤ ਖੁਸ਼ਕ ਹੋ ਜਾਂਦੀਆਂ ਹਨ, ਜਿਸ ਨਾਲ ਗਰਮੀ ਸਤ੍ਹਾ ਦੇ ਨੇੜੇ ਰਹਿੰਦੀ ਹੈ। ਇਸ ਦੌਰਾਨ, ਪੰਜਾਬ ਦੀ ਬਿਜਲੀ ਦੀ ਮੰਗ 14 ਹਜ਼ਾਰ ਮੈਗਾਵਾਟ ਤੋਂ ਵੱਧ ਗਈ ਹੈ, ਜੋ ਕਿ ਹਾਲ ਹੀ ਦੇ ਸਾਲਾਂ ਦੇ ਮੁਕਾਬਲੇ ਮਈ ਵਿੱਚ ਤੇਜ਼ੀ ਨਾਲ ਵਧੀ ਹੈ। ਲੋਕ ਗਰਮੀ ਤੋਂ ਰਾਹਤ ਪਾਉਣ ਲਈ ਪੱਖੇ, ਕੂਲਰਾਂ ਅਤੇ ਏਅਰ ਕੰਡੀਸ਼ਨਰਾਂ ਦੀ ਵਰਤੋਂ ਕਰਦੇ ਹਨ। ਹਾਲਾਂਕਿ, ਅਕਸਰ ਇਸ ਗੱਲ ਨੂੰ ਨਜ਼ਰਅੰਦਾਜ਼ ਕੀਤਾ ਜਾਂਦਾ ਹੈ ਕਿ ਏਸੀ ਦੁਆਰਾ ਨਿਕਲਣ ਵਾਲੀਆਂ ਨੁਕਸਾਨਦੇਹ ਗੈਸਾਂ ਨਾ ਸਿਰਫ ਵਾਤਾਵਰਣ ਨੂੰ ਨੁਕਸਾਨ ਪਹੁੰਚਾਉਂਦੀਆਂ ਹਨ ਬਲਕਿ ਸਥਾਨਕ ਤਾਪਮਾਨ ਨੂੰ ਵੀ ਵਧਾਉਂਦੀਆਂ ਹਨ। ਘਰਾਂ ਨੂੰ ਠੰਡਾ ਰੱਖਣ ਵਾਲੇ ਉਪਕਰਣ ਖੁਦ ਤਾਪਮਾਨ ਵਿੱਚ ਵਾਧੇ ਵਿੱਚ ਯੋਗਦਾਨ ਪਾ ਰਹੇ ਹਨ। ਮੌਸਮ ਮਾਹਿਰਾਂ ਦੇ ਅਨੁਸਾਰ, ਗਰਮੀ, ਠੰਢ, ਬਾਰਿਸ਼ ਅਤੇ ਹੜ੍ਹਾਂ ਦੀ ਅਤਿਅੰਤਤਾ ਜਲਵਾਯੂ ਪਰਿਵਰਤਨ ਅਤੇ ਗਲੋਬਲ ਵਾਰਮਿੰਗ ਕਾਰਨ ਹੋ ਰਹੀ ਹੈ। ਇਹ ਮੌਸਮ ਦੇ ਕੁਦਰਤੀ ਚੱਕਰ ਨੂੰ ਵਿਗਾੜ ਰਿਹਾ ਹੈ। ਜੰਗਲਾਂ ਦੀ ਕਟਾਈ, ਸ਼ਹਿਰਾਂ ਵਿੱਚ ਵਧ ਰਹੇ ਕੰਕਰੀਟ ਦੇ ਜੰਗਲ, ਕੁਦਰਤੀ ਸਰੋਤਾਂ ਦਾ ਅੰਨ੍ਹੇਵਾਹ ਸ਼ੋਸ਼ਣ ਅਤੇ ਜੈਵਿਕ ਬਾਲਣ ਦੀ ਵਰਤੋਂ ਵਾਤਾਵਰਣ ਨੂੰ ਲਗਾਤਾਰ ਬਦਲ ਰਹੀ ਹੈ, ਜਿਸਦੇ ਨਤੀਜੇ ਵਜੋਂ ਤਾਪਮਾਨ ਵੱਧ ਰਿਹਾ ਹੈ। ਇਸ ਲਈ ਵਾਤਾਵਰਣ ਨੂੰ ਨੁਕਸਾਨ ਪਹੁੰਚਾਉਣ ਵਾਲੀਆਂ ਮਨੁੱਖੀ ਗਤੀਵਿਧੀਆਂ ਨੂੰ ਸੀਮਤ ਕਰਨ ਅਤੇ ਅਤਿਅੰਤ ਮੌਸਮੀ ਘਟਨਾਵਾਂ ਦਾ ਮੁਕਾਬਲਾ ਕਰਨ ਲਈ ਠੋਸ ਉਪਾਅ ਕਰਨੇ ਜ਼ਰੂਰੀ ਹਨ। ਉੱਤਰ ਪ੍ਰਦੇਸ਼ ਵਿੱਚ ਹਾਲ ਹੀ ਵਿੱਚ ਆਏ ਤੂਫਾਨ, ਮੀਂਹ ਅਤੇ ਗੜੇਮਾਰੀ ਨੇ ਇੱਕ ਵਾਰ ਫਿਰ ਦਿਖਾਇਆ ਹੈ ਕਿ ਸਾਵਧਾਨੀ ਉਪਾਵਾਂ ਅਤੇ ਸਹੀ ਭਵਿੱਖਬਾਣੀ ਰਾਹੀਂ ਮੌਸਮੀ ਘਟਨਾਵਾਂ ਨੂੰ ਰੋਕਣ ਲਈ ਬਹੁਤ ਕੁਝ ਕਰਨ ਦੀ ਜ਼ਰੂਰਤ ਹੈ। 24 ਘੰਟਿਆਂ ਦੇ ਅੰਦਰ ਰਾਜ ਵਿੱਚ ਸੌ ਤੋਂ ਵੱਧ ਲੋਕਾਂ ਦੀ ਜਾਨ ਚਲੀ ਗਈ। ਹਾਲਾਂਕਿ, ਗਰਮੀ ਦੀ ਲਹਿਰ ਤੋਂ ਰਾਹਤ ਦੀ ਕੋਈ ਉਮੀਦ ਨਹੀਂ ਹੈ, ਕਿਉਂਕਿ ਮੌਸਮ ਵਿਭਾਗ ਨੇ ਭਵਿੱਖਬਾਣੀ ਕੀਤੀ ਹੈ ਕਿ ਉੱਤਰੀ ਅਤੇ ਪੱਛਮੀ ਭਾਰਤ ਦੇ ਕਈ ਹਿੱਸਿਆਂ ਵਿੱਚ 24 ਮਈ ਤੱਕ ਗਰਮੀ ਦੀ ਲਹਿਰ ਦੀ ਸਥਿਤੀ ਬਣੀ ਰਹੇਗੀ। ਪੰਜਾਬ, ਹਰਿਆਣਾ ਅਤੇ ਦਿੱਲੀ ਇਸ ਸਮੇਂ ਤੇਜ਼ ਗਰਮੀ ਦੀ ਲਪੇਟ ਵਿੱਚ ਹੈ। ਤੇਜ਼ ਧੁੱਪ ਅਤੇ ਤੇਜ਼ ਹਵਾਵਾਂ ਨੇ ਲੋਕਾਂ ਦਾ ਜੀਵਨ ਦੁੱਭਰ ਕਰ ਦਿੱਤਾ ਹੈ। ਮੰਗਲਵਾਰ ਨੂੰ, ਦਿੱਲੀ ਨੇ ਇਸ ਸੀਜ਼ਨ ਦਾ ਸਭ ਤੋਂ ਗਰਮ ਦਿਨ ਦਰਜ ਕੀਤਾ, ਜਦੋਂ ਵੱਧ ਤੋਂ ਵੱਧ ਤਾਪਮਾਨ 45 ਡਿਗਰੀ ਸੈਲਸੀਅਸ ਨੂੰ ਪਾਰ ਕਰ ਗਿਆ। ਦਿਨ ਭਰ ਚੱਲੀ ਗਰਮੀ ਦੀ ਲਹਿਰ ਨੇ ਲੋਕਾਂ ਨੂੰ ਘਰ ਦੇ ਅੰਦਰ ਰਹਿਣ ਲਈ ਮਜਬੂਰ ਕੀਤਾ। ਪੰਜਾਬ ਵਿਚ ਬਠਿੰਡਾ ਦਾ ਤਾਪਮਾਨ 46 ਡਿੱਗਰੀ ਤੋਂ ਵਧ ਪਹੁੰਚ ਗਿਆ। ਦੁਪਹਿਰ ਵੇਲੇ ਸੜਕਾਂ ਸੁੰਨਸਾਨ ਨਜ਼ਰ ਆ ਰਹੀਆਂ ਸਨ ਅਤੇ ਜ਼ਰੂਰੀ ਕੰਮ ਲਈ ਬਾਹਰ ਨਿਕਲੇ ਲੋਕ ਵੀ ਗਰਮੀ ਤੋਂ ਬਚਣ ਲਈ ਛਾਂ ਦੀ ਭਾਲ ਕਰਦੇ ਦੇਖੇ ਗਏ। ਮੌਸਮ ਵਿਭਾਗ ਨੇ ਅਗਲੇ ਛੇ ਦਿਨਾਂ ਲਈ ਗਰਮੀ ਦੀ ਲਹਿਰ ਦਾ ਸੰਤਰੀ ਅਲਰਟ ਜਾਰੀ ਕੀਤਾ ਹੈ। ਵਿਭਾਗ ਦਾ ਕਹਿਣਾ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਗਰਮੀ ਦਾ ਪ੍ਰਭਾਵ ਹੋਰ ਵਧ ਸਕਦਾ ਹੈ ਅਤੇ ਤਾਪਮਾਨ 46 ਡਿਗਰੀ ਸੈਲਸੀਅਸ ਤੱਕ ਪਹੁੰਚਣ ਦੀ ਸੰਭਾਵਨਾ ਹੈ।

-ਜਗਜੀਤ ਸਿੰਘ ਦਰਦੀ

ਪ੍ਰਧਾਨ ਮੰਤਰੀ ਮੋਦੀ ਦੇ ਪੰਜ ਦੇਸ਼ਾਂ ਦੇ ਦੌਰੇ ਤੋਂ ਬਾਅਦ ਭਾਰਤ ਨੂੰ ਅੱਜ ਹੁਣ ਇੱਕ ਮਾਰਕੀਟ ਨਹੀਂ, ਇੱਕ ਜਿਓ-ਪਾਲੀਟਿਕਲ ਤਾਕਤ ਵਜੋਂ ਦੇਖਿਆ ਜਾ ਰਿਹਾ ਹੈ

ਕੀ ਪੰਜਾਬ ਮੁੜ ਧਾਰਮਿਕ ਧਰੁਵੀਕਰਨ ਵੱਲ ਵੱਧ ਰਿਹਾ ਹੈ ਅੱਜ ਦਿੱਲੀ ਦੀ ਕੂਟਨੀਤੀ 'ਤੇ ਪੰਜਾਬ ਦੀ ਬੇਚੈਨੀ ਕਿਉਂ ਹੈ?



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਕੀ ਅੱਜ ਪੰਜਾਬ ਮੁੜ ਕਿਸੇ ਨਵੇਂ ਟਕਰਾਅ ਵੱਲ ਵਧ ਰਿਹਾ ਹੈ? ਇਹ ਸਵਾਲ ਹੁਣ ਸਭ ਤੋਂ ਵੱਡਾ ਹੋ ਗਿਆ ਹੈ। ਉਧਰ ਪ੍ਰਧਾਨ ਮੰਤਰੀ ਦੇ ਪੰਜ ਦੇਸ਼ਾਂ ਦੇ ਦੌਰੇ ਤੋਂ ਬਾਅਦ ਅੱਜ ਭਾਰਤ ਨੂੰ ਅੱਜ ਸਿਰਫ਼ ਇੱਕ ਮਾਰਕੀਟ ਨਹੀਂ, ਸਗੋਂ ਇੱਕ ਜਿਓ-ਪਾਲੀਟਿਕਲ ਤਾਕਤ ਵਜੋਂ ਦੇਖਿਆ ਜਾ ਰਿਹਾ ਹੈ। ਅੱਜ ਇੱਕ ਪਾਸੇ ਭਾਰਤ ਅੱਜ ਵਿਸ਼ਵ ਮੰਚ ਉੱਤੇ ਆਪਣੀ ਨਵੀਂ ਪਹਿਚਾਣ ਗੜ੍ਹ ਰਿਹਾ ਹੈ। ਦੂਜੇ ਪਾਸੇ ਪੰਜਾਬ ਦੇ ਅੰਦਰ ਇੱਕ ਅਜਿਹੀ ਮਨੋਵਿਗਿਆਨਿਕ ਬੇਚੈਨੀ ਵੱਧ ਰਹੀ ਹੈ, ਜਿਸ ਨੂੰ ਸਮਝਣਾ ਦੇਸ਼ ਲਈ ਬਹੁਤ ਜ਼ਰੂਰੀ ਹੈ। ਇਹ ਵਿਰੋਧਾਭਾਸ ਹੀ ਅੱਜ ਦੇ ਸਮੇਂ ਦੀ ਸਭ ਤੋਂ ਵੱਡੀ ਰਾਜਨੀਤਿਕ ਅਤੇ ਸਮਾਜਿਕ ਕਹਾਣੀ ਹੈ। ਅੱਜ ਜਦੋਂ ਪ੍ਰਧਾਨ ਮੰਤਰੀ ਮੋਦੀ ਦੁਨੀਆ ਦੇ ਸਭ ਤੋਂ ਪ੍ਰਭਾਵਸ਼ਾਲੀ ਨੇਤਾਵਾਂ ਵਿੱਚ ਗਿਣੇ ਜਾਂਦੇ ਹਨ, ਜਦੋਂ ਭਾਰਤ ਦੀ ਵਿਦੇਸ਼ ਨੀਤੀ ਨੂੰ ਅਮਰੀਕਾ ਤੋਂ ਲੈ ਕੇ ਯੂਰਪ ਅਤੇ ਮੱਧ ਪੂਰਬ ਤੱਕ ਇੱਕ ਨਵੀਂ ਗੰਭੀਰਤਾ ਨਾਲ ਦੇਖਿਆ ਜਾ ਰਿਹਾ ਹੈ, ਤਦੋਂ ਪੰਜਾਬ ਦੇ ਅੰਦਰ ਮੁੜ ਧਰਮ ਯੁੱਧ ਮੋਰਚੇ, ਪੰਥਕ ਟਕਰਾਅ, ਅਕਾਲ ਤਖਤ ਦੀ ਮਰਿਆਦਾ, ਬੇਅਦਬੀ ਅਤੇ ਰਾਜਨੀਤਿਕ ਧ੍ਰੁਵੀਕਰਨ ਵਰਗੇ ਸ਼ਬਦ ਗੂੰਜਣ ਲੱਗ ਪਏ ਹਨ। ਅੱਜ ਸਵਾਲ ਇਹ ਹੈ ਕਿ ਕੀ ਪੰਜਾਬ ਆਪਣੇ ਅਸਲ ਮੁੱਦਿਆਂ ਤੋਂ ਹਟ ਕੇ ਮੁੜ ਇੱਕ ਅਜਿਹੀ ਲੜਾਈ ਵਿੱਚ ਫਸਦਾ ਜਾ ਰਿਹਾ ਹੈ, ਜਿਸ ਦੇ ਨਤੀਜੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਭੁਗਤਣੇ ਪੈ ਸਕਦੇ ਹਨ ਜਾਂ ਫਿਰ ਇਹ ਸਮਾਂ ਪੰਜਾਬ ਲਈ ਇੱਕ ਨਵੀਂ ਸਮਝਦਾਰੀ, ਨਵੇਂ ਸੰਵਾਦ ਅਤੇ ਨਵੇਂ ਆਤਮ-ਮੰਥਨ ਦਾ ਹੈ? ਅੱਜ ਨਵਾਂ ਭਾਰਤ ਦੁਨੀਆ ਦੇ ਕੇਂਦਰ ਵਿੱਚ ਖੜ੍ਹਾ ਦੇਸ਼ ਹੈ। ਪਿਛਲੇ ਇੱਕ ਦਹਾਕੇ ਵਿੱਚ ਭਾਰਤ ਦੀ ਵਿਦੇਸ਼ ਨੀਤੀ ਵਿੱਚ ਅਸਧਾਰਨ ਬਦਲਾਅ ਆਇਆ ਹੈ। ਕਦੇ ਸਿਰਫ ਵਿਕਾਸਸ਼ੀਲ ਦੇਸ਼ ਮੰਨਿਆ ਜਾਣ ਵਾਲਾ ਭਾਰਤ ਅੱਜ ਦੁਨੀਆ ਦੀ ਪੰਜਵੀਂ ਸਭ ਤੋਂ ਵੱਡੀ ਅਰਥਵਿਵਸਥਾ ਬਣ ਚੁੱਕਾ ਹੈ। IMF ਅਤੇ ਵਿਸ਼ਵ ਬੈਂਕ ਦੇ ਅੰਕੜਿਆਂ ਅਨੁਸਾਰ ਭਾਰਤ ਦੀ GDP D ਟ੍ਰਿਲੀਅਨ ਡਾਲਰ ਦੇ ਨੇੜੇ ਪਹੁੰਚ ਰਹੀ ਹੈ। ਦੁਨੀਆ ਲਈ ਭਾਰਤ ਅੱਜ ਸਿਰਫ਼ ਇੱਕ ਮਾਰਕੀਟ ਨਹੀਂ, ਸਗੋਂ ਇੱਕ ਜਿਓ-ਪਾਲੀਟਿਕਲ ਤਾਕਤ ਵਜੋਂ ਦੇਖਿਆ ਜਾ ਰਿਹਾ ਹੈ। ਅੱਜ ਅਮਰੀਕਾ ਅਤੇ ਚੀਨ ਦੇ ਵਿਚਕਾਰ ਵਧ ਰਹੇ ਤਣਾਅ ਵਿੱਚ ਭਾਰਤ ਇੱਕ "ਸੰਤੁਲਿਤ ਸ਼ਕਤੀ" ਵਜੋਂ ਉਭਰਿਆ ਹੈ। QUAD, G-B@, BRICS ਅਤੇ ਗਲੋਬਲ ਸਾਊਥ ਦੀ ਰਾਜਨੀਤੀ ਵਿੱਚ ਭਾਰਤ ਦੀ ਭੂਮਿਕਾ ਲਗਾਤਾਰ ਵਧੀ ਹੈ। ਪ੍ਰਧਾਨ ਮੰਤਰੀ ਮੋਦੀ ਦੇ ਵਿਦੇਸ਼ ਦੌਰੇ ਹੁਣ ਸਿਰਫ਼ ਰਸਮੀ ਯਾਤਰਾਵਾਂ ਨਹੀਂ ਰਹੇ ਹਨ। ਇਹ ਆਰਥਿਕ, ਰਣਨੀਤਿਕ ਅਤੇ ਤਕਨੀਕੀ ਸਾਂਝੇਦਾਰੀਆਂ ਦਾ ਨਵਾਂ ਦੌਰ ਬਣ ਚੁੱਕੇ ਹਨ। ਭਾਰਤ ਨੇ ਪਿਛਲੇ ਸਾਲਾਂ ਵਿੱਚ ਰੱਖਿਆ ਸਹਿਯੋਗ ਦੇ ਕਈ ਵੱਡੇ ਸਮਝੌਤੇ ਕੀਤੇ ਹਨ। ਅੱਜ ਸੈਮੀਕੰਡਕਟਰ ਅਤੇ AI ਖੇਤਰ ਵਿੱਚ ਨਿਵੇਸ਼ ਖਿੱਚਿਆ ਹੈ। ਮੱਧ ਪੂਰਬ ਨਾਲ ਐਨਰਜੀ ਅਤੇ ਬੁਨਿਆਦੀ ਢਾਂਚੇ ਦੇ ਸਮਝੌਤੇ ਕੀਤੇ। ਯੂਰਪ ਨਾਲ ਵਪਾਰ ਅਤੇ ਗ੍ਰੀਨ ਐਨਰਜੀ ਸਹਿਯੋਗ ਵਧਾਇਆ ਹੈ ਅਤੇ ਡਿਜ਼ੀਟਲ ਇੰਡੀਆ ਅਤੇ UPI ਮਾਡਲ ਨੂੰ ਵਿਸ਼ਵ ਪੱਧਰ 'ਤੇ ਪਹੁੰਚਾਇਆ ਹੈ। ਅੱਜ ਭਾਰਤ ਦੁਨੀਆ ਨੂੰ ਸਿਰਫ ਮਜ਼ਦੂਰ ਨਹੀਂ, ਟੈਕਨਾਲੋਜੀ, ਸਪੇਸ ਸਾਇੰਸ ਅਤੇ ਡਿਜ਼ੀਟਲ ਗਵਰਨੈਂਸ ਦੇ ਹੱਲ ਵੀ ਦੇ ਰਿਹਾ ਹੈ। ਚੰਦਰਯਾਨ, ਆਦਿਤਿਆ ਮਿਸ਼ਨ ਅਤੇ ਡਿਜ਼ੀਟਲ ਭੁਗਤਾਨ ਪ੍ਰਣਾਲੀ ਨੇ ਭਾਰਤ ਦੀ ਛਵੀ ਨੂੰ ਨਵਾਂ ਰੂਪ ਦਿੱਤਾ ਹੈ। ਇਹ ਉਹ ਭਾਰਤ ਹੈ ਜੋ ਦੁਨੀਆ ਨਾਲ ਨਵੇਂ ਸਮਝੌਤੇ ਕਰ ਰਿਹਾ ਹੈ, ਨਵੇਂ ਮਾਰਕੀਟ ਖੋਲ੍ਹ ਰਿਹਾ ਹੈ ਅਤੇ ਇੱਕ ਵੱਡੀ ਅਰਥਵਿਵਸਥਾ ਬਣਨ ਵੱਲ ਵਧ ਰਿਹਾ ਹੈ। ਅੱਜ ਪਰ ਪੰਜਾਬ ਕਿੱਥੇ ਖੜ੍ਹਾ ਹੈ। ਇਸੇ ਵੇਲੇ ਪੰਜਾਬ ਦੇ ਅੰਦਰ ਇੱਕ ਵੱਖਰੀ ਕਹਾਣੀ ਚੱਲ ਰਹੀ ਹੈ। ਇਹ ਕਹਾਣੀ ਵਿਕਾਸ ਨਾਲੋਂ ਵੱਧ ਬੇਚੈਨੀ ਦੀ ਹੈ। ਇਹ ਕਹਾਣੀ ਨਿਵੇਸ਼ ਨਾਲੋਂ ਵੱਧ ਅਣਵਿਸ਼ਵਾਸ ਦੀ ਹੈ। ਇਹ ਕਹਾਣੀ ਉਦਯੋਗ ਨਾਲੋਂ ਵੱਧ ਪਹਿਚਾਣ ਦੀ ਲੜਾਈ ਦੀ ਬਣਦੀ ਜਾ ਰਹੀ ਹੈ। ਪੰਜਾਬ ਜੋ ਕਦੇ ਭਾਰਤ ਦੀ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ ਸੀ, ਅੱਜ ਖੇਤੀ ਸੰਕਟ, ਨਸ਼ਿਆਂ, ਬੇਰੁਜ਼ਗਾਰੀ, ਮਾਈਗ੍ਰੇਸ਼ਨ ਅਤੇ ਗੈਂਗਸਟਰਵਾਦ ਨਾਲ ਜੂਝ ਰਿਹਾ ਹੈ। NCRB ਦੇ ਅੰਕੜੇ ਲਗਾਤਾਰ ਦਰਸਾਉਂਦੇ ਹਨ ਕਿ ਪੰਜਾਬ ਵਿੱਚ ਨਸ਼ਿਆਂ ਅਤੇ ਸੰਗਠਿਤ ਅਪਰਾਧ ਦਾ ਪ੍ਰਭਾਵ ਚਿੰਤਾਜਨਕ ਹੈ। ਹਜ਼ਾਰਾਂ ਨੌਜਵਾਨ ਹਰ ਸਾਲ ਵਿਦੇਸ਼ ਜਾਣ ਲਈ ਘਰ ਅਤੇ ਜ਼ਮੀਨਾਂ ਵੇਚ ਰਹੇ ਹਨ। IELTS ਸੈਂਟਰ ਅਤੇ ਇਮੀਗ੍ਰੇਸ਼ਨ ਦਫ਼ਤਰ ਪੰਜਾਬ ਦੇ ਹਰ ਸ਼ਹਿਰ ਦੀ ਨਵੀਂ ਹਕੀਕਤ ਬਣ ਗਏ ਹਨ। ਅੱਜ ਕਿਸਾਨ ਕਰਜ਼ੇ ਵਿੱਚ ਡੁੱਬਿਆ ਹੋਇਆ ਹੈ। ਛੋਟਾ ਉਦਯੋਗ ਠਹਿਰਾਅ ਦਾ ਸ਼ਿਕਾਰ ਹੈ। ਨੌਜਵਾਨ ਮਾਨਸਿਕ ਤੌਰ 'ਤੇ ਭਟਕਿਆ ਹੋਇਆ ਹੈ। ਅੱਜ ਇਸ ਪਿਛੋਕੜ ਵਿੱਚ ਜਦੋਂ ਪੰਥਕ ਸੰਸਥਾਵਾਂ ਅਤੇ ਰਾਜਨੀਤਿਕ ਤਾਕਤਾਂ ਵਿਚਕਾਰ ਟਕਰਾਅ ਵਧਦਾ ਹੈ, ਤਾਂ ਇਹ ਸਿਰਫ ਧਾਰਮਿਕ ਮਸਲਾ ਨਹੀਂ ਰਹਿੰਦਾ। ਇਹ ਸਮਾਜਿਕ ਮਨੋਵਿਗਿਆਨ ਦਾ ਸੰਕਟ ਬਣ ਜਾਂਦਾ ਹੈ।

ਅੱਜ ਪੰਜਾਬ ਵਿੱਚ "ਧਰਮ ਯੁੱਧ ਮੋਰਚਾ" ਸਿਰਫ ਇੱਕ ਇਤਿਹਾਸਕ ਅੰਦੋਲਨ ਦਾ ਨਾਮ ਨਹੀਂ ਹੈ। ਇਹ ਇੱਕ ਪੂਰੇ ਦੌਰ ਦੀ ਯਾਦ ਹੈ। 1980 ਦੇ ਦਹਾਕੇ ਨੇ ਪੰਜਾਬ ਨੂੰ ਉਹ ਜ਼ਖ਼ਮ ਦਿੱਤੇ, ਜਿਨ੍ਹਾਂ ਦੀ ਚੁੱਪ ਅੱਜ ਵੀ ਸਮਾਜ ਦੇ ਅੰਦਰ ਵੱਸਦੀ ਹੈ। ਅੱਜ ਅੰਦੋਲਨ, ਟਕਰਾਅ, ਫੌਜੀ ਕਾਰਵਾਈ, ਦਹਿਸ਼ਤਗਰਦੀ, ਪੁਲਿਸ ਐਕਸ਼ਨ ਅਤੇ ਹਜ਼ਾਰਾਂ ਪਰਿਵਾਰਾਂ ਦੀ ਤਬਾਹੀ ਨੇ ਪੰਜਾਬ ਦੀ ਆਤਮਾ ਨੂੰ ਹਿਲਾ ਦਿੱਤਾ ਸੀ। ਉਸ ਦੌਰ ਵਿੱਚ ਇਸ ਲਈ ਜਦੋਂ ਅੱਜ ਮੁੜ ਪੰਥਕ ਟਕਰਾਅ ਦੀ ਭਾਸ਼ਾ ਸੁਣਾਈ ਦਿੰਦੀ ਹੈ, ਤਾਂ ਪੰਜਾਬ ਦਾ ਸੁਚੇਤ ਵਰਗ ਘਬਰਾਉਂਦਾ ਹੈ ਕਿਉਂਕਿ ਪੰਜਾਬ ਜਾਣਦਾ ਹੈ ਕਿ ਅੱਗ ਲਾਉਣਾ ਆਸਾਨ ਹੁੰਦਾ ਹੈ, ਪਰ ਉਸ ਨੂੰ ਬੁਝਾਉਣ ਵਿੱਚ ਪੀੜ੍ਹੀਆਂ ਲੱਗ ਜਾਂਦੀਆਂ ਹਨ। ਅੱਜ ਸਵਾਲ ਇਹ ਹੈ ਕਿ ਕੀ ਪੰਜਾਬ ਮੁੜ ਧਾਰਮਿਕ ਧਰੁਵੀਕਰਨ ਵੱਲ ਵਧ ਰਿਹਾ ਹੈ? ਅੱਜ ਇਹ ਸਭ ਤੋਂ ਵੱਡਾ ਸਵਾਲ ਹੈ। ਅੱਜ ਪੰਜਾਬ ਵਿੱਚ ਕਈ ਮਸਲੇ ਇੱਕਠੇ ਚੱਲ ਰਹੇ ਹਨ।

ਬੇਅਦਬੀ ਦੇ ਮਾਮਲੇ 'ਤੇ ਪੰਥਕ ਨੇਤ੍ਰਿਤਵ 'ਤੇ ਸਵਾਲ। ਰਾਜਨੀਤਿਕ ਪਾਰਟੀਆਂ ਦਾ ਧਾਰਮਿਕ ਮੁੱਦਿਆਂ ਵਿੱਚ ਦਖਲ ਅਤੇ ਸੋਸ਼ਲ ਮੀਡੀਆ ਰਾਹੀਂ ਭਾਵਨਾਵਾਂ ਦੀ ਉਕਸਾਹਟ ਵਿਦੇਸ਼ੀ ਤਾਕਤਾਂ ਦੀ ਦਿਲਚਸਪੀ ਤੇ ਨੌਜਵਾਨਾਂ ਦੀ ਨਿਰਾਸ਼ਾ ਵਿਚ ਇਹ ਸਭ ਮਿਲ ਕੇ ਇੱਕ ਅਜਿਹਾ ਮਾਹੌਲ ਬਣਾਉਂਦੇ ਹਨ, ਜਿਸ ਵਿੱਚ ਗੁੱਸਾ ਤੇਜ਼ੀ ਨਾਲ ਫੈਲਦਾ ਹੈ।

ਅੱਜ ਸੋਸ਼ਲ ਮੀਡੀਆ ਨੇ ਹਰ ਮਸਲੇ ਨੂੰ "ਭਾਵਨਾਤਮਕ ਜੰਗ" ਵਿੱਚ ਬਦਲ ਦਿੱਤਾ ਹੈ। ਹੁਣ ਕੋਈ ਵੀ ਘਟਨ

ਸੀਈਓ ਚੰਡੀਗੜ੍ਹ ਨੇ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ ਦੀਆਂ ਤਿਆਰੀਆਂ ਦੀ ਸਮੀਖਿਆ ਕੀਤੀ

ਚੰਡੀਗੜ੍ਹ, 21 ਮਈ (ਚ.ਨ.ਸ.) : ਭਾਰਤ ਦੇ ਚੋਣ ਕਮਿਸ਼ਨ ਵੱਲੋਂ 14 ਮਈ, 2026 ਨੂੰ ਚੰਡੀਗੜ੍ਹ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ ਦੇ ਤੀਜੇ ਪੜਾਅ ਲਈ ਸ਼ਡਿਊਲ ਦਾ ਐਲਾਨ ਕਰਨ ਤੋਂ ਬਾਅਦ, 21 ਮਈ, 2026 ਨੂੰ ਮੁੱਖ ਚੋਣ ਅਧਿਕਾਰੀ, ਯੂਟੀ ਚੰਡੀਗੜ੍ਹ, ਸ਼੍ਰੀਮਤੀ ਪ੍ਰੇਰਨਾ ਪੁਰੀ, ਆਈਏਐਸ ਦੀ ਪ੍ਰਧਾਨਗੀ ਵਿੱਚ ਤਿਆਰੀਆਂ ਅਤੇ ਤਾਲਮੇਲ ਦੀ ਸਮੀਖਿਆ ਕਰਨ ਲਈ ਇੱਕ ਮੀਟਿੰਗ ਕੀਤੀ ਗਈ। ਮੀਟਿੰਗ ਦੇ ਸ਼ੁਰੂ ਵਿੱਚ, ਮੁੱਖ ਚੋਣ ਅਧਿਕਾਰੀ ਨੇ ਅਧਿਕਾਰੀਆਂ ਨੂੰ SIR ਪ੍ਰੋਗਰਾਮ ਦਾ ਵਿਆਪਕ ਪ੍ਰਚਾਰ ਯਕੀਨੀ ਬਣਾਉਣ, ਰਾਜਨੀਤਿਕ ਪਾਰਟੀਆਂ ਨਾਲ ਮੀਟਿੰਗਾਂ ਕਰਨ ਅਤੇ ਸਾਰੇ ਸਬੰਧਤ ਹਿੱਸੇਦਾਰਾਂ ਨਾਲ ਤਾਲਮੇਲ ਬਣਾਈ ਰੱਖਣ ਦੇ ਨਿਰਦੇਸ਼ ਦਿੱਤੇ। ਇਸ ਤੋਂ ਬਾਅਦ, ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ ਵਿੱਚ ਅਧਿਕਾਰੀਆਂ ਦੀਆਂ ਭੂਮਿਕਾਵਾਂ ਅਤੇ ਜ਼ਿੰਮੇਵਾਰੀਆਂ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ ਗਈ। ਜ਼ਿਲ੍ਹਾ ਚੋਣ ਅਫ਼ਸਰ ਨੂੰ 14 ਜੁਲਾਈ, 2026 ਤੱਕ ਪੋਲਿੰਗ ਸਟੇਸ਼ਨਾਂ ਦੇ ਰੈਸ਼ਨੇਲਾਈਜੇਸ਼ਨ ਦੀ ਪ੍ਰਕਿਰਿਆ ਪੂਰੀ ਕਰਨ ਦਾ ਨਿਰਦੇਸ਼ ਦਿੱਤਾ ਗਿਆ ਸੀ। ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਨੂੰ ਰਾਜਨੀਤਿਕ ਪਾਰਟੀਆਂ ਅਤੇ ਬੂਥ ਲੈਵਲ ਏਜੰਟਾਂ ਨਾਲ ਮੀਟਿੰਗਾਂ ਕਰਨ, ਦਾਅਵਿਆਂ ਅਤੇ ਇਤਰਾਜ਼ਾਂ ਦੀ ਨਿਗਰਾਨੀ ਕਰਨ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਫੀਲਡ ਸਟਾਫ਼ ਦੀ ਨਿਗਰਾਨੀ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਨੂੰ ਨਿਰਧਾਰਤ ਪ੍ਰਕਿਰਿਆਵਾਂ ਦੀ ਪਾਲਣਾ ਕਰਦੇ ਹੋਏ ਫਾਰਮ 6, 7 ਅਤੇ 8 ਦਾ ਸਮੇਂ ਸਿਰ ਨਿਪਟਾਰਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਸਨ। ਉਨ੍ਹਾਂ ਨੂੰ ਘੋਸ਼ਣਾ ਫਾਰਮਾਂ ਦੇ ਨਾਲ ਫਾਰਮ 6 ਅਤੇ 8 ਦੀ ਢੁਕਵੀਂ ਉਪਲਬਧਤਾ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਵੀ ਦਿੱਤੇ ਗਏ ਸਨ, ਕਿਉਂਕਿ ਬੂਥ ਲੈਵਲ ਅਫ਼ਸਰਾਂ ਨੂੰ ਗਿਣਤੀ ਪੜਾਅ ਦੌਰਾਨ ਘੱਟੋ-ਘੱਟ 30 ਖਾਲੀ ਫਾਰਮ 6 ਅਤੇ 8 ਅਤੇ ਘੋਸ਼ਣਾ ਫਾਰਮ ਆਪਣੇ ਨਾਲ ਰੱਖਣ ਦੀ ਲੋੜ ਹੋਵੇਗੀ ਤਾਂ ਜੋ ਉਹ ਨਵੇਂ ਵੋਟਰਾਂ ਵਜੋਂ ਨਾਮ ਦਰਜ ਕਰਵਾਉਣ ਵਾਲੇ ਜਾਂ ਰਾਜ ਤੋਂ ਬਾਹਰੋਂ ਆਏ ਲੋਕਾਂ ਨੂੰ ਪ੍ਰਦਾਨ ਕੀਤੇ ਜਾ ਸਕਣ।

ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 1)
ਦੂਜੀ ਮੰਜ਼ਿਲ, ਐਸਸੀਓ 33-34-35, ਸੈਕਟਰ 17-ਏ ਚੰਡੀਗੜ੍ਹ

ਮਾਮਲਾ ਨੰ. : ਓਏ/74/2025 ਈਐਕਸਐਚ ਨੰ. 33696

ਕਰਜ਼ ਵਸੂਲੀ ਟ੍ਰਿਬਿਊਨਲ (ਪ੍ਰਕਿਰਿਆ) ਨਿਯਮਾਵਲੀ, 1993 ਦੇ ਨਿਯਮ 5 ਦੇ ਉਪ-ਨਿਯਮ (2ਏ) ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੇ

ਐਚਡੀਐਫਸੀ ਬੈਂਕ
ਬਨਾਮ
ਸੁਨੀਲ ਕੁਮਾਰ ਸ਼ਰਮਾ ਪੁੱਤਰ ਓਮ ਪ੍ਰਕਾਸ਼ ਸ਼ਰਮਾ

ਵੱਲ,

(1) ਸੁਨੀਲ ਕੁਮਾਰ ਸ਼ਰਮਾ ਪੁੱਤਰ ਓਮ ਪ੍ਰਕਾਸ਼ ਸ਼ਰਮਾ, ਬਠਿੰਡਾ, ਪੰਜਾਬ-151001
ਹੋਰ ਪਤਾ : ਸਾਹਮਣੇ ਆਈਟੀਬੀਬੀ ਡਿਵੈਲਸ ਕਲੋਨੀ, ਪਿੰਡ ਬੀਬੀ ਵਾਲਾ, ਬਠਿੰਡਾ ਪੰਜਾਬ-151001, ਹੋਰ ਪਤਾ : ਮਕਾਨ ਨੰ. 53, ਸਿੰਘੂਪੱਤੀ ਜੋਗਾਨੰਦ, ਬਠਿੰਡਾ, ਪੰਜਾਬ-151001

ਸੰਮਨ

ਜਿਥੇ ਕਿ, ਓ. ਏ./74/2025, 16.03.2026 ਨੂੰ ਮਾਨਯੋਗ ਪ੍ਰਧਾਨਗੀ ਅਧਿਕਾਰੀ/ਰਜਿਸਟਰਾਰ ਕੋਲ ਸੂਚੀਬੱਧ ਸੀ।
ਜਿਥੇ ਕਿ, ਇਸ ਮਾਨਯੋਗ ਟ੍ਰਿਬਿਊਨਲ ਵੱਲੋਂ ਰੁ. 1,04,77,056.83/- (ਅਰਜ਼ੀ, ਦਸਤਾਵੇਜ਼ਾਂ ਦੀਆਂ ਕਾਪੀਆਂ ਆਦਿ ਦੇ ਨਾਲ, ਨਾਲ ਨੱਥੀ ਹੈ।) ਦੇ ਕਰਜ਼ਿਆਂ ਦੀ ਵਸੂਲੀ ਲਈ ਤੁਹਾਡੇ ਖਿਲਾਫ ਦਾਇਰ (ਓ. ਏ.) ਕਾਨੂੰਨ ਦੀ ਧਾਰਾ 19 (4) ਦੇ ਅਧੀਨ ਦਰਸਾਈ ਅਰਜ਼ੀ 'ਤੇ ਸੰਮਨ/ਸੂਚਨਾ ਜਾਰੀ ਕੀਤੀ ਜਾ ਰਹੀ ਹੈ।
ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੀ ਨਿਰੰਤਰਤਾ ਵਿਚ ਤੁਹਾਨੂੰ, ਡਿਫੈਡੈਂਟਸ ਨੂੰ ਨਿਮਨ ਅਨੁਸਾਰ ਨਿਰਦੇਸ਼ ਦਿੱਤਾ ਜਾਂਦਾ ਹੈ :-
(1) ਸੰਮਨ ਦੀ ਤਾਮੀਲ ਤੋਂ ਤੀਹ ਦਿਨਾਂ ਦੇ ਅੰਦਰ ਕਾਰਨ ਦੱਸਣਾ ਕਿ ਬਿਨੈ ਕੀਤੀ ਰਾਹਤ ਕਿਉਂ ਪ੍ਰਵਾਨ ਨਾ ਕੀਤੀ ਜਾਵੇ;
(2) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਸੰਪੱਤੀਆਂ ਅਤੇ ਅਸਾਸਿਆਂ ਨਾਲੋਂ ਹੋਰ ਸੰਪੱਤੀਆਂ ਜਾਂ ਅਸਾਸਿਆਂ ਦੇ ਵੇਰਵਿਆਂ ਦਾ ਖੁਲਾਸਾ ਕਰਨਾ;
(3) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਖੁਲਾਸਾ ਕੀਤੀਆਂ, ਲੰਬਿਤ ਸੁਣਵਾਈ ਵਾਲੀਆਂ ਸੁਰੱਖਿਅਤ ਸੰਪੱਤੀਆਂ ਜਾਂ ਅਜਿਹੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਸੰਦੇਬਾਜ਼ੀ ਜਾਂ ਨਿਪਟਾਰਾ ਕਰਨ ਅਤੇ ਸੰਪੱਤੀਆਂ ਨੂੰ ਜੋੜਨ ਲਈ ਅਰਜ਼ੀ ਦਾ ਨਿਪਟਾਰਾ ਕਰਨ ਤੋਂ ਰੋਕ ਲਗਾਈ ਜਾਂਦੀ ਹੈ;
(4) ਤੁਸੀਂ ਟ੍ਰਿਬਿਊਨਲ ਦੀ ਅਗਾਊਂ ਪ੍ਰਵਾਨਗੀ ਤੋਂ ਬਿਨਾਂ ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਤਹਿਤ ਦਰਸਾਏ ਜਾਂ ਨਿਪਟਾਰਾ ਕੀਤੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਅਤੇ/ਜਾਂ ਅਸਾਸੇ ਜਿਨ੍ਹਾਂ ਉਪਰ ਸੁਰੱਖਿਆ ਵਿਆਜ ਦਾ ਨਿਰਮਾਣ ਕੀਤਾ ਗਿਆ ਹੈ, ਵਿਚੋਂ ਕਿਸੇ ਦਾ ਵੀ ਵਪਾਰ ਦੇ ਸਧਾਰਨ ਢੰਗ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੋਗੇ।
(5) ਤੁਸੀਂ ਵਪਾਰ ਦੇ ਸਧਾਰਨ ਢੰਗ ਵਿਚ ਸੁਰੱਖਿਅਤ ਅਸਾਸਿਆਂ ਜਾਂ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਵਿਕਰੀ ਦੁਆਰਾ ਪ੍ਰਾਪਤ ਵਿਕਰੀ ਵਸੂਲੀ ਦੇ ਲਈ ਲੇਖਾ ਰੱਖਣ ਲਈ ਜੁਆਬਦੇਹ ਹੋ ਅਤੇ ਅਜਿਹੀ ਵਿਕਰੀ ਵਸੂਲੀ ਨੂੰ ਬੈਂਕ ਜਾਂ ਅਜਿਹੇ ਅਸਾਸਿਆਂ ਉਪਰ ਸੁਰੱਖਿਆ ਵਿਆਜ ਦੀਆਂ ਧਾਰਕ ਵਿੱਤੀ ਸੰਸਥਾਵਾਂ ਕੋਲ ਰੱਖੇ ਖਾਤੇ ਵਿਚ ਜਮ੍ਹਾਂ ਕਰਵਾਓਗੇ।
ਤੁਹਾਨੂੰ ਇਹ ਵੀ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਬਿਨੈਕਾਰ ਨੂੰ ਲਿਖਤੀ ਬਿਆਨ ਉਤਾਰੇ ਸਮੇਤ ਦਰਜ ਕਰਵਾਓ ਅਤੇ 25.05.2026 ਨੂੰ ਸਵੇਰੇ 10.30 ਵਜੇ ਰਜਿਸਟਰਾਰ ਕੋਲ ਪੇਸ਼ ਹੋਵੋ, ਜਿਸ ਤੋਂ ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਅਤੇ ਫੈਸਲਾ ਤੁਹਾਡੀ ਗੈਰ ਹਾਜ਼ਰੀ ਵਿਚ ਲੈ ਲਿਆ ਜਾਵੇਗਾ।
ਮੇਰੇ ਦਸਤਖ਼ਤ ਅਤੇ ਇਸ ਟ੍ਰਿਬਿਊਨਲ ਦੀ ਮੋਹਰ ਮਿਤੀ 18.03.2026 ਨੂੰ ਜਾਰੀ।
ਸੰਮਨ ਜਾਰੀ ਕਰਨ ਲਈ ਅਧਿਕਾਰਤ ਅਧਿਕਾਰੀ ਦੇ ਹਸਤਾਖਰ

ਇੰਡੀਅਨ ਬੈਂਕ Indian Bank ALLAHABAD ਇਲਾਹਾਬਾਦ

ਜ਼ੋਨਲ ਦਫਤਰ, ਜਲੰਧਰ
ਐਸਸੀਓ-44-ਸੀ, ਦੂਜੀ ਮੰਜ਼ਿਲ, ਅਰਬਨ ਅਸਟੇਟ, ਫੇਜ਼-II, ਜਲੰਧਰ-144022
E-mail: zojalandhar@indianbank.bank.in, M- 94176 43621

ਈ-ਨਿਲਾਮੀ ਵਿਕਰੀ ਸੂਚਨਾ

ਵਿਕਰੀ ਸੂਚਨਾ ਲਈ ਅਚੱਲ ਸੰਪੱਤੀ/ਆਂ ਦੀ ਵਿਕਰੀ

ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 9(1) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਚੱਲ/ਅਚੱਲ ਸੰਪੱਤੀਆਂ ਦੀ ਵਿਕਰੀ ਬਾਰੇ ਈ-ਨਿਲਾਮੀ ਵਿਕਰੀ ਸੂਚਨਾ। ਆਮ ਕਰਕੇ ਜਨਤਾ ਅਤੇ ਵਿਸ਼ੇਸ਼ ਕਰਕੇ ਕਰਜ਼ਦਾਰ (ਾ)/ਸਹਿ ਕਰਜ਼ਦਾਰ(ਾ)/ਜ਼ਾਮਨ (ਾ) ਅਤੇ ਗਿਰਵੀਕਾਰ (ਾ) ਨੂੰ ਇਸ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ/ਬੰਦੀ ਨਿਮਨ ਦਰਸਾਈ ਚੱਲ/ਅਚੱਲ ਸੰਪੱਤੀਆਂ, ਜਿਸ ਦਾ ਸੰਕੇਤਕ/ਭੌਤਿਕ ਕਬਜ਼ਾ **ਇੰਡੀਅਨ ਬੈਂਕ ਅਤੇ ਇੰਡੀਅਨ ਬੈਂਕ (ਤਤਕਾਲੀ ਇਲਾਹਾਬਾਦ ਬੈਂਕ, 01.04.2020 ਤੋਂ ਪ੍ਰਭਾਵੀ ਗਜ਼ਟ ਅਧਿਸੂਚਨਾ ਨੰਬਰ 133 (ਜੀਐਸਆਰ-156ਈ), ਮਿਤੀ 04.03.2020 ਦੇ ਅਨੁਸਾਰ)** ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਹੈ, ਦੀ ਵਿਕਰੀ "ਜਿਵੇਂ ਹੈ ਜਿਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਜੋ ਵੀ ਉਥੇ ਹੈ ਅਧਾਰ" 'ਤੇ ਨਿਮਨ ਦਰਸਾਈ ਮਿਤੀ ਨੂੰ ਨਿਮਨ ਦਰਸਾਏ ਕਰਜ਼ਦਾਰ (ਾ)/ਗਿਰਵੀਕਾਰ (ਾ) ਅਤੇ ਜ਼ਾਮਨ (ਾ) ਤੋਂ ਸੁਰੱਖਿਅਤ ਕਰਜ਼ਦਾਤਾ ਵੱਲ ਬਕਾਇਆ ਰਕਮ ਦੀ ਵਸੂਲੀ ਦੇ ਲਈ ਕੀਤੀ ਜਾਵੇਗੀ। ਰਾਖਵੀਂ ਕੀਮਤ ਅਤੇ ਬਿਆਨਾ ਰਕਮ ਜਮ੍ਹਾਂ ਅਤੇ ਚੱਲ/ਅਚੱਲ ਸੰਪੱਤੀਆਂ ਦੇ ਵੇਰਵੇ ਹੇਠਾਂ ਵੀ ਦਰਸਾਏ ਗਏ ਹਨ :-

ਲ. ਨੰ.	ਸ਼ਾਖਾ ਅਤੇ ਕਰਜ਼ਦਾਰ (ਾ)/ ਜ਼ਾਮਨ (ਾ) ਦਾ ਨਾਮ	ਅਚੱਲ ਸੰਪੱਤੀਆਂ ਦੇ ਵੇਰਵੇ (ਕਬਜ਼ੇ ਦੀਆਂ ਕਿਸਮਾਂ)	ਸੁਰੱਖਿਅਤ ਕਰਜ਼ ਰਕਮ	ਰਾਖਵੀਂ ਕੀਮਤ / ਬਿਆਨਾ ਰਕਮ ਰਾਸ਼ੀ	ਬੋਲੀ ਵਾਧਾ ਰਕਮ / ਸੰਪੱਤੀ ਆਈਡੀ :
1.	ਬੀ/ਓ ਅਰਬਨ ਅਸਟੇਟ ਫੇਜ਼ 2 Mob. No. 86306 - 08698	ਰਿਹਾਇਸ਼ੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਜੋ ਕਿ ਮਕਾਨ ਨੰਬਰ 194, ਲਾਜਪਤ ਨਗਰ, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ ਵਿਖੇ ਸਥਿਤ ਹੈ, ਜਿਸਦਾ ਮਾਪ 1K-3M-39 ਵਰਗ ਫੁੱਟ ਹੈ ਜੋ ਕਿ ਖਸਰਾ ਨੰਬਰ 4296, 4301, ਹੱਦਬਸਤ ਨੰਬਰ 307/1 ਵਿੱਚ ਫਰਦ/ਜਮਾਬੰਦੀ 2009-10 ਦੇ ਅਨੁਸਾਰ ਸ਼੍ਰੀ ਜਤਿੰਦਰ ਸਿੰਘ ਵਾਲੀਆ ਪੁੱਤਰ ਸ਼੍ਰੀ ਗੁਰਬਖਸ਼ ਸਿੰਘ ਅਤੇ ਸ਼੍ਰੀਮਤੀ ਰਚਨਾ ਵਾਲੀਆ ਪਤਨੀ ਸ਼੍ਰੀ ਜਤਿੰਦਰ ਸਿੰਘ ਵਾਲੀਆ ਦੇ ਨਾਮ 'ਤੇ ਦਰਜ ਹੈ। ਇਸ ਦੀ ਚੌਹੱਦਬੰਦੀ: - ਪੂਰਬੀ ਕੋਠੀ ਨੰਬਰ 199, ਪੱਛਮੀ-ਗਲੀ 20 ਫੁੱਟ, ਉੱਤਰ- ਕੋਠੀ ਨੰਬਰ 193, ਦੱਖਣ-ਕੋਠੀ ਨੰਬਰ 195 । ਵਿਕਰੀ/ਟਰਾਂਸਫਰ ਡੀਡਾਂ ਦਾ ਵੇਰਵਾ ਇਸ ਪ੍ਰਕਾਰ ਹੈ:- ੳ) ਵਿਕਰੀ ਡੀਡ ਨੰਬਰ 11208 ਮਿਤੀ 16.12.1996 ਦੇ ਅਨੁਸਾਰ ਸ਼੍ਰੀ ਜਤਿੰਦਰ ਸਿੰਘ ਵਾਲੀਆ ਪੁੱਤਰ ਸ਼੍ਰੀ ਗੁਰਬਖਸ਼ ਸਿੰਘ ਦੇ ਨਾਮ 'ਤੇ 7 ਮਰਲਾ 151 ਵਰਗ ਫੁੱਟ ਜੋ ਕਿ ਸਬ ਰਜਿਸਟਰਾਰ, ਜਲੰਧਰ ਨਾਲ ਰਜਿਸਟਰਡ ਹੈ। ਅ) ਸਬ ਰਜਿਸਟਰਾਰ, ਜਲੰਧਰ ਨਾਲ ਰਜਿਸਟਰਡ ਵਿਕਰੀ ਡੀਡ ਨੰਬਰ 908 ਮਿਤੀ 02.05.2000 ਅਨੁਸਾਰ ਸ਼੍ਰੀ ਜਤਿੰਦਰ ਸਿੰਘ ਵਾਲੀਆ ਪੁੱਤਰ ਸ਼੍ਰੀ ਗੁਰਬਖਸ਼ ਸਿੰਘ ਦੇ ਨਾਮ 'ਤੇ 4 ਮਰਲਾ। ੲ) ਸਬ ਰਜਿਸਟਰਾਰ, ਜਲੰਧਰ ਨਾਲ ਰਜਿਸਟਰਡ ਵਿਕਰੀ ਡੀਡ ਨੰਬਰ 818 ਮਿਤੀ 28.04.2000 ਅਨੁਸਾਰ ਸ਼੍ਰੀ ਜਤਿੰਦਰ ਸਿੰਘ ਵਾਲੀਆ ਪੁੱਤਰ ਸ਼੍ਰੀ ਗੁਰਬਖਸ਼ ਸਿੰਘ ਦੇ ਨਾਮ 'ਤੇ 3 ਮਰਲਾ 95 ਵਰਗ ਫੁੱਟ। ਸ) ਸਬ ਰਜਿਸਟਰਾਰ, ਜਲੰਧਰ ਨਾਲ ਰਜਿਸਟਰਡ ਵਿਕਰੀ ਡੀਡ ਨੰਬਰ 792 ਮਿਤੀ 28.04.2000 ਅਨੁਸਾਰ ਸ਼੍ਰੀ ਰਚਨਾ ਵਾਲੀਆ ਪਤਨੀ ਸ਼੍ਰੀ ਜਤਿੰਦਰ ਸਿੰਘ ਵਾਲੀਆ ਦੇ ਨਾਮ 'ਤੇ 4 ਮਰਲਾ। ਹ) ਟਰਾਂਸਫਰ ਡੀਡ ਨੰਬਰ 2023-24/186/1/6497 ਮਿਤੀ 18.08.2023 ਅਨੁਸਾਰ ਸ਼੍ਰੀ ਰਚਨਾ ਵਾਲੀਆ ਪਤਨੀ ਸ਼੍ਰੀ ਜਤਿੰਦਰ ਸਿੰਘ ਵਾਲੀਆ ਦੇ ਨਾਮ 'ਤੇ 4 ਮਰਲਾ ਜੋ ਕਿ ਸਬ ਰਜਿਸਟਰਾਰ, ਜਲੰਧਰ ਕੋਲ ਰਜਿਸਟਰਡ ਹੈ। (ਕਬਜ਼ੇ ਦੀ ਕਿਸਮ: ਸੰਕੇਤਕ)	ਬਕਾਇਆ ਰਕਮ 3,04,04,154/- ਰੁਪਏ (ਤਿੰਨ ਕਰੋੜ ਚਾਰ ਲੱਖ ਚਾਰ ਹਜ਼ਾਰ ਇੱਕ ਸੌ ਚੁਰੰਜਾ ਰੁਪਏ ਕੇਵਲ) 20.05.2026 ਨੂੰ, ਜਿਸ ਵਿੱਚ 20.05.2026 ਤੋਂ ਵਿਆਜ, ਲਾਗਤਾਂ, ਹੋਰ ਖਰਚੇ ਅਤੇ ਇਸ 'ਤੇ ਖਰਚੇ ਸ਼ਾਮਲ ਹਨ।	Rs. 3,80,00,000/- Rs. 38,00,000/-	Rs. 5,00,000/- IDIBR30278745513

ਈ-ਨਿਲਾਮੀ ਵੈਬਸਾਈਟ | ਸੰਪੱਤੀ ਦੀਆਂ ਤਸਵੀਰਾਂ | ਸੰਪੱਤੀ ਦਾ ਸਥਾਨ

** ਦਸਤਾਵੇਜ਼ਾਂ ਦੀ ਜਾਂਚ ਦੀ ਮਿਤੀ	12.06.2026 ਤੋਂ 25.06.2025 ਸਵੇਰੇ 10:00 ਵਜੇ ਤੋਂ ਸ਼ਾਮ 04:00 ਵਜੇ ਤੱਕ
** ਈ-ਨਿਲਾਮੀ ਮੋਡ ਰਾਹੀਂ ਬੋਲੀ ਜਮ੍ਹਾਂ ਕਰਨ ਦੀ ਆਖਰੀ ਮਿਤੀ ਅਤੇ ਸਮਾਂ	26.06.2026 ਨੂੰ ਬਾ. ਦੁ. 03.00 ਵਜੇ ਤੱਕ
ਬੋਲੀ ਜਮ੍ਹਾਂ ਕਰਨ ਦੀ ਆਖਰੀ ਮਿਤੀ ਅਤੇ ਸਮਾਂ	26.06.2026 ਸਵੇਰੇ 11:00 ਵਜੇ ਤੋਂ ਸ਼ਾਮ 05:00 ਵਜੇ ਤੱਕ ਈ ਨਿਲਾਮੀ ਰਾਹੀਂ

ਇਹ ਪ੍ਰਕਾਸ਼ਨ ਸੁਰੱਖਿਆ ਹਿੱਤ (ਲਾਗੂ ਕਰਨ) ਨਿਯਮਾਂ, 2002 ਦੇ ਨਿਯਮ 6(2) ਅਤੇ 9(1)/8(6) ਦੇ ਤਹਿਤ ਉਪਰੋਕਤ ਕਰਜ਼ਦਾਰ(ਆਂ) ਅਤੇ ਜ਼ਾਮਨ(ਾ) ਨੂੰ 30 ਦਿਨਾਂ ਦਾ ਸੂਚਨਾ ਵੀ ਹੈ।

ਬੋਲੀਦਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਔਨਲਾਈਨ ਬੋਲੀ ਵਿੱਚ ਹਿੱਸਾ ਲੈਣ ਲਈ ਸਾਡੇ ਈ-ਨਿਲਾਮੀ ਸੇਵਾ ਪ੍ਰਦਾਤਾ PSB ਅਲਾਇੰਸ ਪ੍ਰਾਈਵੇਟ ਲਿਮਟਿਡ ਦੀ ਵੈਬਸਾਈਟ (https://baanknet.com) 'ਤੇ ਜਾਣ। ਤਕਨੀਕੀ ਸਹਾਇਤਾ ਲਈ ਕਿਰਪਾ ਕਰਕੇ PSB ਅਲਾਇੰਸ ਪ੍ਰਾਈਵੇਟ ਲਿਮਟਿਡ ਨੂੰ ਕਾਲ ਕਰੋ। ਲਿਮਟਿਡ ਹੈਲਪਡੈਸਕ ਨੰਬਰ 8291220220, ਈਮੇਲ ਆਈਡੀ:- support.baanknet@psballiance.com ਅਤੇ ਸੇਵਾ ਪ੍ਰਦਾਤਾ ਹੈਲਪ ਡੈਸਕ ਵਿੱਚ ਉਪਲਬਧ ਹੋਰ ਹੈਲਪ ਲਾਈਨ ਨੰਬਰ। ਪੀਐਸਬੀ ਅਲਾਇੰਸ ਪ੍ਰਾਈਵੇਟ ਲਿਮਟਿਡ ਨਾਲ ਰਜਿਸਟ੍ਰੇਸ਼ਨ ਸਥਿਤੀ ਅਤੇ ਈਐਮਡੀ ਸਥਿਤੀ ਲਈ, ਕਿਰਪਾ ਕਰਕੇ support.baanknet@psballiance.com 'ਤੇ ਸੰਪਰਕ ਕਰੋ। ਜਾਇਦਾਦ ਦੇ ਵੇਰਵਿਆਂ ਅਤੇ ਫੋਟੋ ਅਤੇ ਨਿਲਾਮੀ ਦੇ ਨਿਯਮਾਂ ਅਤੇ ਸ਼ਰਤਾਂ ਲਈ ਕਿਰਪਾ ਕਰਕੇ ਦਿੱਖੋ ਜਾਓ: https://baanknet.com ਅਤੇ ਇਸ ਪੋਰਟਲ ਨਾਲ ਸਬੰਧਤ ਸਪਸ਼ਟੀਕਰਨ ਲਈ, ਕਿਰਪਾ ਕਰਕੇ ਹੈਲਪਡੈਸਕ ਨੰਬਰ 8291220220 'ਤੇ ਸੰਪਰਕ ਕਰੋ। ਬੋਲੀਕਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ https://baanknet.com ਨਾਲ ਵੈਬਸਾਈਟ ਵਿੱਚ ਜਾਇਦਾਦ ਦੀ ਖੋਜ ਕਰਦੇ ਸਮੇਂ ਉੱਪਰ ਦੱਸੇ ਗਏ ਜਾਇਦਾਦ ਆਈਡੀ ਨੰਬਰ ਦੀ ਵਰਤੋਂ ਕਰਨ।

ਮਿਤੀ: 21.05.2026 ਸਥਾਨ: ਜਲੰਧਰ, ਅਧਿਕਾਰਤ ਅਧਿਕਾਰੀ

IDBI BANK BANK AISA DOST JAISA

ਆਈਡੀਬੀਆਈ ਬੈਂਕ ਲਿਮ.
ਐਸਸੀਓ 72-73, ਸੈਕਟਰ 17-ਬੀ,
ਬੈਂਕ ਸਕੁਏਅਰ, ਚੰਡੀਗੜ੍ਹ,
ਜ਼ੋਨਲ ਦਫ਼ਤਰ ਚੰਡੀਗੜ੍ਹ

ਈ-ਨਿਲਾਮੀ ਸੂਚਨਾ

ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (6) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ **ਅਚੱਲ ਸੰਪੱਤੀਆਂ** ਦੀ ਵ

ਗੁਰਦੁਆਰਾ ਸਾਹਿਬ 'ਚ ਨੰਗੇ ਸਿਰ ਤੇ ਜੁੱਤੀਆਂ ਸਣੇ ਦਾਖਲ ਹੋਈ ਪੁਲਿਸ

☛ਗੁਰਦੁਆਰਾ ਸਾਹਿਬ 'ਚ ਗੋਲਕ ਨੂੰ ਲੈ ਕੇ ਹੋਇਆ ਸੀ ਵਿਵਾਦ

ਫਿਲਾਡੇਲਫੀਆ, 21 ਮਈ (ਚ.ਨ.ਸ): ਅਮਰੀਕਾ ਦੇ ਫਿਲਾਡੇਲਫੀਆ ਗੁਰਦੁਆਰਾ ਤੋਂ ਇੱਕ ਬਹੁਤ ਹੀ ਮੰਦਭਾਗੀ ਘਟਨਾ ਸਾਹਮਣੇ ਆਏ ਹੈ, ਜਿੱਥੇ ਗੋਲਕ ਦੀ ਗਿਣਤੀ ਨੂੰ ਲੈ ਕੇ ਪੈਦਾ ਹੋਏ ਵਿਵਾਦ ਸਮੇਂ ਪੁਲਿਸ ਨੰਗੇ ਸਿਰ ਤੇ ਜੁੱਤੀਆਂ ਸਮੇਤ ਹੀ ਗੁਰਦੁਆਰਾ ਸਾਹਿਬ ਵਿੱਚ ਦਾਖ਼ਲ ਹੋ ਗਈ। ਗੁਰਦੁਆਰਾ ਪ੍ਰਬੰਧਕ ਕਮੇਟੀ ਪੁਲਿਸ ਨੂੰ ਦੇਖ ਕੇ ਉਥੋਂ ਗਾਇਬ ਹੋ ਗਈ, ਜਦਕਿ ਸੰਗਤ ਉਥੇ ਹੀ ਖੜ੍ਹੀ ਰਹੀ। ਵਾਇਰਲ ਵੀਡੀਓ ਵਿੱਚ ਗੋਲਕ



ਦੇ ਨੇੜੇ ਨੋਟਾਂ ਦਾ ਲੱਗਿਆ ਹੋਇਆ ਢੇਰ ਸਾਫ਼ ਦਿਖਾਈ ਦੇ ਰਿਹਾ ਹੈ। ਇਸ ਵਿੱਚ ਪੁਲਿਸ ਮੁਲਾਜ਼ਮ ਜੁੱਤੀਆਂ ਤੇ ਨੰਗੇ ਸਿਰ ਖੜ੍ਹੇ ਸਾਫ਼ ਦਿਖਾਈ ਦੇ ਰਹੇ ਹਨ। ਸਭ ਤੋਂ ਜ਼ਿਆਦਾ ਸ਼ਰਮਨਾਕ ਗੱਲ ਇਹ ਸੀ ਕਿ ਸਮਝੌਤੇ ਸਮੇਂ ਵੀ ਪੁਲਿਸ ਮੁਲਾਜ਼ਮ ਨੰਗੇ ਸਿਰ ਤੇ ਜੁੱਤੀਆਂ ਸਣੇ ਸ੍ਰੀ ਗੁਰੂ ਗ੍ਰੰਥ ਸਾਹਿਬ ਵੱਲ ਪਿੱਠ ਕਰਕੇ ਖੜ੍ਹੇ ਰਹੇ, ਜਦਿਕ ਵਿਵਾਦ 'ਚ ਸ਼ਾਮਲ ਲੋਕ ਗੁਰਦੁਆਰਾ ਸਾਹਿਬ ਵਿੱਚ ਮੌਜੂਦ ਨਹੀਂ ਸਨ। ਇਸ ਘਟਨਾ ਤੋਂ ਬਾਅਦ ਸੰਗਤਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਵਾਰਡ ਨੰਬਰ 4 'ਚ ਗੈਰ-ਕਾਨੂੰਨੀ ਢੰਗ ਨਾਲ ਵੋਟਾਂ ਬਣਾਉਣ ਦੇ ਦੋਸ਼

☛ਮਕਾਨ ਨੰਬਰ 0 (ਜ਼ੀਰੋ) ਦੀ ਹੋ ਰਹੀ ਚਰਚਾ

ਗੜ੍ਹਸ਼ੰਕਰ/ਹੁਸ਼ਿਆਰਪੁਰ, 21 ਮਈ (ਅਜਮੇਰ ਸਿੰਘ ਭਨੋਟ): ਗੜ੍ਹਸ਼ੰਕਰ ਨਗਰ ਕੌਂਸਲ ਚੋਣਾਂ ਦੌਰਾਨ ਵਾਰਡ ਨੰਬਰ 4 ਵਿੱਚ ਗੈਰ-ਕਾਨੂੰਨੀ ਢੰਗ ਨਾਲ ਵੋਟਾਂ ਬਣਾਉਣ ਦੇ ਗੰਭੀਰ ਦੋਸ਼ ਸਾਹਮਣੇ ਆਏ ਹਨ। ਇਸ ਸਬੰਧੀ ਆਰ.ਟੀ.ਆਈ. ਤੇ ਸੋਸ਼ਲ ਐਕਟਿਵਿਸਟ ਪਰਵਿੰਦਰ ਸਿੰਘ ਕਿੱਤਣਾ ਵੱਲੋਂ ਰਾਜ ਚੋਣ ਕਮਿਸ਼ਨ ਪੰਜਾਬ ਨੂੰ ਲਿਖਤੀ ਸ਼ਿਕਾਇਤ ਭੇਜ ਕੇ ਉਚ ਪੱਧਰੀ ਜਾਂਚ ਦੀ ਮੰਗ ਕੀਤੀ ਗਈ ਹੈ।



ਸ਼ਿਕਾਇਤ ਵਿੱਚ ਦੱਸਿਆ ਗਿਆ ਹੈ ਕਿ ਗੜ੍ਹਸ਼ੰਕਰ ਦੇ ਕੁਝ ਰਾਜਸੀ ਆਗੂਆਂ ਤੇ ਸਰਕਾਰੀ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਵਾਰਡ ਨੰਬਰ 4 ਵਿੱਚ ਅਜਿਹੇ ਵਿਅਕਤੀਆਂ ਦੀਆਂ ਵੋਟਾਂ ਬਣਾਈਆਂ ਗਈਆਂ ਹਨ, ਜਿਨ੍ਹਾਂ ਦੀਆਂ ਵੋਟਾਂ ਪਹਿਲਾਂ ਹੀ ਉਨ੍ਹਾਂ ਦੇ ਜੱਦੀ-ਪੁਸ਼ਤੀ ਪਿੰਡਾਂ ਤੇ ਹੋਰ ਥਾਵਾਂ 'ਤੇ ਮੌਜੂਦ ਹਨ। ਦੋਸ਼ ਹੈ ਕਿ ਇਹ ਕਾਰਵਾਈ ਇੱਕ ਖਾਸ ਉਮੀਦਵਾਰ ਨੂੰ ਫਾਇਦਾ ਪਹੁੰਚਾਉਣ ਲਈ ਕੀਤੀ ਗਈ। ਪਰਵਿੰਦਰ ਸਿੰਘ ਕਿੱਤਣਾ ਨੇ ਦੱਸਿਆ ਕਿ ਕਈ ਵੋਟਾਂ ਵਿੱਚ ਮਕਾਨ ਨੰਬਰ '0' (ਜ਼ੀਰੋ) ਦਰਜ ਕੀਤਾ ਗਿਆ ਹੈ, ਜਿਸ ਨਾਲ ਪੂਰੀ ਪ੍ਰਕਿਰਿਆ 'ਤੇ ਗੰਭੀਰ ਸਵਾਲ ਖੜ੍ਹੇ ਹੁੰਦੇ ਹਨ। ਉਨ੍ਹਾਂ ਕਿਹਾ ਕਿ ਇਹ ਵੀ ਜਾਂਚ ਦਾ ਵਿਸ਼ਾ ਹੈ ਕਿ ਕੀ ਵੋਟਾਂ ਬਣਾਉਣ ਲਈ ਸਬੰਧਤ ਵਿਅਕਤੀਆਂ ਦੀ ਸਹਿਮਤੀ ਲਈ ਗਈ ਸੀ ਜਾਂ ਨਹੀਂ। ਇਸ ਸਬੰਧੀ ਇੱਕ ਉਮੀਦਵਾਰ ਵੱਲੋਂ ਐਸ.ਡੀ.ਐਮ. ਗੜ੍ਹਸ਼ੰਕਰ ਨੂੰ ਲਿਖਤੀ ਸ਼ਿਕਾਇਤ ਦਿੱਤੀ ਗਈ ਸੀ ਪਰ ਕੋਈ ਕਾਰਵਾਈ ਨਹੀਂ ਕੀਤੀ ਗਈ। ਇਸ ਲਈ ਸ਼ਿਕਾਇਤ ਵਿੱਚ ਐਸ.ਡੀ.ਐਮ. ਗੜ੍ਹਸ਼ੰਕਰ ਤੇ ਉਸ ਦੇ ਸਟਾਫ ਦੀ ਭੂਮਿਕਾ ਦੀ ਵੀ ਜਾਂਚ ਕਰਨ ਦੀ ਮੰਗ ਕੀਤੀ ਗਈ ਹੈ। ਰਾਜ ਚੋਣ ਕਮਿਸ਼ਨ ਕੋਲ ਕੀਤੀਆਂ ਮੁੱਖ ਮੰਗਾਂ ਵਿੱਚ ਨਵੀਆਂ ਬਣੀਆਂ ਵੋਟਾਂ ਦੀ ਜਾਂਚ, ਗੈਰ-ਕਾਨੂੰਨੀ ਢੰਗ ਨਾਲ ਬਣੀਆਂ ਵੋਟਾਂ ਦੀ ਵਰਤੋਂ 'ਤੇ ਰੋਕ, ਜ਼ਿੰਮੇਵਾਰ ਆਗੂਆਂ ਤੇ ਅਧਿਕਾਰੀਆਂ ਖ਼ਿਲਾਫ਼ ਕਾਰਵਾਈ ਤੇ ਪੂਰੀ ਪ੍ਰਕਿਰਿਆ ਦੀ ਨਿਰਪੱਖ ਜਾਂਚ ਸ਼ਾਮਲ ਹੈ। ਆਰ.ਟੀ.ਆਈ. ਤੇ ਸੋਸ਼ਲ ਐਕਟਿਵਿਸਟ ਪਰਵਿੰਦਰ ਸਿੰਘ ਕਿੱਤਣਾ ਨੇ ਕਿਹਾ ਕਿ ਲੋਕਤੰਤਰ ਦੀ ਪਵਿੱਤਰਤਾ ਬਰਕਰਾਰ ਰੱਖਣ ਲਈ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ ਤੇ ਨਿਰਪੱਖ ਬਣਾਉਣਾ ਬਹੁਤ ਜ਼ਰੂਰੀ ਹੈ ਤੇ ਜੇਕਰ ਸਮੇਂ ਸਿਰ ਕਾਰਵਾਈ ਨਾ ਹੋਈ ਤਾਂ ਇਹ ਮਾਮਲਾ ਹੋਰ ਉਚ ਅਧਿਕਾਰੀਆਂ ਤੇ ਅਦਾਲਤਾਂ ਤੱਕ ਵੀ ਲਿਆਂਦਾ ਜਾ ਸਕਦਾ ਹੈ।

ਦਮਦਮੀ ਟਕਸਾਲ ਭਿੰਡਰਾਂ ਮਹਿਤਾ ਨੇ ਪਿੰਡ ਧਰਦਿਉ ਦੇ ਗੁਰਦੁਆਰਾ ਸਾਹਿਬ ਵਿਖੇ ਦੀਵਾਨ ਸਜਾਏ

ਚੌਕ ਮਹਿਤਾ, 21 ਮਈ (ਬਲਜਿੰਦਰ ਸਿੰਘ ਰੰਧਾਵਾ): ਦਮਦਮੀ ਟਕਸਾਲ (ਜੱਥਾ ਭਿੰਡਰਾਂ ਮਹਿਤਾ) ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੀ ਅਗਵਾਈ ਵਿਚ ਜੂਨ 1984 ਦੇ ਸਮੂਹ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ 42ਵਾਂ ਮਹਾਨ ਸ਼ਹੀਦੀ ਜੋੜ ਮੇਲਾ 6 ਜੂਨ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਮਨਾਇਆ ਜਾਵੇਗਾ।ਇਸ ਤੀਸਰਾ ਘੱਲੂਘਾਰਾ ਦੇ ਸ਼ਹੀਦਾਂ ਦੀ ਯਾਦ ਵਿੱਚ ਸਜਾਏ ਜਾ ਰਹੇ ਦੀਵਾਨਾਂ ਦੀ ਲੜੀ ਤਹਿਤ ਅੱਜ ਦੇ ਦੀਵਾਨ ਪਿੰਡ ਧਰਦਿਉ ਦੇ ਗੁਰਦੁਆਰਾ ਸਾਹਿਬ ਵਿਖੇ ਸਜਾਏ ਗਏ। ਜਿਸ ਦੌਰਾਨ ਟਕਸਾਲ ਦੇ ਹਜ਼ੂਰੀ ਰਾਗੀ ਜੱਥੇ ਨੇ ਤੰਤੀ ਸਾਜਾਂ ਦੇ ਨਾਲ ਰਸ ਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਉਪਰੰਤ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਦੀਵਾਨ ਵਿੱਚ ਜੁੜੀਆਂ ਸੰਗਤਾਂ ਨੂੰ ਛੇਵੇਂ ਪਾਤਸ਼ਾਹ ਦੇ ਜੀਵਨ ਸਫ਼ਰ ਨਾਲ ਸਬੰਧਤ ਪਾਵਨ ਗੁਰ



ਇਤਹਾਸ ਸਰਵਣ ਕਰਵਾ ਕੇ ਨਿਹਾਲ ਕੀਤਾ। ਗਿਆਨੀ ਖ਼ਾਲਸਾ ਨੇ ਆਖਿਆ ਕਿ ਸਿੱਖ ਤੇ ਪੰਥ ਵਿਰੋਧੀ ਤਾਕਤਾਂ ਸਿੱਖੀ ਨੂੰ ਕਮਜ਼ੋਰ ਕਰਨ ਲਈ ਦਿਨ-ਰਾਤ ਯਤਨਸ਼ੀਲ ਹਨ, ਇਸ ਲਈ ਸਾਨੂੰ ਇਨ੍ਹਾਂ ਪੰਥ ਦੋਖੀਆਂ ਤੋਂ ਸੁਚੇਤ ਰਹਿਣ ਦੀ ਲੋੜ ਹੈ। ਆਓ ਸਾਰੇ ਅੰਮ੍ਰਿਤ ਛੱਕ ਕੇ ਸਿੰਘ ਸਜੀਏ ਤੇ ਆਪਣੇ ਧਰਮ ਵਿੱਚ ਪ੍ਰਪੱਕ ਰਹਿ ਕੇ ਸਿੱਖੀ ਨੂੰ ਹੋਰ ਮਜ਼ਬੂਤ ਕਰੀਏ। ਸਮਾਗਮ ਦੇ ਅਖੀਰ ਵਿੱਚ ਪ੍ਰਬੰਧਕਾਂ ਨੇ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੇ ਸਤਿਕਾਰ ਵਿੱਚ ਸਿਰੋਪਾਓ ਤੇ ਦੁਸ਼ਾਲਾ ਭੇਟ ਕੀਤਾ। ਇਸ ਮੌਕੇ ਜਥੇ. ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ ਚੌਕ ਮਹਿਤਾ, ਜਥੇ. ਬਾਬਾ ਬੋਹੜ ਸਿੰਘ, ਗਿਆਨੀ ਗੁਰਬਾਜ ਸਿੰਘ, ਗਿਆਨੀ ਸਾਹਿਬ ਸਿੰਘ, ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ, ਡਾ. ਅਵਤਾਰ ਸਿੰਘ ਬੁੱਟਰ, ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ, ਭਾਈ ਭਾਗ ਸਿੰਘ, ਭਾਈ ਪ੍ਰਭਜੀਤ ਸਿੰਘ, ਭਾਈ ਸਤਨਾਮ ਸਿੰਘ, ਗਿਆਨੀ ਜੋਬਨਜੀਤ ਸਿੰਘ, ਭਾਈ ਨਿਰਮਲ ਸਿੰਘ, ਗਿਆਨੀ ਮੋਹਣ ਸਿੰਘ, ਭਾਈ ਗੁਰਕਿਰਪਾਲ ਸਿੰਘ, ਭਾਈ ਜੁਝਾਰ ਸਿੰਘ, ਭਾਈ ਪ੍ਰਕਾਸ਼ ਸਿੰਘ, ਭਾਈ ਗੁਰਪ੍ਰੀਤ ਸਿੰਘ ਵੈਦ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਵਿਧਾਇਕ ਰੰਧਾਵਾ ਨੇ ਡੇਹਰੀਵਾਲ ਕਿਰਨ ਵਿਖੇ ਬਣ ਰਹੇ ਪੁੱਲ ਦੇ ਕੰਮ ਦਾ ਜਾਇਜ਼ਾ ਲਿਆ



ਡੇਰਾ ਬਾਬਾ ਨਾਨਕ/ਗੁਰਦਾਸਪੁਰ, 21 ਮਈ (ਹੈਪੀ ਕੋਟਲੀ): ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਪਿੰਡ ਡੇਹਰੀਵਾਲ ਕਿਰਨ ਵਿਖੇ ਭਾਰਤ ਲੋਕ ਨਿਰਮਾਣ ਵਿਭਾਗ ਅਧੀਨ ਬਣ ਰਹੇ ਪੁੱਲ ਦੇ ਕੰਮ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਵੱਲੋਂ ਸਬੰਧਤ ਅਧਿਕਾਰੀਆਂ ਨੂੰ ਬਰਸਾਤਾਂ ਦੇ ਮੌਸਮ ਤੋਂ ਪਹਿਲਾਂ ਪੁੱਲ ਦਾ ਨਿਰਮਾਣ ਕੰਮ ਮੁਕੰਮਲ ਕਰਨ ਲਈ ਦਿਸ਼ਾ-ਨਿਰਦੇਸ਼ ਦਿੱਤੇ। ਨਾਲ ਇਹ ਵੀ ਕਿਹਾ ਕਿ ਪੁੱਲ ਨੂੰ ਹੋਰ ਚੌੜਾ ਤੇ ਲੰਬਾ ਬਣਾਇਆ ਜਾਵੇ ਤਾਂ ਜੋ ਬਰਸਾਤਾਂ ਦੌਰਾਨ ਪਾਣੀ ਦਾ ਵਹਾਅ ਸੁਚਾਰੂ ਢੰਗ ਨਾਲ ਹੋ ਸਕੇ ਤੇ ਪਾਣੀ ਜਲਦ ਤੋਂ ਜਲਦ ਪੁੱਲ ਦੇ ਹੇਠੋਂ ਲੰਘ ਸਕੇ। ਇਸ ਮੌਕੇ ਉਨ੍ਹਾਂ ਨੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨਾਲ ਫੋਨ 'ਤੇ ਗੱਲਬਾਤ ਕਰਕੇ ਬੇਨਤੀ ਕੀਤੀ ਕਿ ਡਰੇਨੇਜ਼ ਵਿਭਾਗ ਨੂੰ ਦਿਸ਼ਾ-ਨਿਰਦੇਸ਼ ਜਾਰੀ ਕਰਕੇ ਕਿਰਨ ਸਕੀ ਨਾਲੇ ਨੂੰ ਚੌੜਾ ਕੀਤਾ ਜਾਵੇ ਤੇ ਇਸ ਦੀ ਖਾਲਾਈ ਕਰਵਾਈ ਜਾਵੇ ਤਾਂ ਜੋ ਬਰਸਾਤਾਂ ਦੇ ਮੌਸਮ ਦੌਰਾਨ ਪਾਣੀ ਦੀ ਨਿਕਾਸੀ ਸੁਚਾਰੂ ਢੰਗ ਨਾਲ ਹੋ ਸਕੇ। ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਵਿੱਚ ਲੋਕਹਿੱਤ ਨੂੰ ਮੁੱਖ ਰੱਖਦਿਆਂ ਵਿਕਾਸ ਕਾਰਜ ਜਾਰੀ ਹਨ ਤੇ ਹਲਕਾ ਡੇਰਾ ਬਾਬਾ ਨਾਨਕ ਵਿਖੇ ਵੀ ਚਹੁੰਪੱਖੀ ਵਿਕਾਸ ਕੰਮ ਚੱਲ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਹਲਕੇ ਵਿੱਚ ਬਿਹਤਰ ਸੜਕਾਂ, ਸਿਹਤ ਸਹੂਲਤਾਂ, ਸਾਫ਼ ਪਾਣੀ ਤੇ ਖੇਡਾਂ ਦੇ ਬੁਨਿਆਦੀ ਢਾਂਚੇ ਨਾਲ ਸਾਡਾ ਰੰਗਲੇ ਪੰਜਾਬ ਦਾ ਸੁਪਨਾ ਸਾਕਾਰ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਉਹ ਹਲਕੇ ਦੇ ਸਰਬਪੱਖੀ ਵਿਕਾਸ ਲਈ ਲੋਕਾਂ ਦੀ ਸੇਵਾ ਵਿੱਚ 24 ਘੰਟੇ ਹਾਜ਼ਰ ਹਨ ਤੇ ਖੁਦ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕੀਤਾ ਜਾ ਰਿਹਾ ਹੈ।

ਸੜਕ ਕਿਨਾਰੇ ਸਕੂਲ 'ਚ ਲੱਗਾ ਸਫੈਦਾ ਦੇ ਰਿਹੈ ਹਾਦਸਿਆਂ ਨੂੰ ਸੱਦਾ

ਘੁਮਾਣ/ਸ੍ਰੀ ਹਰਿਗੋਬਿੰਦਪੁਰ, 21 ਮਈ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਹਲਕਾ ਸ੍ਰੀ ਹਰਿਗੋਬਿੰਦਪੁਰ ਦੇ ਅਧੀਨ ਆਉਂਦੇ ਇਤਿਹਾਸਕ ਕਸਬਾ ਘੁਮਾਣ ਦੇ ਬਾਬਾ ਨਾਮਦੇਵ ਸਰਕਾਰੀ ਸਕੂਲ ਵਿੱਚ ਲੱਗਾ ਦਰੱਖਤ ਡਿੱਗਣ ਕਿਨਾਰੇ ਖੜ੍ਹਾ ਹੈ, ਜਿਸਦੇ ਡਿੱਗਣ ਨਾਲ ਕੋਈ ਵੱਡਾ ਹਾਦਸਾ ਵਾਪਰ ਸਕਦਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਦੁਕਾਨਦਾਰ ਭਾਈਚਾਰਾ ਉਪਿੰਦਰ ਸਿੰਘ, ਪਰਮਜੀਤ ਸਿੰਘ, ਹਰਜਿੰਦਰ ਸਿੰਘ ਜੱਜ, ਸੁਖਵਿੰਦਰ ਸਿੰਘ, ਡਾ. ਨਰਿੰਦਰ ਸਿੰਘ ਆਦਿ ਨੇ ਦੱਸਿਆ ਕਿ ਬਾਬਾ ਨਾਮਦੇਵ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਘੁਮਾਣ ਵਿੱਚ ਸੜਕ ਕਿਨਾਰੇ ਕੰਧ ਦੇ ਲਾਗੇ ਲੱਗੇ ਸਫੈਦਿਆਂ ਵਿੱਚੋਂ ਇੱਕ ਸਫੈਦਾ ਸੁੱਕਾ ਹੋਣ ਕਰਕੇ ਡਿੱਗਣ ਕਿਨਾਰੇ ਖੜ੍ਹਾ ਹੈ, ਜਿਸਨੇ ਆਪਣੀ ਲਪੇਟ ਵਿੱਚ ਸਕੂਲ ਦੀ ਕੰਧ ਨੂੰ ਵੀ ਲੈ ਲਿਆ ਹੈ ਤੇ ਇਹ ਕਿਸੇ ਵੇਲੇ ਵੀ ਡਿੱਗ ਸਕਦਾ ਹੈ ਤੇ ਇਸਦੇ ਡਿੱਗਣ ਨਾਲ ਕੋਈ ਵੱਡਾ ਹਾਦਸਾ ਵਾਪਰ ਸਕਦਾ ਹੈ। ਲਾਗੇ ਬਿਜਲੀ ਦਾ ਖੰਭਾ ਹੈ ਤੇ ਲਾਗੇ ਤਾਰਾਂ ਲੱਗਦੀਆਂ ਹਨ, ਜੇ ਇਹ ਹਨ੍ਹੇਰੀ ਕਾਰਨ ਬਿਜਲੀ ਦੀਆਂ ਤਾਰਾਂ ਵਿੱਚ ਡਿੱਗਦਾ ਹੈ ਤਾਂ ਵੀ ਕੋਈ ਵੀ ਵੱਡਾ ਹਾਦਸਾ ਵਾਪਰ ਸਕਦਾ ਹੈ ਤੇ ਕਈ ਦਿਨ ਲਾਈਟ ਵੀ ਪ੍ਰਭਾਵਿਤ ਰਹੇਗੀ। ਉਨ੍ਹਾਂ ਨੇ ਇਸ ਸਬੰਧੀ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਖਸਤਾ ਹਾਲਤ ਦਰੱਖਤ ਨੂੰ ਕੱਟਿਆ ਜਾਵੇ। ਇਸ ਸਬੰਧੀ ਜਦ ਸਕੂਲ ਦੇ ਪ੍ਰਿੰਸੀਪਲ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਅਸੀਂ ਡੀ.ਈ.ਓ. ਦਫ਼ਤਰ ਵਿਖੇ ਲਿਖਤੀ ਦਰਖਾਸਤ



ਦਿੱਤੀ ਸੀ ਤੇ ਉਨ੍ਹਾਂ ਵੱਲੋਂ ਇਹ ਐਸ.ਡੀ.ਓ. ਬਟਾਲਾ ਨੂੰ ਰੈਫਰ ਕੀਤੀ ਗਈ ਹੈ ਤੇ ਉਨ੍ਹਾਂ ਵੱਲੋਂ ਅਜੇ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ, ਕਿਉਂਕਿ ਹਾਈਕੋਰਟ ਵੱਲੋਂ ਵੀ ਰੋਕ ਲਗਾਈ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਅਸੀਂ ਥੋੜੇ ਦਿਨ ਪਹਿਲਾਂ ਐਸ.ਡੀ.ਓ. ਦਫਤਰ ਵਿਖੇ ਪੇਸ਼ ਹੋ ਕੇ ਬੇਨਤੀ ਕੀਤੀ ਸੀ ਕਿ ਸਾਡੇ ਸਕੂਲ ਦੇ ਕੁਝ ਦਰੱਖਤ ਬਹੁਤ ਹੀ ਖਸਤਾ ਹਾਲਤ ਵਿੱਚ ਹਨ, ਉਨ੍ਹਾਂ ਨੂੰ ਕਟਾਇਆ ਜਾਵੇ ਤੇ ਉਨ੍ਹਾਂ ਵੱਲੋਂ ਹੁਣ 29 ਮਈ ਨੂੰ ਮੀਟਿੰਗ ਰੱਖੀ ਗਈ ਹੈ ਤੇ ਮੀਟਿੰਗ ਤੋਂ ਬਾਅਦ ਹੀ ਖਸਤਾ ਹਾਲਤ ਹੋਏ ਦਰੱਖਤਾਂ ਦੀ ਕਟਾਈ ਹੋਵੇਗੀ। ਉਨ੍ਹਾਂ ਅੱਗੇ ਦੱਸਿਆ ਕਿ ਸਕੂਲ ਵੱਲੋਂ ਗ੍ਰਾਮ ਪੰਚਾਇਤ ਘੁਮਾਣ ਨੂੰ ਵੀ ਕਿਹਾ ਸੀ ਕਿ ਜਿਹੜੇ ਦਰੱਖਤ ਡਿੱਗਣ ਵਾਲੇ ਹਨ, ਉਨ੍ਹਾਂ ਨੂੰ ਕੱਟਾ ਦਿੱਤਾ ਜਾਵੇ ਪਰ ਦਰੱਖਤ ਬਹੁਤ ਜ਼ਿਆਦਾ ਲੰਮੇ ਹੋਣ ਕਾਰਨ ਕੋਈ ਵੀ ਰਿਸਕ ਨਹੀਂ ਲੈਂਦਾ।

ਏ.ਡੀ.ਸੀ. ਵੱਲੋਂ ਐਸ.ਆਈ.ਆਰ. ਸਬੰਧੀ ਸਵੀਪ ਟੀਮ ਨਾਲ ਮੀਟਿੰਗ



ਗੁਰਦਾਸਪੁਰ, 21 ਮਈ (ਜਗੀਰ ਸਿੰਘ ਮੰਡ/ਨਾਹਰ): ਅੱਜ ਵਧੀਕ ਡਿਪਟੀ ਕਮਿਸ਼ਨਰ ਗੁਰਸਿਮਰਨ ਸਿੰਘ ਢਿੱਲੋਂ ਵੱਲੋਂ ਜ਼ਿਲ੍ਹਾ ਸਵੀਪ ਟੀਮ ਨਾਲ ਐਸ.ਆਈ.ਆਰ. ਸਬੰਧੀ ਮਹੱਤਵਪੂਰਨ ਮੀਟਿੰਗ ਕਰਕੇ ਇਸ ਸਬੰਧੀ ਯੋਜਨਾਬੰਦੀ ਕੀਤੀ ਗਈ। ਇਸ ਦੌਰਾਨ ਜਾਣਕਾਰੀ ਦਿੰਦੇ ਵਧੀਕ ਡਿਪਟੀ ਕਮਿਸ਼ਨਰ ਗੁਰਸਿਮਰਨ ਸਿੰਘ ਢਿੱਲੋਂ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਵੱਲੋਂ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ ਸਬੰਧੀ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ। ਇਸ ਦੇ ਤਹਿਤ ਪੰਜਾਬ ਰਾਜ ਵਿੱਚ 25 ਜੂਨ ਤੋਂ 24 ਜੁਲਾਈ ਤੱਕ ਬੀ.ਐਲ.ਓਜ਼ ਘਰ-ਘਰ ਜਾ ਕੇ ਫਾਰਮ ਭਰਵਾਉਣਗੇ। ਉਨ੍ਹਾਂ ਸਵੀਪ ਟੀਮ ਨਾਲ ਅੱਜ ਇਸ ਸਬੰਧੀ ਮੀਟਿੰਗ ਕਰਕੇ ਯੋਜਨਾਬੰਦੀ ਕੀਤੀ ਗਈ ਤਾਂ ਜੋ ਇਸ ਨੂੰ ਸਫਲਤਾ ਨੇਪਰੇ ਚੜ੍ਹਾਇਆ ਜਾ ਸਕੇ। ਉਨ੍ਹਾਂ ਜਾਣਕਾਰੀ ਦੱਤੀ ਕਿ ਇਸ ਸਬੰਧੀ ਸਾਰੀ ਤਿਆਰੀ ਮੁਕੰਮਲ ਕਰ ਲਈ ਗਈ ਹੈ। ਉਨ੍ਹਾਂ ਕਿਹਾ ਕਿ ਐਸ.ਆਈ.ਆਰ. ਸ਼ੁਰੂ ਹੋਣ ਤੋਂ ਪਹਿਲਾਂ ਪ੍ਰੀ ਐਸ.ਆਈ.ਆਰ. ਮੈਪਿੰਗ ਦਾ ਕੰਮ ਸਮੇਂ ਸਿਰ ਮੁਕੰਮਲ ਕੀਤਾ ਜਾਵੇ। ਇਸ ਮੌਕੇ ਜ਼ਿਲ੍ਹਾ ਚੋਣ ਤਹਿਸੀਲਦਾਰ ਮਨਜਿੰਦਰ ਸਿੰਘ, ਸੀਨੀਅਰ ਚੋਣ ਕਾਨੂੰਗੋ ਸੁਨੀਲ ਕੁਮਾਰ, ਅਮਿਤ ਗੁਪਤਾ ਅਸਿਸਟੈਂਟ ਨੋਡਲ ਅਫ਼ਸਰ ਸਵੀਪ ਪਰਮਜੀਤ ਸਿੰਘ ਕਲਸੀ, ਜ਼ਿਲ੍ਹਾ ਮੀਡੀਆ ਇੰਚਾਰਜ ਸਵੀਪ ਗਗਨਦੀਪ ਸਿੰਘ ਤੇ ਸਵੀਪ ਮੈਂਬਰ ਸੰਦੀਪ ਸਿੰਘ ਹਾਜ਼ਰ ਸਨ।

ਮਨਜੀਤ ਸਿੰਘ ਦਸੂਹਾ

ਪੁਲਿਸ ਨੇ ਸੁਖਰਾਜ ਸਿੰਘ ਉਰਫ ਕਾਕਾ ਪੱਡੇ 'ਤੇ ਗੋਲੀ ਚਲਾਉਣ ਵਾਲੇ ਦਬੋਚੇ

☛1 ਪਿਸਟਲ 30 ਬੋਰ ਬਰੇਟਾ, 3 ਰੌਂਦ ਜ਼ਿੰਦਾ 30 ਬੋਰ ਦੀ ਬ੍ਰਾਮਦਗੀ

ਬਟਾਲਾ, 21 ਮਈ (ਬਲਵਿੰਦਰ ਸਿੰਘ ਪੰਜਗਰਾਈਂ/ਧੰਨਪਾਲ ਕਲਸੀ): ਸੰਦੀਪ ਕੁਮਾਰ ਵਡੇਰਾ ਐਸ.ਪੀ. ਇਨਵੈਸਟੀਗੇਸ਼ਨ ਬਟਾਲਾ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਗੈਂਗਸਟਰਾਂ ਦੇ ਖ਼ਿਲਾਫ ਚਲਾਇਆ ਗਿਆ ਆਪਰੇਸ਼ਨ ਪ੍ਰਹਾਰ-2 ਜੀ ਸਬੰਧੀ ਡੀ.ਜੀ.ਪੀ. ਪੰਜਾਬ ਦੇ ਹੁਕਮਾਂ ਅਨੁਸਾਰ ਡਾ. ਮਹਿਤਾਬ ਸਿੰਘ ਐਸ.ਐਸ.ਪੀ. ਬਟਾਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਟਾਲਾ ਪੁਲਿਸ ਵੱਲੋਂ ਜੋਗਾ ਸਿੰਘ ਡੀ.ਐਸ.ਪੀ., ਡੇਰਾ ਬਾਬਾ ਨਾਨਕ ਦੀ ਜ਼ੇਰ ਨਿਗਰਾਨੀ, ਇੰਸਪੈਕਟਰ ਸੁਖਰਾਜ ਸਿੰਘ ਸੀ.ਆਈ.ਏ. ਸਟਾਫ ਬਟਾਲਾ ਤੇ ਐਸ.ਆਈ. ਅਸ਼ੋਕ ਕੁਮਾਰ ਮੁੱਖ ਅਫਸਰ ਥਾਣਾ ਡੇਰਾ ਬਾਬਾ ਨਾਨਕ ਨੂੰ ਉਸ ਵੇਲੇ ਵੱਡੀ ਸਫਲਤਾ ਹਾਸਲ ਹੋਈ, ਜਦੋਂ ਅਸ਼ੀਸ ਮਸੀਹ ਉਰਫ ਸੀਪਾ ਪੁੱਤਰ ਸੈਮੂਅਲ ਮਸੀਹ ਵਾਸੀ ਸ਼ਾਹਪੁਰ ਜਾਜਨ ਨੂੰ ਕਾਬੂ ਕਰਕੇ ਇਸ ਪਾਸੇ 1 ਪਿਸਟਲ 30 ਬੋਰ ਬਰੇਟਾ ਤੇ 3 ਰੌਂਦ ਜ਼ਿੰਦਾ 30



ਬੋਰ ਬ੍ਰਾਮਦ ਕਰਕੇ ਇਸ ਦੇ ਖ਼ਿਲਾਫ ਮੁਕੱਦਮਾ ਨੰਬਰ 101 ਮਿਤੀ 20-5-2026 ਜੁਰਮ 25-54-59 ਅਸਲ੍ਹਾ ਐਕਟ ਥਾਣਾ ਡੇਰਾ ਬਾਬਾ ਨਾਨਕ ਦਰਜ ਕੀਤਾ ਗਿਆ। ਉਨ੍ਹਾਂ ਅੱਗੇ ਦੱਸਿਆ ਕਿ ਪੁੱਛਗਿੱਛ ਦੌਰਾਨ ਦੋਸ਼ੀ ਅਸ਼ੀਸ਼ ਉਰਫ ਸੀਪਾ ਨੇ ਦੱਸਿਆ ਕਿ ਮਿਤੀ 25 ਮਾਰਚ 2026 ਨੂੰ ਸੁਖਰਾਜ ਸਿੰਘ ਉਰਫ ਕਾਕਾ ਵਾਸੀ ਪੱਡੇ 'ਤੇ ਜਿਸ ਦਿਨ ਗੋਲੀਆਂ ਚੱਲੀਆਂ ਸਨ, ਉਸ ਦਿਨ ਉਸ ਨੇ ਸੁਖਰਾਜ ਸਿੰਘ ਉਰਫ ਕਾਕਾ ਪੱਡੇ ਦੀ ਰੈਕੀ ਕੀਤੀ ਸੀ, ਜੋ ਇਸ ਵਕੂਆ ਸਬੰਧੀ ਦਰਜ ਮੁਕੱਦਮਾ ਨੰਬਰ 47 ਮਿਤੀ 25-03-2026 ਜੁਰਮ 109, 61(2), ਬੀ.ਐਨ.ਐਸ. 25/27-54-59 ਆਰਮਜ਼ ਐਕਟ ਥਾਣਾ ਡੇਰਾ ਬਾਬਾ ਨਾਨਕ ਵਿੱਚ ਵੀ ਲੋੜੀਦਾ ਸੀ, ਦੋਸ਼ੀ ਸੀਪਾ ਨੂੰ ਪੇਸ਼ ਅਦਾਲਤ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ, ਰਿਮਾਂਡ ਦੌਰਾਨ ਹੋਰ ਖੁਲਾਸੇ ਹੋਣ ਦੀ ਸੰਭਾਵਨਾ ਹੈ। ਉਨ੍ਹਾਂ ਦੱਸਿਆ ਕਿ ਦੋਸ਼ੀ ਕੋਲੋਂ 1 ਪਿਸਟਲ 30 ਬੋਰ ਬਰੇਟਾ, 3 ਰੌਂਦ ਜ਼ਿੰਦਾ 30 ਬੋਰ ਬ੍ਰਾਮਦਗੀ ਹੋਈ ਹੈ।

ਐਸ.ਐਸ.ਪੀ. ਡਾ. ਮਹਿਤਾਬ ਸਿੰਘ ਦੀ ਅਗਵਾਈ ਹੇਠ ਬਟਾਲਾ ਪੁਲਿਸ ਵੱਲੋਂ ਫਲੈਗ ਮਾਰਚ

ਬਟਾਲਾ/ਨੁਸ਼ਹਿਰਾ ਮੱਝਾ ਸਿੰਘ, 21 ਮਈ (ਬਲਵਿੰਦਰ ਸਿੰਘ ਪੰਜਗਰਾਈਂ/ਡਾ. ਸਤਨਾਮ ਸੰਧੂ): ਅੱਜ ਨਗਰ ਨਿਗਮ ਚੋਣਾਂ ਨੂੰ ਲੈ ਕੇ ਬਟਾਲਾ ਪੁਲਿਸ ਵੱਲੋਂ ਐਸ.ਐਸ.ਪੀ. ਬਟਾਲਾ ਡਾ. ਮਹਿਤਾਬ ਸਿੰਘ ਦੀ ਅਗਵਾਈ ਹੇਠ ਫਲੈਗ ਮਾਰਚ ਕੱਢਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐਸ.ਐਸ.ਪੀ. ਬਟਾਲਾ ਡਾ. ਮਹਿਤਾਬ ਸਿੰਘ ਨੇ ਦੱਸਿਆ ਕਿ ਅੱਜ ਬਟਾਲਾ ਪੁਲਿਸ ਵੱਲੋਂ ਨਗਰ ਨਿਗਮ ਚੋਣਾਂ ਨੂੰ ਮੁੱਖ ਰੱਖਦੇ ਹੋਏ ਫਲੈਗ ਮਾਰਚ ਕੱਢਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਫਲੈਗ ਮਾਰਚ ਗਾਂਧੀ ਚੌਕ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ 'ਚੋਂ ਹੁੰਦਾ ਹੋਇਆ ਐਸ.ਐਸ.ਪੀ. ਦਫਤਰ ਵਿਖੇ ਸਮਾਪਤ ਹੋਇਆ। ਉਨ੍ਹਾਂ ਕਿਹਾ ਕਿ ਬਟਾਲਾ ਪੁਲਿਸ ਵੱਲੋਂ ਨਗਰ ਨਿਗਮ ਚੋਣਾਂ ਨੂੰ ਲੈ ਕੇ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ ਤੇ ਚੋਣਾਂ ਦੌਰਾਨ ਕਿਸੇ ਵੀ ਸਮਾਜ ਵਿਰੋਧੀ ਅਨਸਰ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਬਟਾਲਾ ਪੁਲਿਸ ਵੱਲੋਂ ਰੋਜ਼ਾਨਾ ਸ਼ਹਿਰ ਦੇ ਵੱਖ-ਵੱਖ ਇਲਾਕਿਆਂ 'ਚ ਨਾਕਾਬੰਦੀ ਕਰਦੇ ਹੋਏ ਸਮਾਜ ਵਿਰੋਧੀ ਅਨਸਰਾਂ 'ਤੇ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੁਲਿਸ ਪ੍ਰਸ਼ਾਸਨ ਸ਼ਹਿਰ ਵਾਸੀਆਂ ਦੀ ਜਾਨ ਮਾਲ ਦੀ ਰਾਖੀ ਲਈ ਵਚਨਬੱਧ ਹੈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨਗਰ ਨਿਗਮ ਚੋਣਾਂ ਦੌਰਾਨ ਬਿਨਾਂ ਕਿਸੇ ਡਰ ਤੇ ਲਾਲਚ ਦੇ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ



ਤੇ ਜੇਕਰ ਸ਼ਹਿਰ ਵਾਸੀਆਂ ਨੂੰ ਕੋਈ ਸਮੱਸਿਆ ਪੇਸ਼ ਆਉਂਦੀ ਹੈ ਤਾਂ ਉਹ ਪੁਲਿਸ ਅਧਿਕਾਰੀਆਂ ਦੇ ਧਿਆਨ 'ਚ ਲਿਆਉਣ ਤਾਂ ਜੋ ਉਸ ਸਮੱਸਿਆ ਨੂੰ ਹੱਲ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਬਟਾਲਾ ਪੁਲਿਸ ਵੱਲੋਂ ਨਗਰ ਨਿਗਮ ਚੋਣਾਂ ਪੂਰੇ ਅਮਨ ਅਮਾਨ ਨਾਲ ਨੇਪਰੇ ਚਾੜ੍ਹੀਆਂ ਜਾਣੀਆਂ। ਇਸ ਮੌਕੇ ਉਨ੍ਹਾਂ ਨਾਲ ਐਸ.ਪੀ. ਡੀ. ਸੰਦੀਪ ਵਡੇਹਰਾ, ਡੀ.ਐਸ.ਪੀ. ਰਮਨਦੀਪ ਸਿੰਘ, ਡੀ.ਐਸ.ਪੀ. ਤੇਜਿੰਦਰਪਾਲ ਸਿੰਘ, ਡੀ.ਐਸ.ਪੀ. ਸਿਟੀ ਸੁਖਇੰਦਰ ਸਿੰਘ, ਇੰਸਪੈਕਟਰ ਸੁਖਰਾਜ ਸਿੰਘ, ਐਸ.ਐਚ.ਓ. ਸੁਖਜਿੰਦਰ ਸਿੰਘ ਆਦਿ ਸਮੇਤ ਵੱਡੀ ਗਿਣਤੀ 'ਚ ਪੁਲਿਸ ਅਧਿਕਾਰੀ ਹਾਜ਼ਰ ਸਨ।

ਵੋਟਾਂ 'ਚ ਆਪਣਾ ਭਾਈਚਾਰਾ ਖਰਾਬ ਨਾ ਕਰੋ: ਅਭਿਸ਼ੇਕ ਜਿੰਦਲ

ਮੋਗਾ, 21 ਮਈ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਵਿੱਚ ਨਗਰ ਨਿਗਮ ਦੀਆਂ ਚੋਣਾਂ ਆ ਰਹੀਆਂ ਹਨ ਤੇ ਮੋਗਾ ਵਿੱਚ ਸਿਆਸੀ ਅਖਾੜਾ ਪੂਰੀ ਤਰ੍ਹਾਂ ਭੱਖ ਚੁੱਕਾ ਹੈ, ਹਰ ਇੱਕ ਉਮੀਦਵਾਰ ਆਪਣਾ-ਆਪਣਾ ਜ਼ੋਰ ਲਗਾ ਰਿਹਾ ਹੈ, ਪਰ ਮੋਗਾ ਦੇ ਐਸ.ਐਫ.ਸੀ. ਸਕੂਲ ਦੇ ਐਮ.ਡੀ. ਅਭਿਸ਼ੇਕ ਜਿੰਦਲ ਨੇ ਕਿਹਾ ਕਿ ਵੋਟਾਂ ਤਾਂ ਆਉਂਦੀਆਂ ਜਾਂਦੀਆਂ ਰਹਿੰਦੀਆਂ ਹਨ, ਪਰ ਤੁਸੀਂ ਆਪਣਾ ਆਪਸੀ ਭਾਈਚਾਰਾ ਖਰਾਬ ਨਾ ਕਰੋ, ਕਿਉਂਕਿ ਵੋਟਾਂ ਕਾਰਨ ਆਪਾਂ ਇੱਕ-ਦੂਜੇ ਨੂੰ ਗਲਤ ਬੋਲਦੇ ਹਾਂ ਜਾਂ ਗਲਤ



ਸ਼ਬਦਾਵਲੀ ਦੀ ਵਰਤੋਂ ਕਰਦੇ ਹਾਂ, ਜਿਸ ਨਾਲ ਆਪਸੀ ਭਾਈਚਾਰਾ ਖਰਾਬ ਹੁੰਦਾ ਹੈ। ਇਸ ਲਈ ਆਪਾਂ ਸਾਰੇ ਮੋਗੇ ਦੇ ਰਹਿਣ ਵਾਲੇ ਹਾਂ ਤੇ ਮੋਗੇ ਵਿੱਚ ਹੀ ਰਹਿਣਾ ਹੈ, ਇਸ ਲਈ ਕਿਸੇ ਨਾਲ ਵੀ ਇਹੋ ਜਿਹੀ ਗੱਲ ਨਾ ਕਰੋ ਕਿ ਬਾਅਦ ਵਿੱਚ ਕਿਸੇ ਨਾਲ ਅੱਖ ਵੀ ਨਾ ਮਿਲੇ। ਇਸ ਲਈ ਆਪਸੀ ਭਾਈਚਾਰੇ ਨੂੰ ਬਣਾ ਕੇ ਰੱਖੋ, ਕਿਉਂਕਿ ਹਰ ਇਨਸਾਨ ਨੂੰ ਮੂੰਹ ਦੇ ਬੋਲੇ ਸ਼ਬਦ ਯਾਦ ਰਹਿ ਜਾਂਦੇ ਹਨ, ਇਸ ਲਈ ਕਿਸੇ ਨੂੰ ਵੀ ਗਲਤ ਸ਼ਬਦਾਵਲੀ ਦੀ ਵਰਤੋਂ ਨਾ ਕਰੋ, ਕਿਉਂਕਿ ਇਨਸਾਨ ਹੀ ਇਨਸਾਨ ਦੇ ਹੀ ਕੰਮ ਆਉਂਦਾ ਹੈ।

ਏਡੀਸੀ ਵੱਲੋਂ ਕਿਸਾਨਾਂ ਨੂੰ ਕਿਸਾਨ ਆਈਡੀ ਕਾਰਡ ਬਣਾਉਣ ਦੀ ਅਪੀਲ

ਫਿਰੋਜ਼ਪੁਰ, 21 ਮਈ (ਤਿਵਾੜੀ): ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਅਮਨਦੀਪ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਕਾਰੀ ਸਕੀਮਾਂ ਦਾ ਲਾਭ ਲੈਣ ਲਈ ਕਿਸਾਨ ਆਈ.ਡੀ. ਬਣਾਉਣੀ ਲਾਜ਼ਮੀ ਹੈ। ਉਨ੍ਹਾਂ ਨੇ ਵੱਖ-ਵੱਖ ਵਿਭਾਗਾਂ ਨੂੰ ਖੇਤੀਬਾੜੀ ਵਿਭਾਗ ਦੇ ਨਾਲ ਸਰਕਾਰ ਦੇ ਇਸ ਮਹੱਤਵਪੂਰਨ ਕੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਕਿਸਾਨ ਆਈ.ਡੀ. ਬਣਾਉਣ ਲਈ ਕੇਂਦਰ ਸਰਕਾਰ ਵੱਲੋਂ ਐਗਰੀ ਸਟੈਕ ਨਾਂ ਦਾ ਪੋਰਟਲ ਤਿਆਰ ਕੀਤਾ ਗਿਆ ਹੈ। ਜਿਸ 'ਤੇ ਕਿਸਾਨਾਂ ਦੀ ਰਜਿਸਟ੍ਰੇਸ਼ਨ ਕੀਤੀ ਜਾ ਰਹੀ ਹੈ। ਇਸ ਵਿੱਚ ਕਿਸਾਨ ਦੀ ਜ਼ਮੀਨ ਦਾ ਰਕਬਾ ਤੇ ਹੋਰ ਪਰਿਵਾਰਕ ਤੇ ਜ਼ਮੀਨੀ ਰਿਕਾਰਡ ਨਾਲ ਸਬੰਧਤ ਜਾਣਕਾਰੀਆਂ ਦਰਜ ਕੀਤੀਆਂ ਜਾ ਰਹੀਆਂ ਹਨ। ਇਸ ਕੰਮ ਲਈ ਵਿਭਾਗ ਵੱਲੋਂ ਜ਼ਿਲ੍ਹੇ ਅੰਦਰ ਕੁੱਲ 73 ਡਾਟਾ ਐਂਟਰੀ ਅਪਰੇਟਰ ਲਗਾਏ ਗਏ ਹਨ, ਜੋ ਰੋਜ਼ਾਨਾ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਦੀ ਰਜਿਸਟ੍ਰੇਸ਼ਨ ਕਰ ਰਹੇ ਹਨ। ਇਸ ਤੋਂ ਇਲਾਵਾ ਪਿੰਡਾਂ ਵਿਚਲੇ ਕਾਮਨ ਸਰਵਿਸ ਸੈਂਟਰਾਂ (ਸੀ.ਐਸ.ਸੀ.) 'ਤੇ ਵੀ ਫਾਰਮਰ ਆਈ.ਡੀ. ਬਣਾਈ ਜਾ ਰਹੀ ਹੈ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਯੂਨੀਕ ਆਈ.ਡੀ. ਬਣਨ ਨਾਲ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਲਈ ਚਲਾਈਆਂ ਜਾਣ ਵਾਲੀਆਂ ਭਲਾਈ ਯੋਜਨਾਵਾਂ ਦਾ ਲਾਭ ਯੋਗ ਲਾਭਪਾਤਰੀ ਤੱਕ ਪੁੱਜਣਾ ਯਕੀਨੀ ਬਣ ਜਾਵੇਗਾ। ਮੁੱਖ ਖੇਤੀਬਾੜੀ ਅਫ਼ਸਰ ਫਿਰੋਜ਼ਪੁਰ ਡਾ. ਬਲਵਿੰਦਰ ਸਿੰਘ ਨੇ ਦੱਸਿਆ ਕਿ ਇਸ ਮਹੱਤਵਪੂਰਨ ਕੰਮ ਲਈ ਜ਼ਿਲ੍ਹੇ ਭਰ ਦੇ ਪਿੰਡਾਂ ਵਿੱਚ ਕਿਸਾਨਾਂ ਤੱਕ ਜਾਣਕਾਰੀ ਪਹੁੰਚਾਉਣ ਲਈ ਵੱਖ-ਵੱਖ ਮਾਧਿਅਮਾਂ ਰਾਹੀ ਪ੍ਰਚਾਰ ਕੀਤਾ ਜਾ ਰਿਹਾ ਹੈ।



ਵੋਟਰ ਸੂਚੀਆਂ ਦੀ ਐਸ.ਆਈ.ਆਰ. ਪੂਰੀ ਪਾਰਦਰਸ਼ਤਾ ਨਾਲ ਕਰਵਾਈ ਜਾਵੇਗੀ: ਡੀ.ਸੀ.

☛ਐਸ.ਆਈ.ਆਰ. ਅਧੀਨ 87 ਫ਼ੀਸਦੀ ਵੋਟਰਾਂ ਦੀ ਹੋਈ ਮੈਪਿੰਗ: ਡਾ.ਥਿੰਦ

ਸ੍ਰੀ ਫ਼ਤਹਿਗੜ੍ਹ ਸਾਹਿਬ, 21 ਮਈ (ਹਰਪ੍ਰੀਤ ਕੌਰ ਟਿਵਾਣਾ): ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਵੱਲੋਂ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ ਸਬੰਧੀ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ। ਇਸ ਅਧੀਨ ਪੰਜਾਬ ਰਾਜ ਵਿੱਚ 25 ਜੂਨ ਤੋਂ 24 ਜੁਲਾਈ 2026 ਤੱਕ ਬੀ.ਐਲ.ਓਜ਼ ਘਰ-ਘਰ ਜਾ ਕੇ ਫਾਰਮ ਭਰਵਾਉਣਗੇ। ਇਹ ਪ੍ਰਗਟਾਵਾ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਫ਼ਤਹਿਗੜ੍ਹ ਸਾਹਿਬ ਡਾ. ਸੋਨਾ ਥਿੰਦ ਨੇ ਅੱਜ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਰੂਮ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਫ਼ਤਹਿਗੜ੍ਹ ਵਿੱਚ ਐਸ.ਆਈ.ਆਰ. ਕਰਵਾਉਣ ਸਬੰਧੀ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਤੇ ਇਸ ਕੰਮ ਨੂੰ ਪੂਰੇ ਪਾਰਦਰਸ਼ੀ ਤਰੀਕੇ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਕੰਮ ਲਈ ਜ਼ਿਲ੍ਹਾ ਫ਼ਤਹਿਗੜ੍ਹ ਵਿੱਚ 544 ਬੂਥਾਂ 'ਤੇ 544 ਬੀ.ਐਲ.ਓਜ਼, 55 ਸੁਪਰਵਾਈਜ਼ਰ, 3 ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਤੇ 6 ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਲਗਾਏ ਗਏ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿੱਚ 4 ਲੱਖ 55 ਹਜ਼ਾਰ 206 ਵੋਟਰਾਂ ਵਿੱਚੋਂ 3 ਲੱਖ 96 ਹਜ਼ਾਰ 292 ਵੋਟਰ ਮੈਪ ਕਰ ਦਿੱਤੇ ਗਏ ਹਨ, ਜੋ ਕਿ 87 ਫੀਸਦੀ ਬਣਦਾ ਹੈ। ਉਨ੍ਹਾਂ ਕਿਹਾ ਕਿ ਭਾਵੇਂ ਕਿ ਸਾਰੇ ਵੋਟਰਾਂ ਨੂੰ ਐਸ.ਆਈ.ਆਰ. ਅਧੀਨ ਫਾਰਮ ਭਰਨਾ ਜ਼ਰੂਰੀ ਹੈ, ਫਿਰ ਵੀ ਮੈਪ ਕੀਤੇ ਹੋਏ ਵੋਟਰਾਂ ਲਈ ਐਸ.ਆਈ.ਆਰ. ਦੀ ਪ੍ਰਕਿਰਿਆ ਕਾਫੀ ਆਸਾਨ ਹੋਵੇਗੀ। ਜੇਕਰ ਕੋਈ ਵੋਟਰ ਐਸ.ਆਈ.ਆਰ. ਅਧੀਨ ਇਨੂਮੀਰੇਸ਼ਨ ਫਾਰਮ ਨਹੀਂ ਭਰਦਾ ਹੈ ਤਾਂ ਉਸ ਨੂੰ ਡਰਾਫਟ ਵੋਟਰ ਸੂਚੀ ਵਿੱਚ ਸ਼ਾਮਲ ਨਹੀਂ ਕੀਤਾ ਜਾਵੇਗਾ, ਜੋ ਮਿਤੀ 31 ਜੁਲਾਈ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਦਾਅਵੇ ਤੇ



ਇਤਰਾਜ਼ ਮਿਤੀ 31 ਜੁਲਾਈ ਤੋਂ 30 ਅਗਸਤ 2026 ਤੱਕ ਲਏ ਜਾਣਗੇ ਜਿਨ੍ਹਾਂ ਦਾ ਨਿਪਟਾਰਾ ਮਿਤੀ 28 ਸਤੰਬਰ 2026 ਤੱਕ ਕਰਦੇ ਹੋਏ ਮਿਤੀ 1 ਅਕਤੂਬਰ 2026 ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾਵੇਗੀ। ਇਸ ਮੌਕੇ ਤਹਿਸੀਲਦਾਰ ਚੋਣਾਂ ਨਿਰਮਲਾ ਰਾਣੀ ਵੀ ਮੌਜੂਦ ਸਨ।

ਨਗਰ ਕੌਂਸਲ/ਨਗਰ ਪੰਚਾਇਤ ਚੋਣਾਂ ਲਈ ਕੁੱਲ 281 ਉਮੀਦਵਾਰ ਚੋਣ ਮੈਦਾਨ 'ਚ: ਜ਼ਿਲ੍ਹਾ ਚੋਣ ਅਫ਼ਸਰ

☛ਮੁੱਦਕੀ ਦੇ ਸਾਰੇ 13 ਵਾਰਡਾਂ ਤੋਂ ਉਮੀਦਵਾਰ ਬਿਨਾਂ ਮੁਕਾਬਲਾ ਹੀ ਜੇਤੂ

ਫਿਰੋਜ਼ਪੁਰ, 21 ਮਈ (ਤਿਵਾੜੀ): ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਫਿਰੋਜ਼ਪੁਰ ਅਧੀਨ ਆਉਂਦੀਆਂ ਨਗਰ ਕੌਂਸਲ ਫ਼ਿਰੋਜ਼ਪੁਰ, ਜ਼ੀਰਾ ਤੇ ਤਲਵੰਡੀ ਭਾਈ ਦੀਆਂ 26 ਮਈ ਨੂੰ ਹੋਣ ਵਾਲੀਆਂ ਚੋਣਾਂ ਲਈ ਕੁੱਲ 281 ਉਮੀਦਵਾਰ ਚੋਣ ਮੈਦਾਨ ਵਿੱਚ ਹਨ। ਉਨ੍ਹਾਂ ਨਾਮਜ਼ਦਗੀ ਪੱਤਰਾਂ ਬਾਰੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਫ਼ਿਰੋਜ਼ਪੁਰ ਤੋਂ 138, ਜ਼ੀਰਾ ਤੋਂ 87, ਤਲਵੰਡੀ ਭਾਈ ਤੋਂ 56 ਉਮੀਦਵਾਰ ਹੁਣ ਚੋਣ ਮੈਦਾਨ ਵਿੱਚ ਹਨ ਤੇ ਮੁੱਦਕੀ ਦੇ ਸਾਰੇ 13 ਵਾਰਡਾਂ ਤੋਂ ਉਮੀਦਵਾਰ ਬਿਨਾਂ ਮੁਕਾਬਲਾ ਹੀ ਜੇਤੂ ਹਨ, ਇਸ ਲਈ ਮੁੱਦਕੀ ਵਿੱਚ ਚੋਣਾਂ ਨਹੀਂ ਹੋਣਗੀਆਂ। ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨ੍ਹਾਂ ਚੋਣਾਂ ਵਿੱਚ 120271 ਵੋਟਰ ਆਪਣੇ ਵੋਟ ਦੇ ਹੱਕ ਦਾ ਇਸਤੇਮਾਲ ਕਰਨਗੇ, ਜਿਨ੍ਹਾਂ ਵਿੱਚੋਂ 57217 ਮਰਦ ਤੇ 63049 ਔਰਤਾਂ, ਜਦਕਿ 5 ਅਦਰ ਵੋਟਰ ਹਨ। ਉਨ੍ਹਾਂ ਕਿਹਾ ਕਿ ਚੋਣਾਂ ਸਬੰਧੀ ਕਿਸੇ ਪ੍ਰਕਾਰ ਦੀ ਜਾਣਕਾਰੀ ਲਈ ਸਬੰਧਤ ਰਿਟਰਨਿੰਗ ਅਫ਼ਸਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਜ਼ਿਲ੍ਹਾ ਚੋਣ ਅਫ਼ਸਰ ਨੇ ਅੱਗੇ ਦੱਸਿਆ ਕਿ ਇਨ੍ਹਾਂ ਚੋਣਾਂ ਲਈ ਕੁੱਲ 63 ਵਾਰਡਾਂ ਵਿੱਚ 132 ਪੋਲਿੰਗ ਬੂਥ ਬਣਾਏ ਗਏ ਹਨ। ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਫ਼ਿਰੋਜ਼ਪੁਰ ਵਿੱਚ 33 ਵਾਰਡ ਤੇ 85 ਪੋਲਿੰਗ ਬੂਥ, ਨਗਰ ਕੌਂਸਲ ਤਲਵੰਡੀ ਭਾਈ ਵਿੱਚ 13 ਵਾਰਡ ਤੇ 16 ਪੋਲਿੰਗ ਬੂਥ, ਨਗਰ ਕੌਂਸਲ ਜ਼ੀਰਾ ਵਿੱਚ 17 ਵਾਰਡ ਤੇ 31 ਪੋਲਿੰਗ ਬੂਥ ਬਣਾਏ ਗਏ ਹਨ। ਜ਼ਿਲ੍ਹਾ ਚੋਣ ਅਫ਼ਸਰ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ 26 ਮਈ ਨੂੰ ਸਵੇਰੇ 08:00 ਵਜੇ ਤੋਂ ਸ਼ਾਮ 05:00 ਵਜੇ ਤੱਕ ਵੋਟਾਂ ਪੈਣਗੀਆਂ ਤੇ 29 ਮਈ ਨੂੰ ਵੋਟਾਂ ਦੀ ਗਿਣਤੀ ਹੋਵੇਗੀ। ਉਨ੍ਹਾਂ ਸਾਰੇ ਵੋਟਰਾਂ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਬਿਨਾਂ ਕਿਸੇ ਡਰ, ਲਾਲਚ ਦੇ ਪੂਰੀ ਜ਼ਿੰਮੇਵਾਰੀ ਨਾਲ ਕਰਨ ਦੀ ਅਪੀਲ ਕੀਤੀ।



ਵਿਧਾਇਕ ਰਾਏ ਨੇ ਪਿੰਡਾਂ ਦੇ ਵਿਕਾਸ ਕਾਰਜਾਂ ਲਈ 96 ਲੱਖ ਰੁਪਏ ਦੀ ਗ

ਨਗਰ ਕੌਂਸਲ ਅਤੇ ਨਗਰ ਨਿਗਮ ਚੋਣਾਂ ਨੂੰ ਲੈ ਕੇ ਸਿਆਸੀ ਮਾਹੌਲ ਪੂਰੀ ਤਰ੍ਹਾਂ ਗਰਮਾਇਆ

ਪਾਇਲ, 21 ਮਈ (ਸੰਜੀਵ ਲਹਿਲ) : ਪੰਜਾਬ ਵਿੱਚ 26 ਮਈ ਨੂੰ ਹੋਣ ਜਾ ਰਹੀਆਂ ਨਗਰ ਕੌਂਸਲ ਅਤੇ ਨਗਰ ਨਿਗਮ ਚੋਣਾਂ ਨੂੰ ਲੈ ਕੇ ਸਿਆਸੀ ਮਾਹੌਲ ਪੂਰੀ ਤਰ੍ਹਾਂ ਗਰਮਾਇਆ ਹੋਇਆ ਹੈ। ਨਗਰ ਕੌਂਸਲ ਪਾਇਲ ਦੀਆਂ ਚੋਣਾਂ ਵਿੱਚ ਵੀ ਸਾਰੀਆਂ ਸਿਆਸੀ ਪਾਰਟੀਆਂ ਆਪਣੇ-ਆਪਣੇ ਉਮੀਦਵਾਰਾਂ ਨੂੰ ਜਿਤਾਉਣ ਲਈ ਪੂਰਾ ਜ਼ੋਰ ਲਗਾ ਰਹੀਆਂ ਹਨ। ਇਸੇ ਤਹਿਤ ਪਾਇਲ ਦੇ ਵਾਰਡ ਨੰਬਰ ਇੱਕ ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਬੀਬੀ ਦਾਨੋ ਰਾਣੀ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਨ ਲਈ ਲੋਕ ਸਭਾ ਹਲਕਾ ਫਤਿਹਗੜ੍ਹ ਸਾਹਿਬ ਤੋਂ ਮੈਂਬਰ ਪਾਰਲੀਮੈਂਟ Dr. Amar Singh ਵਿਸ਼ੇਸ਼ ਤੌਰ 'ਤੇ ਪਹੁੰਚੇ।

ਇਸ ਮੌਕੇ ਉਨ੍ਹਾਂ ਦੇ ਨਾਲ ਸਾਬਕਾ ਹਲਕਾ ਵਿਧਾਇਕ Lakhbir Singh Lakha, ਨਗਰ ਕੌਂਸਲ ਪਾਇਲ ਦੇ ਕਈ ਵਾਰ ਪ੍ਰਧਾਨ ਰਹਿ ਚੁੱਕੇ ਸੀਨੀਅਰ ਕਾਂਗਰਸੀ ਆਗੂ Malkeet Singh Goga ਤੋਂ ਇਲਾਵਾ ਕਾਂਗਰਸ ਪਾਰਟੀ ਦੇ ਵੱਖ-ਵੱਖ ਅਹੁਦੇਦਾਰ, ਵਰਕਰ ਅਤੇ ਵੱਡੀ ਗਿਣਤੀ ਵਿੱਚ ਪਾਇਲ ਨਿਵਾਸੀ ਮੌਜੂਦ ਸਨ।

ਇਸ ਦੌਰਾਨ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਅਮਰ ਸਿੰਘ ਨੇ ਕਿਹਾ ਕਿ ਜੇਕਰ ਪੰਜਾਬ ਦੇ ਲੋਕਾਂ ਦੇ ਹਿੱਤਾਂ ਲਈ ਕੋਈ ਪਾਰਟੀ ਸੋਚ ਸਕਦੀ ਹੈ, ਤਾਂ ਉਹ ਕੇਵਲ ਕਾਂਗਰਸ ਪਾਰਟੀ ਹੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਅੱਜ ਤੱਕ ਜਿਹੜੇ ਵੀ ਵੱਡੇ ਵਿਕਾਸ ਕਾਰਜ ਹੋਏ ਹਨ, ਉਹ ਕਾਂਗਰਸ ਸਰਕਾਰਾਂ ਦੇ ਸਮੇਂ ਦੌਰਾਨ ਹੀ ਹੋਏ ਹਨ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਵਿੱਚ ਬਹੁਤ ਜਲਦੀ ਚੋਣਾਂ ਹੋਣ ਵਾਲੀਆਂ ਹਨ ਅਤੇ ਉਨ੍ਹਾਂ ਨੂੰ ਉਮੀਦ ਹੈ ਕਿ ਨਵੰਬਰ ਤੋਂ ਪਹਿਲਾਂ ਹੀ ਚੋਣਾਂ ਹੋ ਸਕਦੀਆਂ ਹਨ।

ਸੱਤਾਧਾਰੀ ਪਾਰਟੀ 'ਤੇ ਨਿਸ਼ਾਨਾ ਸਾਧਦਿਆਂ ਡਾ. ਅਮਰ ਸਿੰਘ ਨੇ ਕਿਹਾ ਕਿ ਬਦਲਾਅ ਦੇ ਨਾਮ 'ਤੇ ਆਈ ਪਾਰਟੀ ਨੇ ਸਭ ਤੋਂ ਵੱਡਾ ਧੋਖਾ ਪੰਜਾਬ ਦੀਆਂ ਮਹਿਲਾਵਾਂ ਨਾਲ ਕੀਤਾ ਹੈ। ਉਨ੍ਹਾਂ ਕਿਹਾ ਕਿ ਮਹਿਲਾਵਾਂ ਨੂੰ ਹਰ ਮਹੀਨੇ ਇੱਕ ਹਜ਼ਾਰ ਰੁਪਏ ਦੇਣ ਦਾ ਵਾਅਦਾ ਕੀਤਾ ਗਿਆ ਸੀ, ਪਰ ਅੱਜ ਤੱਕ ਉਹ ਪੂਰਾ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਲੋਕਾਂ ਦੇ ਖਾਤਿਆਂ ਵਿੱਚ ਥੋੜ੍ਹੀ-ਬਹੁਤ ਰਕਮ ਪਾ ਕੇ ਵੋਟਾਂ ਹਾਸਲ ਕਰਨ ਦੀ ਕੋਸ਼ਿਸ਼ ਕੀਤੀ ਜਾ ਸਕਦੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਰਕਮ



ਮਿਲਦੀ ਹੈ ਤਾਂ ਉਹ ਲੈ ਲੈਣ, ਪਰ ਵੋਟ ਕਾਂਗਰਸ ਪਾਰਟੀ ਨੂੰ ਹੀ ਪਾਉਣ।

ਉਨ੍ਹਾਂ ਕਿਹਾ ਕਿ ਆਉਣ ਵਾਲੀ ਸਰਕਾਰ ਕਾਂਗਰਸ ਪਾਰਟੀ ਦੀ ਬਣੇਗੀ ਅਤੇ ਜੇਕਰ ਨਗਰ ਕੌਂਸਲ ਵਿੱਚ ਵੀ ਕਾਂਗਰਸੀ ਉਮੀਦਵਾਰ ਜਿੱਤਦੇ ਹਨ ਤਾਂ ਵਾਰਡਾਂ ਦੇ ਰੁਕੇ ਹੋਏ ਵਿਕਾਸ ਕਾਰਜ ਤੇਜ਼ੀ ਨਾਲ ਕਰਵਾਏ ਜਾਣਗੇ। ਉਨ੍ਹਾਂ ਇਹ ਵੀ ਕਿਹਾ ਕਿ ਚੋਣਾਂ ਤੋਂ ਬਾਅਦ ਉਹ ਪਾਇਲ ਨਗਰ ਕੌਂਸਲ ਲਈ ਲੋੜੀਂਦੀ ਗਰਾਂਟ ਮੁਹੱਈਆ ਕਰਵਾਉਣਗੇ।

ਇਸ ਮੌਕੇ ਸੰਬੋਧਨ ਕਰਦਿਆਂ ਮਲਕੀਤ ਸਿੰਘ ਗੋਗਾ ਨੇ ਕਿਹਾ ਕਿ ਵਾਰਡ ਨੰਬਰ ਇੱਕ ਪਹਿਲਾਂ ਉਨ੍ਹਾਂ ਦਾ ਆਪਣਾ ਵਾਰਡ ਸੀ, ਪਰ ਸੱਤਾਧਾਰੀ ਪਾਰਟੀ ਵੱਲੋਂ ਜਾਣਬੁੱਝ ਕੇ ਇਸ ਨੂੰ ਰਾਖਵਾਂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪਾਇਲ ਦੇ ਲੋਕ ਹਮੇਸ਼ਾਂ ਕਾਂਗਰਸ ਪਾਰਟੀ ਦੇ ਨਾਲ ਖੜ੍ਹੇ ਰਹੇ ਹਨ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਵੀ ਕਾਂਗਰਸ ਨੂੰ ਹੀ ਸਮੱਰਥਨ ਮਿਲੇਗਾ। ਉਨ੍ਹਾਂ ਦੋਸ਼ ਲਗਾਇਆ ਕਿ ਪਿਛਲੇ ਕੁਝ ਮਹੀਨਿਆਂ ਦੌਰਾਨ ਵਿਕਾਸ ਕਾਰਜ ਰੁਕਣ ਲਈ ਸੱਤਾਧਾਰੀ ਪਾਰਟੀ ਜ਼ਿੰਮੇਵਾਰ ਹੈ।

ਸਾਬਕਾ ਵਿਧਾਇਕ ਲਖਬੀਰ ਸਿੰਘ ਲੱਖਾ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਕਾਂਗਰਸ ਪਾਰਟੀ ਪਾਇਲ ਦੇ ਸਾਰੇ 11 ਵਾਰਡਾਂ ਵਿੱਚ ਜਿੱਤ ਦਰਜ ਕਰੇਗੀ ਅਤੇ ਦੋਰਾਹਾ ਵਿੱਚ ਵੀ ਸ਼ਾਨਦਾਰ ਜਿੱਤ ਹਾਸਲ ਕਰੇਗੀ। ਉਨ੍ਹਾਂ ਕਿਹਾ ਕਿ ਇਹ ਹਲਕਾ ਸ਼ੁਰੂ ਤੋਂ ਹੀ ਕਾਂਗਰਸ ਦਾ ਗੜ੍ਹ ਰਿਹਾ ਹੈ ਅਤੇ ਲੋਕ ਬਾਹਰੀ ਆਗੂਆਂ ਨੂੰ ਕਦੇ ਕਬੂਲ ਨਹੀਂ ਕਰਨਗੇ।

ਉਨ੍ਹਾਂ ਸੱਤਾਧਾਰੀ ਪਾਰਟੀ 'ਤੇ ਲੋਕਾਂ ਨਾਲ ਧੋਖੇ ਕਰਨ ਦੇ ਦੋਸ਼ ਲਗਾਉਂਦਿਆਂ ਕਿਹਾ ਕਿ ਪੰਜਾਬ ਦੇ ਲੋਕ 26 ਮਈ ਨੂੰ ਇਸ ਦਾ ਜਵਾਬ ਵੋਟਾਂ ਰਾਹੀਂ ਦੇਣਗੇ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਵਿੱਚ ਆਉਣ ਵਾਲੀ ਸਰਕਾਰ ਕਾਂਗਰਸ ਪਾਰਟੀ ਦੀ ਬਣੇਗੀ ਅਤੇ ਆਮ ਆਦਮੀ ਪਾਰਟੀ ਦੇ 10 ਵਿਧਾਇਕ ਵੀ ਨਹੀਂ ਜਿੱਤ ਸਕਣਗੇ।

ਇਸ ਦੌਰਾਨ ਲਖਬੀਰ ਸਿੰਘ ਲੱਖਾ ਵੱਲੋਂ ਵਾਰਡ ਨੰਬਰ ਇੱਕ ਤੋਂ ਬੀਬੀ ਦਾਨੋ ਰਾਣੀ ਅਤੇ ਵਾਰਡ ਨੰਬਰ ਦੋ ਤੋਂ ਰੁਪਿੰਦਰ ਸਿੰਘ ਬਿੰਦੂ ਦੇ ਹੱਕ ਵਿੱਚ ਵੋਟਾਂ ਪਾਉਣ ਦੀ ਅਪੀਲ ਕੀਤੀ ਗਈ। ਉਨ੍ਹਾਂ ਲੋਕਾਂ ਨੂੰ ਕਿਹਾ ਕਿ ਉਹ ਚੋਣ ਨਿਸ਼ਾਨ ਹੱਥ ਪੰਜੇ 'ਤੇ ਮੋਹਰ ਲਗਾ ਕੇ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੂੰ ਭਾਰੀ ਬਹੁਮਤ ਨਾਲ ਵੋਟਾਂ ਪਾ ਕੇ ਜਿਤਾਉਣ।

---

kotak ਕੋਟਕ ਮਹਿੰਦਰਾ ਬੈਂਕ

ਕਬਜ਼ਾ ਸੂਚਨਾ

ਪੰਜੀਕ੍ਰਿਤ ਦਫ਼ਤਰ : 27 ਬੀਕੇਸੀ, ਸੀ-27, ਜੀ ਬਲਾਕ ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਈ), ਮੁੰਬਈ-400051
ਸ਼ਾਖਾ ਦਫ਼ਤਰ : 7ਵੀਂ ਮੰਜ਼ਿਲ, ਪਲਾਟ ਨੰ. 7, ਸੈਕਟਰ-125, ਨੋਇਡਾ, ਉੱਤਰ ਪ੍ਰਦੇਸ਼ -201313

ਜਦੋਂ ਕਿ, ਕੋਟਕ ਮਹਿੰਦਰਾ ਬੈਂਕ ਲਿਮਟਿਡ ਦੇ ਅਧਿਕਾਰਤ ਅਧਿਕਾਰੀ ਨੇ ਸਰਫਾਇਸੀ ਐਕਟ, 2002 ਦੀ ਧਾਰਾ 13(2) ਦੇ ਤਹਿਤ ਇੱਕ ਡਿਮਾਂਡ ਨੋਟਿਸ ਜਾਰੀ ਕੀਤਾ ਹੈ ਜਿਸ ਵਿੱਚ ਕਰਜ਼ਦਾਰ ਨੂੰ 60 ਦਿਨਾਂ ਦੇ ਅੰਦਰ ਬਕਾਇਆ ਰਕਮ ਵਾਪਸ ਕਰਨ ਲਈ ਕਿਹਾ ਗਿਆ ਹੈ ਅਤੇ ਜਦੋਂ ਕਿ ਕਰਜ਼ਦਾਰ ਨਿਰਧਾਰਤ ਸਮੇਂ ਦੇ ਅੰਦਰ ਉਕਤ ਰਕਮ ਵਾਪਸ ਕਰਨ ਵਿੱਚ ਅਸਫਲ ਰਹੇ ਹਨ, ਇਸ ਲਈ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ ਹੇਠਾਂ ਦੱਸੀ ਗਈ ਸਬੰਧਤ ਮਿਤੀ (ਆਂ) ਨੂੰ ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਦੇ ਨਿਯਮ 8 ਦੇ ਨਾਲ ਪੜ੍ਹੇ ਗਏ ਐਕਟ ਦੀ ਧਾਰਾ 13(4) ਦੇ ਤਹਿਤ ਸੁਰੱਖਿਅਤ ਸੰਪਤੀ ਦਾ ਕਬਜ਼ਾ ਲੈ ਲਿਆ ਹੈ।ਕਰਜ਼ਦਾਰ(ਾਂ) ਅਤੇ ਜਨਤਾ ਨੂੰ ਸਾਵਧਾਨ ਕੀਤਾ ਜਾਂਦਾ ਹੈ ਕਿ ਉਹ ਹੇਠਾਂ ਦੱਸੀਆਂ ਗਈਆਂ ਸੰਪੱਤੀਆਂ ਨਾਲ ਨਜਿੱਠਣ ਨਾ, ਕਿਉਂਕਿ ਇਹ ਵਿਆਜ, ਲਾਗਤਾਂ ਅਤੇ ਖਰਚਿਆਂ ਦੇ ਨਾਲ ਬਕਾਏ ਦੀ ਵਸੂਲੀ ਲਈ ਬੈਂਕ ਦੇ ਚਾਰਜ ਅਧੀਨ ਹੈ।ਕਰਜ਼ਦਾਰ(ਾਂ) ਐਕਟ ਦੀ ਧਾਰਾ 13(8) ਦੇ ਤਹਿਤ ਸੁਰੱਖਿਅਤ ਸੰਪਤੀ ਨੂੰ ਪੂਰੀ ਬਕਾਇਆ ਰਕਮ ਦਾ ਭੁਗਤਾਨ ਕਰਕੇ ਵਿਕਰੀ ਤੋਂ ਪਹਿਲਾਂ ਛੁਡਾ ਸਕਦੇ ਹਨ।

ਕਰਜ਼ਦਾਰ (ਾਂ) ਦਾ ਨਾਮ ਅਤੇ ਕਰਜ਼ ਖਾਤਾ ਨੰਬਰ	1. ਕਬਜ਼ੇ ਦੀ ਮਿਤੀ 2. ਕਬਜ਼ੇ ਦਾ ਸਰੂਪ 3.ਮੰਗ ਸੂਚਨਾ ਦੀ ਮਿਤੀ 4. ਬਕਾਇਆ ਰਕਮ ਰੁ. ਚ
1. ਸ਼੍ਰੀ ਮੁਹੰਮਦ ਮੁਸਤਕ ਪੁੱਤਰ ਸ਼੍ਰੀ ਅਦਾਲਤ ਅੰਸਾਰੀ 2. ਸ਼੍ਰੀ ਆਫਤਾਬ ਆਲਮ ਪੁੱਤਰ ਅਦਾਲਤ ਅੰਸਾਰੀ **ਲੋਨ ਖਾਤਾ ਨੰਬਰ 13600000671**	1. 18.05.2026/2. **ਸੰਕੇਤਕ ਕਬਜ਼ਾ** 3. 12.11.2025 4. 24.10.2025 ਤੱਕ 1085631.73/- ਰੁਪਏ ਬਕਾਇਆ, 25.10.2025 ਤੋਂ ਲਾਗੂ ਵਿਆਜ ਸਮੇਤ, ਲਾਗਤ ਅਤੇ ਖਰਚਿਆਂ ਸਮੇਤ, ਜਦੋਂ ਤੱਕ ਪੂਰਾ ਭੁਗਤਾਨ ਨਹੀਂ ਹੋ ਜਾਂਦਾ।
ਸੁਰੱਖਿਅਤ ਜਾਇਦਾਦ ਅਤੇ ਗਿਰਵੀਕਾਰ ਦੇ ਵੇਰਵੇ: ਜਾਇਦਾਦ ਦਾ ਸਾਰੇ ਭਾਗ ਅਤੇ ਹਿੱਸੇ ਮਕਾਨ ਨੰ. 247, ਪ੍ਰੀਤਮ ਨਗਰ, ਗਲੀ ਨੰਬਰ 1, ਲੁਧਿਆਣਾ, ਪੰਜਾਬ-141001 **ਗਿਰਵੀਕਾਰ ਦਾ ਨਾਮ: ਸ਼੍ਰੀ ਮੁਹੰਮਦ ਮੁਸਤਕ**	
1. ਸ਼੍ਰੀ ਰਾਜਨ ਪੁੱਤਰ ਪਰਦੀਪ ਕੁਮਾਰ 2.ਸ਼੍ਰੀ ਪਰਦੀਪ ਕੁਮਾਰ ਪੁੱਤਰ ਸ਼੍ਰੀ ਬਨਾਰਸੀ ਦਾਸ **ਲੋਨ ਖਾਤਾ ਨੰਬਰ 13600002393**	1. 18.05.2026/2. **ਸੰਕੇਤਕ ਕਬਜ਼ਾ** / 3. 12.11.2025 4. 29.10.2025 ਤੱਕ 956187.66/- ਰੁਪਏ ਬਕਾਇਆ, 30.10.2025 ਤੋਂ ਲਾਗਤ ਅਤੇ ਖਰਚਿਆਂ ਸਮੇਤ, ਜਦੋਂ ਤੱਕ ਪੂਰਾ ਭੁਗਤਾਨ ਨਹੀਂ ਹੋ ਜਾਂਦਾ।
ਸੁਰੱਖਿਅਤ ਜਾਇਦਾਦ ਅਤੇ ਗਿਰਵੀਕਾਰ ਦੇ ਵੇਰਵੇ: ਮਕਾਨ ਨੰ. 510, 44-1/2 ਵਰਗ ਗਜ਼ ਦਾ ਘਰ, ਸਰੂਪ ਨਗਰ ਵਿੱਚ ਸਥਿਤ, ਸਲੇਮ ਟਾਬਰੀ ਰੋਡ ਦੇ ਨੇੜੇ, ਨਵੀਨ ਨਗਰ, ਜੱਸੀਆਂ, ਲੁਧਿਆਣਾ, ਪੰਜਾਬ-141001। ਡੀਡ ਅਨੁਸਾਰ ਸੀਮਾਵਾਂ ਵਸੀਲਕਾ ਨੰਬਰ 11418 ਪੂਰਬ ਵਿੱਚ: 34 ਫੁੱਟ 4 ਇੰਚ ਗਲੀ ਪੱਛਮ ਵਿੱਚ: 26 ਫੁੱਟ ਗਲੀ ਉੱਤਰ ਵਿੱਚ: ਗੁਆਂਢੀ ਦੱਖਣ ਵਿੱਚ: 25 ਫੁੱਟ ਗਲੀ **ਗਿਰਵੀਕਾਰ ਦਾ ਨਾਮ: ਸ਼੍ਰੀ ਰਾਜਨ**	
1. ਸ਼੍ਰੀ ਗੁਰਭੇਜ ਸਿੰਘ ਪੁੱਤਰ ਸ੍. ਜਸਵਿੰਦਰ ਸਿੰਘ 2. ਸ਼੍ਰੀਮਤੀ ਅਮਨਿੰਦਰ ਕੌਰ ਪਤਨੀ ਸ਼੍ਰੀ ਗੁਰਭੇਜ ਸਿੰਘ ਲੋਨ ਖਾਤਾ ਨੰਬਰ 610139211175440 ਅਤੇ 610139511178045	1. 18.05.2026 / 2. **ਭੌਤਿਕ ਕਬਜ਼ਾ** 3. 18.12.2023 4. 12.05.2026 ਤੱਕ 23,31,106/-ਰੁਪਏ ਬਕਾਇਆ, 13.05.2026 ਤੋਂ ਲਾਗਤ ਅਤੇ ਖਰਚਿਆਂ ਸਮੇਤ, ਜਦੋਂ ਤੱਕ ਪੂਰਾ ਭੁਗਤਾਨ ਨਹੀਂ ਹੋ ਜਾਂਦਾ।
ਸੁਰੱਖਿਅਤ ਸੰਪਤੀ ਅਤੇ ਗਿਰਵੀਕਾਰ ਦੇ ਵੇਰਵੇ: 100 ਵਰਗ ਗਜ਼ ਮਕਾਨ ਦੇ ਸਾਰੇ ਭਾਗ ਅਤੇ ਹਿੱਸੇ ਖਸਰਾ ਨੰਬਰ 1696, 1697, 1679, 1678 ਖਤਾ ਨੰਬਰ 2901/3663, 2902/3664, 2903/3665, 2904/3666 ਵਿੱਚ ਸ਼ਾਮਲ, ਸਾਲ 2010-2011 ਦੀ ਜਮ੍ਹਾਂਬੰਦੀ ਅਨੁਸਾਰ, ਪਿਡ ਗਿੱਲ-2 ਆਬਾਦੀ ਜਿਸਨੂੰ ਸ਼ਹੀਦ ਭਗਤ ਸਿੰਘ ਨਗਰ, ਗੋਬਿੰਦ ਨਗਰ ਐਚ.ਬੀ. ਨੰ. 263, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਜੋਂ ਜਾਣਿਆ ਜਾਂਦਾ ਹੈ ਅਤੇ ਪੂਰਬ:- ਦਵਿੰਦਰ ਸਿੰਘ 18' ਮਾਪ, ਪੱਛਮ:- ਗਲੀ 18' ਮਾਪ, ਉੱਤਰ:- ਵਿਕਰੇਤਾ 50' ਮਾਪ, ਦੱਖਣ:- ਵਿਜੇ 50' ਮਾਪ **ਗਿਰਵੀਕਾਰ ਦਾ ਨਾਮ: ਸ਼੍ਰੀਮਤੀ ਅਮਨਿੰਦਰ ਕੌਰ**	

ਕਿਸੇ ਵੀ ਪੁਛਗਿਛ ਲਈ ਕਿਰਪਾ ਕਰਕੇ ਸ੍ਰੀ ਸ਼ੈਲੇਂਦਰ ਸਿੰਘ/ਸ੍ਰੀ ਅਰਵਿੰਦਰ ਕੁਮਾਰ ਤਿਵਾਰੀ (ਮੋਬ. +919811638929/+919810698044) ਨੂੰ ਸੰਪਰਕ ਕਰੋ।

ਮਿਤੀ : 22.05.2026, ਸਥਾਨ : ਪੰਜਾਬ — ਅਧਿਕਾਰਤ ਅਧਿਕਾਰੀ ਵਾਸਤੇ ਕੋਟਕ ਮਹਿੰਦਰਾ ਬੈਂਕ ਲਿਮ.

SHRIRAM Finance — ਸ਼੍ਰੀਰਾਮ ਫਾਇਨੈਂਸ ਲਿਮਟਿਡ

ਰਜਿਸਟਰਡ ਦਫ਼ਤਰ: ਲਿਮਟਿਡ ਰਜਿਸਟਰਡ ਦਫਤਰ ਸ਼੍ਰੀ ਟਾਵਰਜ਼, ਪਲਾਟ ਨੰ. 14ਏ, ਸਾਉਥ ਫੇਜ਼, ਇੰਡਸਟਰੀਅਲ ਅਸਟੇਟ, ਗਿੰਡੀ, ਚੇਨਈ ਤਾਮਿਲਨਾਡੂ-600032, ਤਾਮਿਲਨਾਡੂ, ਅਤੇ ਵੈਕਹਾਰਟ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬੀ) ਮੁੰਬਈ-40051

ਸ਼ਾਖਾ ਦਫਤਰ : ਪਹਿਲੀ ਮੰਜ਼ਿਲ, ਨੰਦਾ ਕੰਪਲੈਕਸ, ਵੈਂਗੂ ਰੋਡ ਸਾਹਮਣੇ ਵੀਨਾਇਸ ਹੋਟਲ ਪਠਾਨਕੋਟ (ਪੰਜਾਬ) 145001

ਸੰਕਟਕ ਕਬਜ਼ਾ ਸੂਚਨਾ

ਜਿੱਥੇ, ਹੇਠਾਂ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਸ਼੍ਰੀਰਾਮ ਫਾਇਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(2) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰਾਂ ਦੇ ਵੇਰਵਿਆਂ ਨੂੰ ਮੰਗ ਨੋਟਿਸ ਜਾਰੀ ਕੀਤੇ।

ਜਿਨ੍ਹਾਂ ਵਿੱਚੋਂ ਹੇਠਾਂ ਦਿੱਤੀ ਸਾਰਣੀ ਵਿੱਚ ਉਕਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਦੱਸਿਆ ਗਿਆ ਹੈ। ਕਰਜ਼ਦਾਰ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ 19.05.2026 ਨੂੰ ਉਕਤ ਨਿਯਮਾਂ ਦੇ ਨਿਯਮ 8 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਉਸਨੂੰ/ਉਸਨੂੰ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ।

ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ	ਜਾਇਦਾਦ ਦਾ ਵੇਰਵਾ	ਮੰਗ ਨੋਟਿਸ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ
ਮਹੇਸ਼ ਕੁਮਾਰ ਪੁੱਤਰ ਸੁਭਾਸ਼ ਚੰਦਰ ਨਿਵਾਸੀ ਮਕਾਨ ਨੰਬਰ ਬੀ-15/17 ਸੁੰਦਰ ਨਗਰ ਜ਼ਿਲ੍ਹਾ ਪਠਾਨਕੋਟ ਪਿੰਨ ਕੋਡ 145001। **ਕਰਜ਼ਦਾਰ** ਸ਼੍ਰੀਮਤੀ ਰਾਣੀ ਦੇਵੀ ਪਤਨੀ ਸੁਭਾਸ਼ ਚੰਦਰ ਨਿਵਾਸੀ ਮਕਾਨ ਨੰਬਰ ਬੀ-15/17 ਸੁੰਦਰ ਨਗਰ ਜ਼ਿਲ੍ਹਾ ਪਠਾਨਕੋਟ, ਪਿੰਨ ਕੋਡ 145001, **ਸਹਿ-ਕਰਜ਼ਦਾਰ ਜ਼ਾਮਨ ਨੰਬਰ 1** ਸ਼੍ਰੀ ਸੁਭਾਸ਼ ਚੰਦਰ ਪੁੱਤਰ ਦਿਆਲ ਰਾਮ ਨਿਵਾਸੀ ਮਕਾਨ ਨੰਬਰ ਬੀ-15/17 ਸੁੰਦਰ ਨਗਰ ਜ਼ਿਲ੍ਹਾ ਪਠਾਨਕੋਟ, ਪਿੰਨ ਕੋਡ 145001 **ਸਹਿ-ਕਰਜ਼ਦਾਰ/ਜ਼ਾਮਨ ਨੰਬਰ 2**	5 ਮਰਲੇ ਦੀ ਇਹ ਜਾਇਦਾਦ ਖਸਰਾ ਨੰਬਰ 13ਰ/24 ਵਿੱਚੋਂ ਬਣੀ ਹੈ ਜੋ ਕਿ ਪਿੰਡ ਸੈਲੀ, ਜ਼ਿਲ੍ਹਾ ਪਠਾਨਕੋਟ ਦੇ ਮਾਲੀਆ ਜਾਇਦਾਦ ਵਿੱਚ ਸਥਿਤ ਹੈ, ਮਿਤੀ 28/06/1988 ਅਧੀਨ ਦਸਤਾਵੇਜ਼ ਨੰਬਰ 1251 ਪੰਜਾਬ ਅਨੁਸਾਰ ਮਾਲੀਆ ਦਸਤਾਵੇਜ਼ ਅਨੁਸਾਰ। ਪੂਰਬ: ਗਲੀ, ਪੱਛਮ: ਮਕਾਨ ਦਰਸ਼ਨ ਸਿੰਘ, ਉੱਤਰ: ਮਕਾਨ ਚੈਨ ਸਿੰਘ, ਦੱਖਣ: ਮਕਾਨ ਜਾਨ ਮਸੀਹ	20,56,600/- ਰੁਪਏ (ਵੀਹ ਲੱਖ ਛਪੰਜਾਹ ਹਜ਼ਾਰ ਛੇ ਸੌ ਸਿਰਫ਼) ਦਾ ਭੁਗਤਾਨ ਕਰਨਾ ਖਾਤਾ ਨੰਬਰ:-PNKOTTF2206290005, ਮੰਗ ਨੋਟਿਸ ਮਿਤੀ 16.03.2026

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦੇ ਕਾਨੂੰਨੀ ਸੰਕੇਤਕ ਕਬਜ਼ੇ ਵਿੱਚ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਜ਼ਿਕਰ ਕੀਤੀ ਗਈ ਉਪਰੋਕਤ ਸੁਰੱਖਿਅਤ

ਸਿਰਲੇਖਵਾਰ ਇਸ਼ਤਿਹਾਰ /Classified Advertisement

(U/o 5 Rule 20 CPC)
In The Court of Sh. Akbar Khan Additional Civil Judge (Senior Division), Guruharsahai
CNR NO. PBFZD0-000026-2025
Next Date: 07.07.2026
CS/111/2025
State Bank of India Branch at Guruharsahai Tehsil Guruharsahai Dist. Ferozepur through its Branch Manager and Principal officer.
Versus
M/s Didi Chamtkar yog feed store
Recovery of Rs. 1014701
Notice to: 3. Manju Bala wife of Rakesh Kumar Resident of Guddar Dhandi Road, Guruharsahai, Tehsil Guruharsahai Dist. Ferozepur
In above titled case the defendant(s)/respondent(s) that defendant(s)/respondent(s) should appear in person or through counsel on 07.07.2026 at 10:00 A.M.
for details logon to https://highcourtchd.gov.in/?mod=district_notice &district=mogacourt
Dated this day of 19-05-2026
Sd/- Additional Civil Judge (Senior Division), Guruharsahai

(U/o 5 Rule 20 CPC)
In The Court of Ms. Jatinder Kaur District and Sessions Judge, Amritsar
CNR No.PBAS01-009515-2024
Next Date: 07.07.2026
Case No. MACP 67/2024
Gurjeet Kaur
Versus
Balbir Singh
Notice to: Harsh S/o Dharampal R/o Taragarh, District Gurdaspur, Driver of car bearing NO. PB29-X-3133
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 07.07.2026 at 10:00 am.
For details logon to https://highcourtchd.gov.in/?trs=district_notice&district=Amritsar
Dated this day of 12-05-2026
Sd/- District and Sessions Judge, Amritsar

(U/o 5 Rule 20 CPC)
In The Court of Ms. Jatinder Kaur District and Sessions Judge, Amritsar
CNR No.PBAS01-009522-2024
Next Date: 07.07.2026
Case No. MACP 69/2024
Harminder
Versus
Balbir Singh
Notice to: Harsh:- S/o Dharampal R/o Taragarh District Gurdaspur, Driver of the car Bearing No. PB-29-X3133
In above titled Petition the defendant(s)/respondent(s) could not be served. It is ordered that the defendant(s)/respondent(s) should appear in person or through counsel on **07**.07.2026 at 10:00 A.M.
For details logon to https://highcourtchd.gov.in/?trs=district_notice&district=Amritsar
Dated this day of 12-05-2026
Sd/- District and Sessions Judge, Amritsar

(U/o 5 Rule 20 CPC)
In The Court of Ms. Jatinder Kaur District and Sessions Judge, Amritsar
CNR No.PBAS01-009516-2024
Next Date: 07.07.2026
Case No. MACP 68/2024
Sukhjinder Kaur
Versus
Balbir Singh
Notice to: Harsh:- S/o Dharampal R/o Taragarh Distt Gurdaspur (Driver of the Car Bearing NO. PB-29-X-31339)
In above titled case the defendant(s)respondent(s) could not be served. It is ordered that defendant(s)respondent(s) should appear in person or through counsel on **07**.07.2026 at 10:00 A.M.
For details logon to https://highcourtchd.gov.in/?trs=district_notice&district=Amritsar
Dated, this day of 12-05-2026
Sd/- District and Sessions Judge, Amritsar

(U/o 5 Rule 20 CPC)
In The Court of Ms. Navjot Kaur Civil Judge Jr. Div., Chandigarh
CNR No.CHCH02-000137-2026
Next Date: 04.07.2026
Catherine Chaudhary
Versus
General Public
Notice to: Ms Kalawanti Spouse::- Late Chajju Ram Hno 2441 Sector 27c Chandigarh
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **04**.07.2026 at 10:00 A.M.
For details logon to https://highcourtchd.gov.in/?trs=district_notice&district=Chandigarh
Dated, this day of 19-05-2026
Sd/- Civil Judge Jr. Div., Chandigarh

(U/o 5 Rule 20 CPC)
In The Court of Ms. Dauphin Ghotra
Civil Judge (Junior Division), Dera Bassi
CNR No.PBSAB0-001407-2025
Next Date: 16.07.2026
CIS No. CS/837/2025
Bhupinder Singh
Versus
Manjit Kaur
Suit for Declaration
Notice to: 1. Manjit Kaur Daughter Of Bachan Singh Village Dehar, Tehsil Derabassi, District Sas Nagar. 2. Gurdeep Kaur Daughter Of Bachan Singh Village Dehar, Tehsil Derabassi, District Sas Nagar. 3. Kirandeep Kaur Daughter Of Bachan Singh Village Dehar, Tehsil Derabassi, District Sas Nagar.
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **16**.07.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 20-05-2026
Sd/- Civil Judge (Junior Division), Dera Bassi

(U/o 5 Rule 20 CPC)
In The Court of Ms. Babaljit Kaur Civil Judge (Jr. Divn.), Amloh (P)
CNR No.PBFGA0-000129-2020
Next Date: 15.07.2026
CS/78/2020
Canara Bank
Versus
Gurwant Singh
Notice to: Gurwant Singh Son Of Darshan Singh Village Majri Raiyan Tehsil Amloh Distt FGS
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **15**.07.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 19-05-2026
Sd/- Civil Judge (Jr. Divn.), Amloh (P)

In The Court of Sh. Mohinder Partap Singh Libra
Judicial Magistrate- Ist Class, Malout
CNR NO. PBSMB1-003871-2021
Next Date: 20.07.2026
The Malout Primary Co-Op. Agriculture Development Bank Ltd.
Versus
Beant Singh
Detail Of Offence: Complaint Under Section 138 Nact
Notice to: Beant Singh Son of Baldev Singh R/o Village Alamwala Tehsil Malout District Sri Muktsar Sahib
In above titled case the accused that accused should appear in person or through counsel on 20.07.2026 at 10:00 A.M. for details logon to https://high courtchd.gov.in/?mod=district_ notice &district=mogacourt
Dated this day of 20-05-2026
Sd/- Judicial Magistrate- Ist Class, Malout

(U/o 5 Rule 20 CPC)
In The Court of Ms. Jatinder Kaur District and Sessions Judge, Amritsar
CNR No.PBAS01-001974-2026
Next Date: 04.07.2026
Case No. MACT 18/2026
Navdeep Kaur
Versus
Kishore
Notice to: 1) Kishore S/O Banwar Singh R/O H.No.154, Gali Dr. Achhar Singh Wali, Ward No.3, Rajasansi, Tehsil Ajnala, Distt. Amritsar (Owner Of Offending Vehicle I.E. Tata Milk Tanker Bearing Registration No. PB-02-K-9535). 2) Kuldeep Singh S/O Gurjant Singh, R/O Village Dalam, Tehsil Ajnala, Amritsar (Driver Of Vehicle I.E. Tata Milk Tanker Bearing Registration No. PB-02-K-9535).
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 04.07.2026 at 10:00 am.
For details logon to https://highcourtchd.gov.in/?trs=district_notice&district=Amritsar
Dated this day of 19-05-2026
Sd/- District and Sessions Judge, Amritsar

(U/o 5 Rule 20 CPC)
In The Court of Hon'ble Aman Sharma Additional Principal Judge Family Court, Amritsar
CNR No.PBAS01-016029-2024
Next Date: 07.07.2026
MNT125/405/2024
Manpreet Kaur Aged 30 Years W/O Lovepreet Singh D/O S. Satwant Singh 2. Baby Harnaaz Kaur Minor D/O Lovepreet Singh Through Her Mother Alll R/O. H.No.4, Gali No.6, Aman Avenue, Majitha Road, Amritsar
Versus
Lovepreet Singh
Notice to: Lovepreet Singh S/O Charanjit Singh Address-R/O. Village Sangar Kot, Tehsil Khadoor Sahib, Distt. Tarn Taran.
In above titled Petition the defendant(s)/respondent(s) could not be served. It is ordered that the defendant(s)/respondent(s) should appear in person or through counsel on **07**.07.2026 at 10:00 A.M.
For details logon to https://highcourtchd.gov.in/?trs=district_notice&district=Amritsar
Dated this day of 19-05-2026
Sd/- Additional Principal Judge Family Court, Amritsar

(U/o 5 Rule 20 CPC)
In The Court of Ms. Kirandeep Kaur Civil Judge (Junior Division), Gidderbaha
CNR No.PBSMA0-000492-2022
Next Date: 07.07.2026
Jaswinder Kaur
Versus
Raj Singh
Notice to: Lr Of No 4 (A) Harbans Kaur Widow 4(B) Harbhajan Singh Son 4(C)Baljeet Kaur Daughter 4(D) Manjeet Kaur Daughter 4(E) Ranjeet Kaur Daughter 4(F) Surjeet Kaur Daughter Of Sukhbir Singh S/O Jagtar Singh S/O Wadhawa Singh Resident Of Lambi Road Gidderbaha Tehsil Gidderbaha District Sri Muktsar Sahib.
In above titled case the defendant(s)respondent(s) could not be served. It is ordered that defendant(s)respondent(s) should appear in person or through counsel on **07**.07.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 19-05-2026
Sd/- Civil Judge (Junior Division), Gidderbaha

(U/o 5 Rule 20 CPC)
In The Court of Ms. Parminder Kaur Bains Civil Judge (Senior Division), Amritsar
CNR No.PBAS02-005521-2024
Next Date: 09.07.2026
Bank Of India Having Its Head Ofice At Star House Bandra, Kurla Complex, Bandra East Mumbai And Amongst Other Branches Interalia A Branch Office At Pratap Bazar, Amritsar Throughits Principal Officer/Constituted Attorney Sh. Prabhat Kumar Suman
Versus
1.M/s Shree Bala Ji Textiles Through Its Proprietor Smt. Nirmala Sharma Wife Of Parmod Sharma, H. No. 108-110, Rk Goenka Market, Moti Bazar, Katra Ahluwali, Amritsar. 2. Smt. Nirmala Sharma Wife Of Parmod Sharma Proprietor M/S Shree Bala Ji Textiles H. No. 108-110, Rk Goenka Market, Moti Bazar, Katra Ahluwali, Amritsar.
Suit For Recovery Of Rs. 12,61,672.08/-
Notice to: 1.M/S Shree Bala Ji Textiles Through It's Proprietor Smt. Nirmala Sharma Wife Of Parmod Sharma, H. No. 108-110, Rk Goenka Market, Moti Bazar, Katra Ahluwali, Amritsar. 2. Smt. Nirmala Sharma Wife Of Parmod Sharma Proprietor M/S Shree Bala Ji Textiles H. No. 108-110, Rk Goenka Market, Moti Bazar, Katra Ahluwali, Amritsar.
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **09**.07.2026 at 10:00 A.M.
For details logon to https://highcourtchd.gov.in/?trs=district_notice&district=Amritsar
Dated, this day of18-05-2026
Sd/- Civil Judge (Senior Division), Amritsar

Change of Name

I Vimla Devi W/o Late Satpal Sodhi Village Barial PO Sham Chaurasi Distt Hoshiarpur, Punjab, have changed my name from Vimla Devi to Bimla Devi. Concerned note.

ਨਾਮ ਦੀ ਬਦਲੀ

ਮੈ ਸੁਰਿੰਦਰ ਕੌਰ ਸਪੁੱਤਰੀ ਪ੍ਰੀਤਮ ਦਾਸ ਵਾਸੀ ਪਿੰਡ ਤੇ ਡਾਕਖਾਨਾ ਆਦਮਪੁਰ ਜ਼ਿਲ੍ਹਾ ਜਲੰਧਰ ਨੇ ਵਿਆਹ ਤੋਂ ਬਾਅਦ ਆਪਣਾ ਨਾਂਅ ਬਦਲ ਕੇ ਸੰਤੋਸ਼ ਕੁਮਾਰੀ ਪਤਨੀ ਸੁਖਵਿੰਦਰ ਲਾਲ ਵਾਸੀ ਪਿੰਡ ਬਸੀ ਮੂਦਾ, ਡਾਕਖਾਨਾ ਬਾਗਪੁਰ ਜ਼ਿਲ੍ਹਾ ਹੁਸ਼ਿਆਰਪੁਰ ਰੱਖ ਲਿਆ ਹੈ।ਸੰਬੰਧਤ ਨੋਟ ਕਰਨ।

ਮੈ ਜਸਵੀਰ ਕੌਰ ਪਤਨੀ ਸਤੀਸ਼ ਕੁਮਾਰ ਵਾਸੀ ਮੁਹੱਲਾ ਰਹੀਮਪੁਰ, ਹੁਸ਼ਿਆਰਪੁਰ ਨੇ ਆਪਣੇ ਪੁੱਤਰ ਦਾ ਨਾਮ ਬਦਲ ਕੇ ਦੀਪਕ ਤੋਂ ਦੀਪਕ ਕੁਮਾਰ ਰੱਖ ਲਿਆ ਹੈ।ਸੰਬੰਧਤ ਨੋਟ ਕਰਨ।

ਬੇਦਖਲੀ ਸੂਚਨਾ

ਅਸੀਂ, ਹਰਿਦਰ ਸਿੰਘ ਪੁੱਤਰ ਸ੍ਰ. ਰਮਿੰਦਰ ਸਿੰਘ ਅਤੇ ਹਰਜੀਤ ਕੌਰ ਪਤਨੀ ਹਰਿੰਦਰ ਸਿੰਘ ਵਾਸੀਆਨ ਪਿੰਡ ਲਟੇਰ ਸਬ ਤਹਿਸੀਲ ਚਨਾਰਥਲ ਕਲਾਂ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਬਿਆਨ ਕਰਦੇ ਹਾਂ ਕਿ ਸਾਡੀ ਸ਼ਾਦੀਸ਼ੁਦਾ ਲੜਕੀ ਮਨਦੀਪ ਕੌਰ ਅਤੇ ਉਸਦਾ ਪਤੀ ਨਰਿਦਰ ਸਿੰਘ ਤੇ ਇਹਨਾਂ ਦਾ ਲੜਕਾ ਭਾਵ ਸਾਡਾ ਦੋਹਤਾ ਅਸ਼ਮਨਪ੍ਰੀਤ ਸਿੰਘ ਤਿੰਨੋਂ ਹੀ ਸਾਡੇ ਕਹਿਣੇ ਤੋਂ ਬਾਹਰ ਹਨ, ਬਿਲਕੁਲ ਵੀ ਇੱਜ਼ਤ ਨਹੀਂ ਕਰਦੇ ਅਤੇ ਤੰਗ ਪ੍ਰੇਸ਼ਾਨ ਕਰਦੇ ਹਨ । ਇਸ ਲਈ ਅਸੀਂ ਇਹਨਾਂ ਨੂੰ ਆਪਣੀ ਚੱਲ/ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਹਨਾਂ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ/ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।ਸਾਡਾ ਇਹਨਾਂ ਨਾਲ ਕੋਈ ਤਾਲੁਕ ਵਾਸਤਾ ਨਹੀਂ ਰਿਹਾ।

ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

ਕਾਕਰੋਚ ਜਨਤਾ ਪਾਰਟੀ: ਮੀਮ ਤੋਂ ਅੰਦੋਲਨ ਤੱਕ, ਕੀ ਨੌਜਵਾਨਾਂ ਦੀ ਨਵੀਂ ਆਵਾਜ਼ ਬਣ ਰਹੀ ਹੈ?

ਚੰਡੀਗੜ੍ਹ, 21 ਮਈ (ਹਰਦੀਪ ਕੌਰ): ਸੋਸ਼ਲ ਮੀਡੀਆ ਦੀ ਲਹਿਰ ਜਾਂ ਨਵੀਂ ਰਾਜਨੀਤਿਕ ਸ਼ੁਰੂਆਤ ? ਭਾਰਤ ਵਿੱਚ ਪਿਛਲੇ ਕੁਝ ਦਿਨਾਂ ਤੋਂ ਕਾਕਰੋਚ ਜਨਤਾ ਪਾਰਟੀ ਨਾਮ ਨੇ ਸੋਸ਼ਲ ਮੀਡੀਆ ਤੋਂ ਲੈ ਕੇ ਰਾਜਨੀਤਿਕ ਚਰਚਾਵਾਂ ਤੱਕ ਆਪਣੀ ਵੱਖਰੀ ਥਾਂ ਬਣਾਈ ਹੈ। ਜੋ ਸ਼ੁਰੂਆਤ ਵਿੱਚ ਇੱਕ ਮਜ਼ਾਕ, ਮੀਮ ਅਤੇ ਵਿਅੰਗ ਦੇ ਰੂਪ ਵਿੱਚ ਸਾਹਮਣੇ ਆਈ ਸੀ, ਉਹ ਹੁਣ ਇੱਕ ਵੱਡੇ ਡਿਜ਼ੀਟਲ ਅੰਦੋਲਨ ਦੀ ਸ਼ਕਲ ਲੈਂਦੀ ਦਿਖਾਈ ਦੇ ਰਹੀ ਹੈ। ਰਿਪੋਰਟਾਂ ਮੁਤਾਬਕ ਕਾਕਰੋਚ ਜਨਤਾ ਪਾਰਟੀ ਨੇ ਬਹੁਤ ਘੱਟ ਸਮੇਂ ਵਿੱਚ ਲੱਖਾਂ ਮੈਂਬਰ ਅਤੇ ਮਿਲੀਅਨ ਪੱਧਰ ਦੇ ਸੋਸ਼ਲ ਮੀਡੀਆ ਫੋਲੋਅਰ ਹਾਸਲ ਕੀਤੇ ਹਨ।ਇਸ ਅੰਦੋਲਨ ਦੀ ਸ਼ੁਰੂਆਤ ਉਸ ਸਮੇਂ ਹੋਈ ਜਦੋਂ ਇੱਕ ਨਿਆਂਕ ਟਿੱਪਣੀ ਨੂੰ ਲੈ ਕੇ ਵੱਡਾ ਵਿਵਾਦ ਉੱਠਿਆ। ਸੋਸ਼ਲ ਮੀਡੀਆ ਉੱਤੇ ਇਹ ਦਾਅਵੇ ਤੇਜ਼ੀ ਨਾਲ ਫੈਲਣ ਲੱਗੇ ਕਿ ਨੌਜਵਾਨਾਂ ਨੂੰ ਕਾਕਰੋਚ ਵਰਗੇ ਸ਼ਬਦਾਂ ਨਾਲ ਜੋੜਿਆ ਗਿਆ। ਇਸ ਤੋਂ ਬਾਅਦ ਬਹੁਤ ਸਾਰੇ ਨੌਜਵਾਨਾਂ ਨੇ ਇਸ ਸ਼ਬਦ ਨੂੰ ਆਪਣੇ ਖਿਲਾਫ਼ ਤਨਜ਼ ਦੀ ਥਾਂ ਇੱਕ ਪ੍ਰਤੀਕ ਵਜੋਂ ਵਰਤਣਾ ਸ਼ੁਰੂ ਕੀਤਾ। ਇਸ ਮੂਵਮੈਂਟ ਦਾ ਚਿਹਰਾ ਅਭਿਜੀਤ ਦੀਪਕੇ ਬਣ ਕੇ ਸਾਹਮਣੇ ਆਇਆ। ਰਿਪੋਰਟਾਂ ਅਨੁਸਾਰ ਉਹ ਪਹਿਲਾਂ ਡਿਜ਼ੀਟਲ ਮੀਡੀਆ ਅਤੇ ਰਾਜਨੀਤਿਕ ਕਮਿਊਨੀਕੇਸ਼ਨ ਨਾਲ ਜੁੜਿਆ ਰਿਹਾ ਹੈ ਅਤੇ ਸੋਸ਼ਲ ਮੀਡੀਆ ਮੁਹਿੰਮਾਂ ਵਿੱਚ ਸਰਗਰਮ ਰਿਹਾ ਹੈ। ਉਸ ਨੇ ਇੱਕ ਵਿਅੰਗਾਤਮਕ ਢੰਗ ਨਾਲ ਇਹ ਮੰਚ ਸ਼ੁਰੂ ਕੀਤਾ, ਪਰ ਥੋੜ੍ਹੇ ਸਮੇਂ ਵਿੱਚ ਇਸ ਨੂੰ ਨੌਜਵਾਨਾਂ ਦਾ ਵੱਡਾ ਸਮਰਥਨ ਮਿਲ ਗਿਆ।ਕੀ ਕਾਕਰੋਚ ਜਨਤਾ ਪਾਰਟੀ ਸਿਰਫ਼ ਟ੍ਰੈਂਡ ਹੈ ਜਾਂ ਭਵਿੱਖ ਦੀ ਰਾਜਨੀਤੀ ?ਕਾਕਰੋਚ ਜਨਤਾ ਪਾਰਟੀ ਆਪਣੇ ਆਪ ਨੂੰ ਇੱਕ ਅਧਿਕਾਰਕ ਰਾਜਨੀਤਿਕ ਪਾਰਟੀ ਨਹੀਂ, ਸਗੋਂ ਨੌਜਵਾਨਾਂ ਦੀ ਆਵਾਜ਼ ਵਜੋਂ ਪੇਸ਼ ਕਰਦੀ ਹੈ। ਇਸ ਦਾ ਪੰਜ-ਬਿੰਦੂ ਮੈਨੀਫੈਸਟੋ ਵੀ ਸਾਹਮਣੇ ਆਇਆ, ਜਿਸ ਵਿੱਚ ਚੋਣ ਪ੍ਰਣਾਲੀ, ਮੀਡੀਆ ਦੀ ਆਜ਼ਾਦੀ, ਮਹਿਲਾਵਾਂ ਦੀ ਨੁਮਾਇੰਦਗੀ ਅਤੇ ਰਾਜਨੀਤਿਕ ਜਵਾਬਦੇਹੀ ਵਰਗੇ ਮੁੱਦੇ ਸ਼ਾਮਲ ਕੀਤੇ ਗਏ। ਹਾਲਾਂਕਿ ਵਿਸ਼ਲੇਸ਼ਕ ਮੰਨਦੇ ਹਨ ਕਿ ਸੋਸ਼ਲ ਮੀਡੀਆ ਉੱਤੇ ਫੋਲੋਅਰਾਂ ਦੀ ਵੱਡੀ ਗਿਣਤੀ ਹਮੇਸ਼ਾਂ ਵੋਟਾਂ ਵਿੱਚ ਤਬਦੀਲ ਨਹੀਂ ਹੁੰਦੀ। ਕਿਉਂਕਿ ਇਸ ਸਮੇਂ ਇਹਨਾਂ ਦੇ ਫਾਲੋਅਰਜ਼ ਦੀ ਗਿਣਤੀ 10 ਮਿਲੀਅਨ ਦੇ ਕਰੀਬ ਜਾਨੀ ਸ਼ੁਰੂ ਹੋ ਚੁੱਕੀ ਹੈ। ਭਾਰਤ ਵਿੱਚ ਪਹਿਲਾਂ ਵੀ ਕਈ ਵਾਇਰਲ ਮੁਹਿੰਮਾਂ ਚਰਚਾ ਦਾ ਕੇਂਦਰ ਬਣੀਆਂ ਪਰ ਬਾਅਦ ਵਿੱਚ ਹੌਲੀਆਂ ਪੈ ਗਈਆਂ। ਦਜੇ ਪਾਸੇ, ਕੁਝ ਅੰਦੋਲਨ ਅਜਿਹੇ ਵੀ ਰਹੇ ਜੋ ਬਾਅਦ ਵਿੱਚ ਰਾਜਨੀਤਿਕ ਤਾਕਤ ਬਣੇ। ਮੌਜੂਦਾ ਹਾਲਾਤਾਂ ਵਿੱਚ ਕਾਕਰੋਚ ਜਨਤਾ ਪਾਰਟੀ ਇੱਕ ਅਜਿਹਾ ਪ੍ਰਯੋਗ ਦਿਖਾਈ ਦਿੰਦਾ ਹੈ ਜੋ ਮੀਮ, ਵਿਅੰਗ ਅਤੇ ਨੌਜਵਾਨਾਂ ਦੀ ਨਿਰਾਸ਼ਾ ਨੂੰ ਇੱਕ ਪਲੇਟਫਾਰਮ 'ਤੇ ਲਿਆਉਂਦਾ ਹੈ। ਕੀ ਇਹ ਆਉਣ ਵਾਲੇ ਸਮੇਂ ਵਿੱਚ ਇੱਕ ਸੰਗਠਿਤ ਅੰਦੋਲਨ ਜਾਂ ਰਾਜਨੀਤਿਕ ਪਾਰਟੀ ਬਣੇਗਾ, ਇਸ ਬਾਰੇ ਹੁਣੇ ਪੱਕਾ ਕਹਿਣਾ ਮੁਸ਼ਕਲ ਹੈ। ਪਰ ਇੱਕ ਗੱਲ ਸਾਫ਼ ਹੈ — ਇਸ ਨੇ ਨੌਜਵਾਨਾਂ ਦੀ ਨਾਰਾਜ਼ਗੀ ਨੂੰ ਰਾਸ਼ਟਰੀ ਚਰਚਾ ਦਾ ਹਿੱਸਾ ਜ਼ਰੂਰ ਬਣਾ ਦਿੱਤਾ ਹੈ।

ਕਰਿਆਨਾ ਸਟੋਰ 'ਤੇ ਗੋਲੀਆਂ ਚਲਾਉਣ ਵਾਲੇ ਸ਼ੂਟਰ ਕਾਬੂ: ਐੱਮ.ਐੱਸ. ਸੋਢੀ

ਬਟਾਲਾ, 21 ਮਈ (ਸੁਖਦੇਵ ਸਿੰਘ ਰੰਧਾਵਾ ਬਲਬੀਰ ਸੋਹਲਡਾ. ਮਹਿਤਾਬ ਸਿੰਘ ਐੱਸ.ਐੱਸ.ਪੀ ਬਟਾਲਾ ਦੀ ਅਗਵਾਈ ਵਿੱਚ ਬਟਾਲਾ ਪੁਲਿਸ ਨੇ ਵੱਡੀ ਸਫਲਤਾ ਹਾਸਿਲ ਕਰਦਿਆਂ ਐੱਮ.ਐੱਸ ਸੋਢੀ ਕਰਿਆਨਾ ਸਟੋਰ 'ਤੇ ਗੋਲੀਆਂ ਚਲਾਉਣ ਵਾਲੇ ਸ਼ੂਟਰ ਕਾਬੂ ਕਰ ਲਏ ਗਏ ਹਨ। ਸੰਦੀਪ ਵਡੇਰਾ ਐੱਸ ਪੀ ਇੰਨਵੈਸਟੀਗੇਸ਼ਨ ਬਟਾਲਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿਪੰਜਾਬ ਸਰਕਾਰ ਵੱਲੋਂ ਗੈਂਗਸਟਰਾ ਵਿਰੁੱਧ ਚਲਾਈ ਗਈ ਜੀਰੋ ਟੋਲਰੇਂਸ ਪਾਲਿਸੀ ਅਪਣਾਈ ਗਈ ਹੈ। ਸੰਦੀਪ ਕੁਮਾਰ ਐੱਸ.ਪੀ. ਇੰਨਵੈਸਟੀਗੇਸ਼ਨ ਨੇ ਦੱਸਿਆ ਕਿ ਉਨ੍ਹਾਂ ਦੀ ਜੋਰ ਨਿਗਰਾਨੀ ਹੇਠ ਸੁਖਵਿੰਦਰ ਸਿੰਘ ਡੀ.ਐੱਸ.ਪੀ ਸਬ-ਡਵੀਜਨ ਸਿਟੀ, ਇੰਸਪੈਕਟਰ ਸੁਖਰਾਜ ਸਿੰਘ ਇੰਚਾਰਜ ਸੀ.ਏ ਸਟਾਫ ਬਟਾਲਾ, ਇੰਸਪੈਕਟਰ ਗੁਰਮੀਤ ਸਿੰਘ ਮੁੱਖ ਅਫਸਰ ਥਾਣਾ ਸਿਵਲ ਲਾਇਨ ਅਤੇ ਟੀਮਾ ਵੱਲੋਂ ਮੁਕੱਦਮਾ ਨੰਬਰ 139 ਮਿਤੀ 09-5-2026 ਜੁਰਮ 308(4),3(5) BNS 25-54-59 ਆਰਮ ਐਕਟ ਸਿਵਲ ਲਾਇਨ ਵਿਚ ਮੁਦਈ ਸੰਜੀਵ ਕੁਮਾਰ ਪੁੱਤਰ ਅਵਤਾਰ ਚੰਦ ਸੋਢੀ ਵਾਸੀ ਸੁੰਦਰ ਨਗਰ ਬਟਾਲਾ (ਐਮ.ਐਸ ਸੋਢੀ ਕਰਿਆਨਾ ਸਟੋਰ) ਦੀ ਦੁਕਾਨ ਤੇ ਅੰਦਰ ਵੜ ਕੇ ਗੋਲੀਆ ਮਾਰਨ ਆਏ ਵਿਅਕਤੀ ਕ੍ਰਿਸ਼ਜੀਤ ਸਿੰਘ ਉਰਫ ਕ੍ਰਿਸ ਪੁੱਤਰ ਹਰਜੀਤ ਸਿੰਘ ਵਾਸੀ ਫਤਿਆਬਾਦ ਥਾਣਾ ਗੋਇੰਦਵਾਲ ਨੂੰ ਕਾਬੂ ਕਰਕੇ ਬਹੁਤ ਵੱਡੀ ਕਾਮਯਾਬੀ ਹਾਸਿਲ ਕੀਤੀ ਹੈ।

ਚੰਡੀਗੜ੍ਹ ਹਾਊਸਿੰਗ ਬੋਰਡ 8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ

ਜਨਤਕ ਸੂਚਨਾ

ਵੱਲੋਂ ਸਕੱਤਰ, ਸੀਐਚਬੀ ਅਸਟੇਟ ਅਧਿਕਾਰੀ, ਯੂ.ਟੀ. ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ।

ਵਿਸ਼ਾ : ਅਲਾਟੀ/ਟ੍ਰਾਂਸਫਰੀ **ਸ੍ਰੀਮਤੀ ਜੋਗਿੰਦਰ ਸਿੰਘ ਸੰਧੂ ਸਪੁੱਤਰ ਸ੍ਰੀ ਅਵਤਾਰ ਸਿੰਘ** ਦੇ ਨਾਮ ਤੋਂ **ਸ੍ਰੀ ਜੋਗਿੰਦਰ ਸਿੰਘ ਸੰਧੂ ਸਪੁੱਤਰ ਸ੍ਰੀ ਅਵਤਾਰ ਸਿੰਘ** ਦੇ ਨਾਮ 'ਤੇ **ਵਿਕਰੀ ਡੀਡ** ਦੇ ਆਧਾਰ 'ਤੇ **ਸੈਕਟਰ 63, ਚੰਡੀਗੜ੍ਹ ਵਿੱਚ ਬਲਾਕ ਨੰਬਰ ਬੀ-16 ਵਿੱਚ ਦੋ ਬੈਡਰੂਮ ਵਰਗ ਦੀ ਰਿਹਾਇਸ਼ੀ ਇਕਾਈ ਨੰਬਰ 2123-ਬੀ ਅਤੇ ਪਾਰਕਿੰਗ ਨੰਬਰ ਬੀ-16-ਸੀ.ਐਸ.ਓ.-886** ਦੇ ਸਬੰਧ ਵਿਚ ਮਾਲਕੀ ਅਧਿਕਾਰ ਦਾ ਤਬਾਦਲਾ/ਪਰਿਵਰਤਨ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ **ਸੈਕਟਰ 63, ਚੰਡੀਗੜ੍ਹ ਵਿੱਚ ਬਲਾਕ ਨੰਬਰ ਬੀ-16 ਵਿੱਚ ਦੋ ਬੈਡਰੂਮ ਵਰਗ ਦੀ ਰਿਹਾਇਸ਼ੀ ਇਕਾਈ ਨੰਬਰ 2123-ਬੀ ਅਤੇ ਪਾਰਕਿੰਗ ਨੰਬਰ ਬੀ-16-ਸੀ.ਐਸ.ਓ.-886** ਅਲਾਟੀ/ਟ੍ਰਾਂਸਫਰੀ **ਸ੍ਰੀਮਤੀ ਨੀਰੂ ਵਰਮਾ ਸੁਪਤਨੀ ਸ੍ਰੀ ਚੰਦਰ ਦੱਤ ਵਰਮਾ** ਦੇ ਨਾਮ 'ਤੇ ਦਰਜ ਹੈ। ਹੁਣ, **ਸ੍ਰੀਮਤੀ ਨੀਰੂ ਵਰਮਾ ਸੁਪਤਨੀ ਸ੍ਰੀ ਚੰਦਰ ਦੱਤ ਵਰਮਾ** ਨੇ ਉਕਤ ਦਰਸਾਈ ਰਿਹਾਇਸ਼ੀ ਇਕਾਈ 28.01.2026 ਨੂੰ ਸਬ-ਰਜਿਸਟਰਾਰ ਚੰਡੀਗੜ੍ਹ ਦੇ ਦਫਤਰ ਵਿਚ ਕਾਰਜਰੂਪ ਅਤੇ ਪੰਜੀਕ੍ਰਿਤ ਵਿਕਰੀ ਡੀਡ ਦੇ ਅਧੀਨ **ਸ੍ਰੀ ਜੋਗਿੰਦਰ ਸਿੰਘ ਸੰਧੂ ਸਪੁੱਤਰ ਸ੍ਰੀ ਅਵਤਾਰ ਸਿੰਘ** ਨੂੰ ਵੇਚ ਦਿੱਤੀ ਹੈ। **ਸ੍ਰੀ ਜੋਗਿੰਦਰ ਸਿ



ਵਿਰਾਟ ਕੋਹਲੀ ਵੱਲੋਂ ਭਾਰਤੀ ਹਾਕੀ ਖਿਡਾਰੀਆਂ ਦੀ ਫਿਟਨੈੱਸ ਦੀਆਂ ਸਿਫਤਾਂ

ਜਾਣੋ ਇੱਕ ਕੌਮਾਂਤਰੀ ਹਾਕੀ ਖਿਡਾਰੀ ਕਿਹੜੇ ਔਖੇ ਪੜਾਵਾਂ 'ਚੋਂ ਲੰਘਦੈ ਤੇ ਕੀ-ਕੀ ਖਾਣਾ ਪੈਂਦੈ





ਜੇ ਕਹੀਏ ਕਿ ਭਾਰਤੀ ਕ੍ਰਿਕਟ ਵਿੱਚ ਫਿਟਨੈੱਸ ਦੀ ਚਿਣਗ ਲਗਾਉਣ ਦਾ ਸਿਹਰਾ ਵਿਰਾਟ ਕੋਹਲੀ ਸਿਰ ਜਾਂਦਾ ਤਾਂ ਇਸ ਵਿੱਚ ਕੋਈ ਅਤਿਕਥਨੀ ਨਹੀਂ ਹੋਵੇਗੀ। ਟੀਮ ਇੰਡੀਆ ਦੇ ਸਟਾਰ ਬੱਲੇਬਾਜ਼ ਤੇ ਸਾਬਕਾ ਕਪਤਾਨ ਵਿਰਾਟ ਕੋਹਲੀ ਦਾ ਨਾਮ ਇੰਟਰਨੈਸ਼ਨਲ ਪੱਧਰ 'ਤੇ ਫਿੱਟ ਖਿਡਾਰੀਆਂ ਵਿੱਚ ਆਉਂਦਾ ਹੈ ਤੇ ਕਈ ਕ੍ਰਿਕਟ ਖਿਡਾਰੀ ਉਨ੍ਹਾਂ ਤੋਂ ਪ੍ਰਭਾਵਿਤ ਹੋ ਕੇ ਹੀ ਫਿਟਨੈੱਸ ਨੂੰ ਗੰਭੀਰਤਾ ਨਾਲ ਲੈਣ ਲੱਗੇ ਪਰ ਵਿਰਾਟ ਕੋਹਲੀ ਭਾਰਤ ਦੀ ਇਸ ਟੀਮ ਦੇ ਖਿਡਾਰੀਆਂ ਅੱਗੇ ਆਪਣੀ ਫਿਟਨੈੱਸ ਨੂੰ 'ਫਿੱਕਾ' ਮੰਨਦੇ ਹਨ। ਉਹ ਖਿਡਾਰੀ ਹਨ ਭਾਰਤੀ ਹਾਕੀ ਟੀਮ ਦੇ ਖਿਡਾਰੀ, ਜਿਨ੍ਹਾਂ ਬਾਰੇ ਵਿਰਾਟ ਕੋਹਲੀ ਵੱਲੋਂ ਦਿੱਤੇ ਬਿਆਨ ਨੇ ਹਾਕੀ ਖਿਡਾਰੀਆਂ ਦੀ ਫਿਟਨੈੱਸ ਨੂੰ ਲੈ ਕੇ ਚਰਚਾ ਛੇੜ ਦਿੱਤੀ ਹੈ। ਖ਼ਬਰ ਏਜੰਸੀ ਏਐੱਨਆਈ ਮੁਤਾਬਕ ਵਿਰਾਟ ਕੋਹਲੀ ਦਾ ਇਹ ਵੀ ਕਹਿਣਾ ਕਿ ਜੇ ਹਾਕੀ ਖਿਡਾਰੀ ਉਨ੍ਹਾਂ ਦੇ ਅਭਿਆਸ ਸੈਸ਼ਨ ਦੇਖਣਗੇ ਤਾਂ ਹੱਸਣਗੇ। ਕ੍ਰਿਕਟ ਸਟਾਰ ਵੱਲੋਂ ਦਿੱਤੇ ਇਸ ਬਿਆਨ ਨੇ ਹਾਕੀ ਖਿਡਾਰੀਆਂ ਦੇ ਅਭਿਆਸ ਵੱਲ ਲੋਕਾਂ ਦਾ ਧਿਆਨ ਆਕਰਸ਼ਿਤ ਕੀਤਾ ਕਿ ਆਖਿਰ ਹਾਕੀ ਖਿਡਾਰੀ ਹੋਰ ਖੇਡਾਂ ਨਾਲੋਂ ਵੱਖਰੀ ਕਿਹੋ ਜਿਹੀ ਤਿਆਰੀ ਕਰਦੇ ਹਨ।

'ਅਸੀਂ ਹਾਕੀ ਖਿਡਾਰੀਆਂ ਦੀ ਫਿਟਨੈੱਸ ਅੱਗੇ 15 ਫ਼ੀਸਦ ਵੀ ਨਹੀਂ'

ਖ਼ਬਰ ਏਜੰਸੀ ਏਐੱਨਆਈ ਮੁਤਾਬਕ ਵਿਰਾਟ ਕੋਹਲੀ ਨੇ ਮੰਗਲਵਾਰ ਨੂੰ ਆਰਸੀਬੀ ਇਨੋਵੇਸ਼ਨ ਲੈਬ ਇੰਡੀਅਨ ਸਪੋਰਟਸ ਸਮਿਟ ਦੇ ਤੀਜੇ ਐਡੀਸ਼ਨ ਦੌਰਾਨ ਭਾਰਤੀ ਹਾਕੀ ਟੀਮ ਦੇ ਖਿਡਾਰੀਆਂ ਦੀ ਫਿਟਨੈੱਸ ਬਾਰੇ ਬਿਆਨ ਦਿੱਤਾ। ਉਨ੍ਹਾਂ ਕਿਹਾ, "ਮੈਨੂੰ ਪਤਾ ਹੈ ਕਿ ਲੋਕ ਕਦੇ-ਕਦੇ ਫਿਟਨੈੱਸ ਨੂੰ ਬਹੁਤ ਹੀ ਅਸਾਧਾਰਨ ਚੀਜ਼ ਮੰਨਦੇ ਹਨ ਪਰ ਮੇਰੇ ਲਈ ਇਹ ਬਸ ਉਹੀ ਹੈ ਜਿਸਦੀ ਇਸ ਕੰਮ 'ਚ ਜ਼ਰੂਰਤ ਹੁੰਦੀ ਹੈ। ਇਹ ਇੱਕ ਆਮ ਗੱਲ ਹੋਣੀ ਚਾਹੀਦੀ ਹੈ ਨਾ ਕਿ ਕੋਈ ਅਜਿਹੀ ਚੀਜ਼ ਜਿਸ ਨੂੰ ਖਾਸ ਮੰਨ ਉਸ ਦੀ ਤਾਰੀਫ਼ ਕੀਤੀ ਜਾਵੇ। ਸਾਡੇ ਦੇਸ਼ ਵਿੱਚ ਕ੍ਰਿਕਟ 'ਤੇ ਇੰਨਾ ਜ਼ਿਆਦਾ ਧਿਆਨ ਦਿੱਤਾ ਜਾਂਦਾ ਹੈ ਕਿ ਅਸੀਂ ਅਕਸਰ ਦੂਜੀਆਂ ਖੇਡਾਂ ਨੂੰ ਨਜ਼ਰਅੰਦਾਜ਼ ਕਰ ਦਿੰਦੇ ਹਾਂ।" ਵਿਰਾਟ ਨੇ ਅੱਗੇ ਕਿਹਾ, "ਜੇ ਮੈਂ ਪੂਰੀ ਇਮਾਨਦਾਰੀ ਨਾਲ ਕਹਾਂ ਤਾਂ ਸਾਡੀ ਫਿਟਨੈੱਸ ਭਾਰਤੀ ਹਾਕੀ ਖਿਡਾਰੀਆਂ ਦੀ ਫਿਟਨੈੱਸ ਦੇ ਮੁਕਾਬਲੇ 15 ਫ਼ੀਸਦ ਵੀ ਨਹੀਂ ਹੈ। ਜੇ ਹਾਕੀ ਖਿਡਾਰੀ ਸਾਡੇ ਟਰੇਨਿੰਗ ਸੈਸ਼ਨ ਦੇਖਣ ਤਾਂ ਸ਼ਾਇਦ ਉਹ ਹੱਸਣਗੇ ਕਿਉਂਕਿ ਉਨ੍ਹਾਂ ਦੀ ਖੇਡ ਵਿੱਚ ਸਰੀਰਕ ਤੌਰ 'ਤੇ ਕਿਤੇ ਜ਼ਿਆਦਾ ਮਿਹਨਤ ਦੀ ਜ਼ਰੂਰਤ ਹੁੰਦੀ ਹੈ।"

ਮਾਡਰਨ ਹਾਕੀ 'ਚ ਕਿਹੋ ਜਿਹੀ ਤਿਆਰੀ ਕਰਦੇ ਨੇ ਖਿਡਾਰੀ

ਵਿਰਾਟ ਕੋਹਲੀ ਵੱਲੋਂ ਹਾਕੀ ਖਿਡਾਰੀਆਂ ਦੀ ਫਿਟਨੈੱਸ ਬਾਰੇ ਦਿੱਤੇ ਬਿਆਨ ਮਗਰੋਂ ਲੋਕਾਂ ਦਾ ਧਿਆਨ ਭਾਰਤੀ ਹਾਕੀ ਦੇ ਅੰਦਰ ਅਸਾਧਾਰਨ ਫਿਟਨੈੱਸ ਵੱਲ ਵਧਿਆ ਹੈ। ਭਾਰਤੀ ਹਾਕੀ ਟੀਮ ਦੇ ਖਿਡਾਰੀ ਕੌਮਾਂਤਰੀ ਟੂਰਨਾਮੈਂਟਾਂ ਤੋਂ ਪਹਿਲਾਂ ਕਿੰਨੀ ਕੁ ਸਖ਼ਤ ਮਿਹਨਤ ਕਰਦੇ ਹਨ, ਕੀ ਖਾਂਦੇ ਹਨ, ਇਨ੍ਹਾਂ ਸਭ ਬਾਰੇ ਜਾਣਨ ਲਈ ਭਾਰਤੀ ਹਾਕੀ ਟੀਮ ਦੇ ਖਿਡਾਰੀਆਂ ਨਾਲ ਖਾਸ ਗੱਲਬਾਤ ਕੀਤੀ ਹੈ। ਓਲੰਪੀਅਨ ਸ਼ਮਸ਼ੇਰ ਸਿੰਘ 2019 ਤੋਂ ਲੈ ਕੇ 2025 ਤੱਕ ਭਾਰਤੀ ਹਾਕੀ ਟੀਮ ਦਾ ਹਿੱਸਾ ਰਹੇ ਹਨ। ਉਨ੍ਹਾਂ ਨੇ ਓਲੰਪਿਕ ਵਿੱਚ ਦੋ ਕਾਂਸੀ ਦੇ ਤਗਮੇ, ਏਸ਼ੀਆ ਖੇਡਾਂ ਵਿੱਚ ਗੋਲਡ, ਏਸ਼ੀਅਨ ਚੈਂਪੀਅਨਜ਼ ਟਰਾਫੀ ਵਿੱਚ ਇੱਕ ਗੋਲਡ ਤੇ ਇੱਕ ਕਾਂਸੀ ਅਤੇ ਕਾਮਨਵੈਲਥ ਖੇਡਾਂ ਵਿੱਚ ਚਾਂਦੀ ਦਾ ਤਗਮਾ ਜਿੱਤਿਆ ਹੈ। ਸ਼ਮਸ਼ੇਰ ਸਿੰਘ ਨੇ ਹਾਕੀ ਟੀਮ ਦੇ ਟਰੇਨਿੰਗ ਸੈਸ਼ਨਾਂ ਬਾਰੇ ਗੱਲਬਾਤ ਕਰਦਿਆਂ ਦੱਸਿਆ, "ਜਦੋਂ ਵੱਡੇ ਟੂਰਨਾਮੈਂਟਾਂ ਵਿੱਚ ਇੱਕ-ਡੇਢ ਮਹੀਨੇ ਦਾ ਸਮਾਂ ਰਹਿ ਜਾਂਦਾ ਉਦੋਂ ਟਰੇਨਿੰਗ ਸਖ਼ਤ ਹੋ ਜਾਂਦੀ ਹੈ। ਸਵੇਰ ਸਮੇ ਕੰਡੀਸ਼ਨਿੰਗ ਤੇ ਇੰਡੋਰੈਸ ਵਰਕ 'ਤੇ ਕੰਮ ਹੁੰਦਾ। ਇੰਡੋਰੈਸ ਯਾਨੀ ਲੰਬੀ ਦੌੜ ਅਤੇ ਲੰਬੇ ਸਮੇ ਲਈ ਦੌੜਣਾ ਸ਼ਾਮਲ ਹੈ। ਹਫਤੇ ਵਿੱਚ ਇੱਕ ਵਾਰ 800-1600 ਮੀਟਰ ਦੀ ਦੌੜ ਲਗਾਈ ਜਾਂਦੀ ਹੈ। ਜਿਵੇ 400 ਦਾ ਚੱਕਰ ਲਗਾ ਕੇ ਫਿਰ ਥੋੜਾ ਆਰਾਮ, ਇਸ ਤਰ੍ਹਾਂ ਦੇ 5-6 ਸੈੱਟ, ਫਿਰ 400-400 ਦੇ ਚਾਰ ਚੱਕਰ ਲਗਾਉਣੇ, ਇਸ ਤਰ੍ਹਾਂ ਦੇ 2-3 ਸੈੱਟ ਹੋ ਜਾਂਦੇ ਹਨ। ਜਦੋਂ ਟੂਰਨਾਮੈਂਟ ਵਿੱਚ 1-2 ਹਫ਼ਤਾ ਰਹਿ ਜਾਂਦਾ, ਉਸ ਸਮੇ ਲੋਡ ਘਟਾ ਦਿੱਤਾ ਜਾਂਦਾ ਤੇ ਹਲਕੀ ਟਰੇਨਿੰਗ ਹੁੰਦੀ ਹੈ।" ਮੌਜੂਦਾ ਭਾਰਤੀ ਹਾਕੀ ਟੀਮ ਦੇ ਖਿਡਾਰੀ ਨੇ ਦੱਸਿਆ ਕਿ ਹਫ਼ਤੇ ਦੇ ਛੇ ਦਿਨ ਵੱਖ-ਵੱਖ ਸੈਸ਼ਨ ਹੁੰਦੇ ਹਨ।

ਕਿਹੜੇ ਪੜਾਵਾਂ ਵਿੱਚ ਹੁੰਦੀ ਹੈ ਟਰੇਨਿੰਗ

ਸਮਸ਼ੇਰ ਸਿੰਘ ਦੱਸਦੇ ਹਨ ਕਿ ਟੀਮ ਨੂੰ ਐਤਵਾਰ ਦੀ ਰੈਸਟ ਹੁੰਦੀ ਹੈ ਅਤੇ ਬੁੱਧਵਾਰ ਤੇ ਸ਼ਨੀਵਾਰ ਦੀ ਸ਼ਾਮ ਛੱਡ ਕੇ ਬਾਕੀ ਦਿਨ ਸਵੇਰੇ-ਸ਼ਾਮ ਅਭਿਆਸ ਕਰਨਾ ਹੁੰਦਾ ਹੈ। ਉਹ ਦੱਸਦੇ ਹਨ, "ਦਿਨ ਵਿੱਚ ਇੱਕ ਵਾਰ ਹਾਕੀ ਬਾਲ ਨਾਲ ਟਰੇਨਿੰਗ ਹੁੰਦੀ ਹੈ ਤੇ ਇੱਕ ਸਮੇ ਜਿਮ ਹੁੰਦੀ ਹੈ। ਟੂਰਨਾਮੈਂਟਾਂ ਤੋ ਪਹਿਲਾਂ ਖਾਸ ਫਿਟਨੈੱਸ ਕੈਂਪ ਲੱਗਦੇ ਹਨ, ਜਿਨ੍ਹਾਂ ਵਿੱਚ ਦੌੜ ਜ਼ਿਆਦਾ ਹੁੰਦੀ ਹੈ।" ਭਾਰਤੀ ਹਾਕੀ ਟੀਮ ਦੇ ਮੌਜੂਦਾ ਇੱਕ ਖਿਡਾਰੀ ਨੇ ਪਛਾਣ ਨਾ ਦੱਸਣ ਦੀ ਸ਼ਰਤ 'ਤੇ ਦੱਸਿਆ ਕਿ ਭਾਰਤੀ ਹਾਕੀ ਟੀਮ ਦਾ ਤਿੰਨ ਸੈਸ਼ਨਾਂ ਵਿੱਚ ਅਭਿਆਸ ਹੁੰਦਾ ਹੈ, ਰੈਂਡ, ਗਰੀਨ ਅਤੇ ਆਰੇਜ। ਸ਼ਮਸ਼ੇਰ ਸਿੰਘ ਵੀ ਦੱਸਦੇ ਹਨ ਕਿ ਟਰੇਨਿੰਗ ਨੂੰ ਕੁਝ ਪੜਾਵਾਂ ਵਿੱਚ ਵੰਡਿਆ ਜਾਂਦਾ ਹੈ। "ਰੈਂਡ ਸੈਸ਼ਨ ਦਾ ਮਤਲਬ ਬਹੁਤ ਜ਼ਿਆਦਾ ਸਖ਼ਤ ਮਿਹਨਤ, ਇਸ ਵਿੱਚ ਹਾਕੀ ਨਾਲ ਜ਼ਿਆਦਾ ਅਭਿਆਸ ਹੁੰਦਾ ਹੈ। ਜਿਵੇ ਇੱਕ ਬਨਾਮ ਇੱਕ, ਦੋ ਬਨਾਮ ਦੋ ਖਿਡਾਰੀ ਹਾਕੀ ਨਾਲ ਵੱਖ-ਵੱਖ ਡਰਿੱਲਜ਼ ਕਰਦੇ ਹਨ, ਜਿਵੇ ਕਿ ਤੇਜ਼ ਪਾਸਿੰਗ ਕਰਨਾ, ਟਾਇਟ ਡਰਿੰਬਲਿੰਗ ਕਰਨਾ। ਇਸ ਵਿੱਚ ਛੋਟੇ ਮੈਚ ਵੀ ਲੱਗਦੇ ਹਨ। ਇਹ ਅਜਿਹਾ ਸੈਸ਼ਨ ਹੁੰਦਾ ਕਿ ਪੂਰੇ ਦੋ ਘੰਟੇ ਵਿੱਚ ਖਿਡਾਰੀ ਆਪਣੀ ਸਭ ਤੋਂ ਵੱਧ ਤਾਕਤ ਲਗਾਉਂਦਾ ਹੈ ਤੇ ਉਸ ਉਪਰ ਪੂਰਾ ਲੋਡ ਦਿੱਤਾ ਜਾਂਦਾ ਹੈ।"

> "ਰੈਂਡ ਸੈਸ਼ਨ ਦਾ ਮਤਲਬ ਬਹੁਤ ਜ਼ਿਆਦਾ ਸਖ਼ਤ ਮਿਹਨਤ, ਇਸ ਵਿੱਚ ਹਾਕੀ ਨਾਲ ਜ਼ਿਆਦਾ ਅਭਿਆਸ ਹੁੰਦਾ ਹੈ। ਇਸ ਵਿੱਚ ਛੋਟੇ ਮੈਚ ਵੀ ਲੱਗਦੇ ਹਨ। ਇਹ ਅਜਿਹਾ ਸੈਸ਼ਨ ਹੁੰਦਾ ਕਿ ਪੂਰੇ ਦੋ ਘੰਟੇ ਵਿੱਚ ਖਿਡਾਰੀ ਆਪਣੀ ਸਭ ਤੋਂ ਵੱਧ ਤਾਕਤ ਲਗਾਉਂਦਾ ਹੈ ਤੇ ਉਸ ਉਪਰ ਪੂਰਾ ਲੋਡ ਦਿੱਤਾ ਜਾਂਦਾ ਹੈ।
>
> ਓਲੰਪੀਅਨ ਸ਼ਮਸ਼ੇਰ ਸਿੰਘ
> ਸਾਬਕਾ ਭਾਰਤੀ ਹਾਕੀ ਖਿਡਾਰੀ



"ਇਸੇ ਤਰ੍ਹਾਂ ਹਫ਼ਤੇ 'ਚ ਤਿੰਨ ਤੋਂ ਚਾਰ ਵਾਰ ਜਿਮ ਹੁੰਦੀ ਹੈ ਤੇ ਖਿਡਾਰੀ ਡੇਢ ਤੋ ਦੋ ਘੰਟੇ ਤੱਕ ਮਿਹਨਤ ਲਾਉਦੇ ਹਨ। ਟੂਰਨਾਮੈਂਟ ਤੋ ਪਹਿਲਾਂ ਜਿਮ ਵਿੱਚ ਹੈਵੀ ਲਿਫਟ ਕਰਨਾ ਹੁੰਦਾ ਯਾਨੀ ਜ਼ਿਆਦਾ ਭਾਰ ਚੁੱਕਣਾ ਤੇ ਟੂਰਨਾਮੈਂਟ ਦੇ ਨੇੜੇ ਆ ਕੇ ਰੈਪਸ ਵਧ ਜਾਂਦੇ ਹਨ ਤੇ ਲੋਡ ਘਟਾ ਦਿੱਤਾ ਜਾਂਦਾ। ਇਸ ਦੌਰਾਨ ਸਰੀਰ ਦੇ ਉਪਰਲੇ ਹਿੱਸੇ ਦਾ ਅਭਿਆਸ ਘੱਟ ਤੇ ਸਰੀਰ ਦੇ ਹੇਠਲੇ ਹਿੱਸੇ ਦਾ ਅਭਿਆਸ ਜ਼ਿਆਦਾ ਹੁੰਦਾ।"

'ਯੋ-ਯੋ ਟੈਸਟ 'ਚ ਸਾਡੇ ਖਿਡਾਰੀ 22-23 ਸਕੋਰ ਆਰਾਮ ਨਾਲ ਲੈਂਦੇ ਨੇ'

ਸਮਸ਼ੇਰ ਸਿੰਘ ਦੱਸਦੇ ਹਨ ਕਿ ਜਦੋਂ ਖਿਡਾਰੀ ਕੈਂਪ ਤੋ ਛੁੱਟੀ ਦੌਰਾਨ ਘਰਾਂ ਤੋ ਵਾਪਸ ਆਉਦੇ ਹਨ ਤਾਂ ਉਸ ਸਮੇ ਵੀ ਉਨ੍ਹਾਂ ਦੇ ਯੋ-ਯੋ ਟੈਸਟ ਹੁੰਦੇ ਹਨ। "ਸਾਡੇ ਖਿਡਾਰੀ ਯੋ-ਯੋ ਟੈਸਟ 'ਚੋ ਔਸਤਨ 22 ਸਕੋਰ ਲੈ ਹੀ ਲੈਦੇ ਹਨ ਪਰ ਜਦੋਂ ਓਲੰਪਿਕ ਟੂਰਨਾਮੈਂਟ ਵਰਗੇ ਵੱਡੇ ਕੰਪੀਟੀਸ਼ਨ ਆਉਦੇ ਹਨ ਤਾਂ ਉਸ ਸਮੇ ਤਾਂ ਇੱਕ-ਦੋ ਨੂੰ ਛੱਡ ਕੇ ਬਾਕੀ ਸਾਰੇ 23 ਤੱਕ ਵੀ ਸਕੋਰ ਲੈਦੇ ਹਨ ਕਿਉਂਕਿ ਖਿਡਾਰੀ ਫਿੱਟ ਇੰਨੇ ਜ਼ਿਆਦਾ ਹੁੰਦੇ ਹਨ। ਜਦੋਂ ਅਸੀ ਟੋਕਿਓ ਓਲੰਪਿਕ ਗਏ ਸੀ ਤਾਂ ਕਰੀਬ 16 ਜਣਿਆਂ ਨੇ 23.8 ਸਕੋਰ ਟੱਚ ਕਰ ਲਿਆ ਸੀ। ਗੋਲਕੀਪਰਾਂ ਦਾ ਸਕੋਰ ਘੱਟ ਹੁੰਦਾ ਪਰ ਉਹ ਵੀ 20 ਤੱਕ ਸਕੋਰ ਹਾਸਲ ਕਰ ਲੈਦੇ ਹਨ।"

> ਬਰਿੰਦਰ ਸਿੰਘ

ਭਾਰਤੀ ਹਾਕੀ ਖਿਡਾਰੀ ਕੀ-ਕੀ ਖਾਂਦੇ ਹਨ

ਖਿਡਾਰੀਆਂ ਦੇ ਚੰਗੇ ਪ੍ਰਦਰਸ਼ਨ ਲਈ ਚੰਗੀ ਖੁਰਾਕ ਵੀ ਉਨੀ ਹੀ ਜ਼ਰੂਰੀ ਹੈ, ਜਿੰਨਾ ਕਿ ਉਨ੍ਹਾਂ ਦਾ ਅਭਿਆਸ। ਕੌਮਾਂਤਰੀ ਮੁਕਾਬਲਿਆਂ ਲਈ ਸਖ਼ਤ ਮਿਹਨਤ ਕਰਦੇ ਖਿਡਾਰੀਆਂ ਦੀ ਖੁਰਾਕ ਵੱਲ ਵੀ ਉੱਚਿਤ ਧਿਆਨ ਦਿੱਤਾ ਜਾਂਦਾ। ਭਾਰਤੀ ਹਾਕੀ ਟੀਮ ਦੇ ਖਿਡਾਰੀ ਆਪਣੀ ਟਰੇਨਿੰਗ ਦੌਰਾਨ ਕਿਸ ਸਮੇ ਤੇ ਕਿਵੇ ਦੀ ਖੁਰਾਕ ਲੈਦੇ ਹਨ, ਇਸ ਬਾਰੇ ਵੀ ਓਲੰਪੀਅਨ ਸ਼ਮਸ਼ੇਰ ਸਿੰਘ ਨੇ ਵਿਸਥਾਰ ਨਾਲ ਦੱਸਿਆ ਹੈ। ਉਹ ਦੱਸਦੇ ਹਨ, "ਟਰੇਨਿੰਗ ਦੌਰਾਨ ਹਰ ਤਰ੍ਹਾਂ ਦਾ ਖਾਣਾ ਉਪਲਬਧ ਹੁੰਦਾ ਤੇ ਹਰ ਖਿਡਾਰੀ ਨੂੰ ਪਤਾ ਹੁੰਦਾ ਕਿ ਉਸ ਨੂੰ ਆਪਣੀ ਸਿਹਤ ਦੇ ਹਿਸਾਬ ਨਾਲ ਕਿਸਦੀ ਜ਼ਿਆਦਾ ਜ਼ਰੂਰਤ ਹੈ। ਸਾਡੀ ਜ਼ਿਆਦਾਤਰ ਸਵੇਰੇ 9 ਵਜੇ ਪ੍ਰੈਕਟਿਸ ਹੁੰਦੀ ਸੀ ਤੇ ਅਸੀ ਟਰੇਨਿੰਗ ਤੋ ਕਰੀਬ ਡੇਢ ਘੰਟਾ ਪਹਿਲਾਂ ਬ੍ਰੈਕਫਾਸਟ ਕਰ ਲੈਦੇ ਸੀ। ਜਿਸ ਵਿੱਚ ਆਂਡੇ, ਬਰੈੱਡ, ਪੀਨਟ ਬਟਰ, ਓਟਸ, ਫਲ, ਜਿਸ 'ਚ ਤਰਬੂਜ਼, ਖਰਬੂਜਾ ਤੇ ਅਨਾਨਾਸ ਪੱਕਾ ਹੀ ਹੁੰਦਾ, ਪੁੰਗਰੀਆਂ ਦਾਲਾਂ ਤੇ ਛੋਲੇ, ਚੀਆ ਤੇ ਪੰਪਕਿਨ ਸਣੇ ਤਿੰਨ-ਚਾਰ ਤਰ੍ਹਾਂ ਦੇ ਸੀਡਜ਼, ਦੁੱਧ, ਜੂਸ ਆਦਿ ਸ਼ਾਮਲ ਹੁੰਦਾ।" ਸ਼ਮਸ਼ੇਰ ਦੱਸਦੇ ਹਨ ਕਿ ਜਦੋਂ ਟਰੇਨਿੰਗ ਖਤਮ ਹੋ ਜਾਂਦੀ ਹੈ ਤਾਂ ਬਾਅਦ ਵਿੱਚ ਖਿਡਾਰੀ ਇੱਕ ਸਕੂਪ (25-30 ਗ੍ਰਾਮ) ਪ੍ਰੋਟੀਨ ਲੈਦੇ ਹਨ। "ਲੰਚ ਵਿੱਚ ਜ਼ਿਆਦਾ ਹਰੀਆਂ ਸਬਜ਼ੀਆਂ, ਦਾਲਾਂ, ਮੀਟ, ਚੌਲ, ਦਹੀ, ਰੋਟੀ, ਫਲ ਤੇ ਉਬਲੀਆਂ ਸਬਜ਼ੀਆਂ ਜਿਵੇ ਪਾਲਕ, ਬਰੋਕਲੀ, ਗਾਜਰ ਆਦਿ। ਸ਼ਾਮ ਦੇ ਸੈਸ਼ਨ ਮਗਰੋ ਵੀ ਜਿਸ ਨੇ ਪ੍ਰੋਟੀਨ ਲੈਣਾ ਹੁੰਦਾ ਉਹ ਲੈਦਾ ਤੇ ਫਿਰ ਡਿਨਰ ਕੀਤਾ ਜਾਂਦਾ।" ਭਾਰਤੀ ਹਾਕੀ ਟੀਮ ਦੇ ਖਿਡਾਰੀ ਨੇ ਇਹ ਵੀ ਦੱਸਿਆ ਕਿ ਉਹ ਮੈਚ ਤੋ ਪਹਿਲਾਂ ਪੀਨਟ ਬਟਰ, ਖੰਜੂਰ, ਕੇਲਾ ਜਾਂ ਕੌਫੀ ਪੀਦੇ ਹਨ। "ਕੁਝ ਖਿਡਾਰੀ ਪ੍ਰੀ ਵਰਕਆਊਟ ਵੀ ਲੈਦੇ ਹਨ ਤੇ ਮੈਚ ਵਿਚਾਲੇ ਐਨਰਜੀ ਡਰਿੰਕ, ਓਆਰਐੱਸ ਵਗੈਰਾ ਲੈਦੇ ਹਨ।"

> "ਜੇ ਮੈਂ ਪੂਰੀ ਇਮਾਨਦਾਰੀ ਨਾਲ ਕਹਾਂ ਤਾਂ ਸਾਡੀ ਫਿਟਨੈੱਸ ਭਾਰਤੀ ਹਾਕੀ ਖਿਡਾਰੀਆਂ ਦੀ ਫਿਟਨੈੱਸ ਦੇ ਮੁਕਾਬਲੇ 15 ਫ਼ੀਸਦ ਵੀ ਨਹੀਂ ਹੈ। ਜੇ ਹਾਕੀ ਖਿਡਾਰੀ ਸਾਡੇ ਟਰੇਨਿੰਗ ਸੈਸ਼ਨ ਦੇਖਣ ਤਾਂ ਸ਼ਾਇਦ ਉਹ ਹੱਸਣਗੇ।
>
> ਵਿਰਾਟ ਕੋਹਲੀ, ਭਾਰਤੀ ਕ੍ਰਿਕਟਰ



ਤੇਜ਼ ਹੁੰਦੀ ਹਾਕੀ ਖੇਡ ਲਈ ਅਨੁਸ਼ਾਸਨ ਤੇ ਫਿਟਨੈੱਸ ਕਿੰਨੀ ਜ਼ਰੂਰੀ

ਫੀਲਡ ਹਾਕੀ ਖੇਡ ਦਾ ਮੈਚ ਕੁੱਲ 60 ਮਿੰਟ ਦਾ ਹੁੰਦਾ ਹੈ, ਜਿਸ ਵਿੱਚ 15-15 ਮਿੰਟ ਦੇ ਚਾਰ ਕੁਆਰਟਰ ਹੁੰਦੇ ਹਨ। ਇਨ੍ਹਾਂ ਵਿੱਚ ਛੋਟੇ ਬ੍ਰੇਕ ਅਤੇ 10 ਮਿੰਟ ਦਾ ਹਾਫ ਟਾਇਮ ਸ਼ਾਮਲ ਹੁੰਦਾ ਹੈ। ਐਸਟ੍ਰੋਟਰਫ ਮੈਦਾਨ ਉਪਰ ਖੇਡੀ ਜਾਂਦੀ ਮਾਡਰਨ ਹਾਕੀ ਦੀ ਰਫ਼ਤਾਰ ਪਿਛਲੇ ਕੁਝ ਸਾਲਾਂ ਵਿੱਚ ਬਹੁਤ ਤੇਜ਼ ਹੋਈ ਹੈ। ਹਾਕੀ ਇੰਡੀਆ ਵੱਲੋਂ ਪ੍ਰਕਾਸ਼ਿਤ ਹੋਏ ਬਿਆਨ ਵਿੱਚ ਮਿਡਫਿਲਡਰ ਮਨਪ੍ਰੀਤ ਸਿੰਘ ਨੇ ਕਿਹਾ, "ਅੱਜ ਹਾਕੀ ਬਹੁਤ ਤੇਜ਼ ਖੇਡ ਬਣ ਗਈ ਹੈ। ਗੇਂਦ ਕੁਝ ਹੀ ਸੈਕਿੰਡ ਵਿੱਚ ਮੈਦਾਨ ਦੇ ਇੱਕ ਹਿੱਸੇ ਤੋ ਦੂਜੇ ਹਿੱਸੇ ਤੱਕ ਪਹੁੰਚ ਜਾਂਦੀ ਹੈ ਅਤੇ ਖਿਡਾਰੀ ਲਗਾਤਾਰ ਭੱਜਦੇ ਰਹਿੰਦੇ ਹਨ, ਵਿਰੋਧੀ ਟੀਮ ਉਪਰ ਦਬਾਅ ਬਣਾਉਦੇ ਹਨ ਅਤੇ ਆਪਣੀ ਸਥਿਤੀ ਬਦਲਦੇ ਰਹਿੰਦੇ ਹਨ। ਇਸ ਖੇਡ ਲਈ ਬਿਹਤਰੀਨ ਫਿਟਨੈੱਸ ਦੀ ਜ਼ਰੂਰਤ ਹੁੰਦੀ ਹੈ ਕਿਉਕੀ ਖੇਡ ਗਤੀ, ਸਹਿਣਸ਼ਕਤੀ ਅਤੇ ਲਗਾਤਾਰ ਦੌੜਣ 'ਤੇ ਅਧਾਰਿਤ ਹੈ।"

ਸ਼ਮਸ਼ੇਰ ਸਿੰਘ ਵੀ ਮੰਨਦੇ ਹਨ ਕਿ ਹਾਕੀ ਖੇਡ ਪਹਿਲਾਂ ਦੇ ਮੁਕਾਬਲੇ ਪਿਛਲੇ 8-10 ਸਾਲਾਂ ਤੋ ਬਹੁਤ ਤੇਜ਼ ਹੋ ਗਈ ਹੈ। ਉਹ ਦੱਸਦੇ ਹਨ, "ਮੈਚ ਦੌਰਾਨ ਹਰ ਖਿਡਾਰੀ ਦੋ ਤੋ ਤਿੰਨ ਮਿੰਟ ਬਾਅਦ ਬਦਲਿਆ ਜਾਂਦਾ ਤੇ ਉਹ ਰੀਕਵਰ ਕਰਕੇ ਆਉਦਾ, ਇਸ ਨਾਲ ਗੇਮ ਬਹੁਤ ਤੇਜ਼ ਹੋ ਜਾਂਦੀ ਹੈ। ਸੈਲਫ ਨਿਯਮ ਆਉਣ ਨਾਲ ਖੇਡ ਦੀ ਗਤੀ ਵਧੀ ਹੈ ਤੇ ਖਿਡਾਰੀਆਂ ਨੂੰ ਵੀ ਸਾਈਡਾਂ ਬਦਲਣੀਆਂ ਪੈਂਦੀਆਂ ਹਨ।" ਸ਼ਮਸ਼ੇਰ ਦੱਸਦੇ ਹਨ ਕਿ ਖਿਡਾਰੀ ਲਈ ਖਾਣੇ ਵਿੱਚ ਬਹੁਤ ਕੁਝ ਕੰਟਰੋਲ ਕਰਨਾ ਪੈਦਾ। "ਸਾਨੂੰ ਮੈਦਾ, ਸ਼ੂਗਰ ਤੇ ਫਰਾਈ ਖਾਣੇ ਨੂੰ ਪੂਰੀ ਤਰ੍ਹਾਂ ਛੱਡਣਾ ਹੁੰਦਾ। ਇਸੇ ਕਰਕੇ ਕੈਂਪ ਦੌਰਾਨ ਵੀ ਜ਼ਿਆਦਾਤਰ ਉਬਲਿਆ ਖਾਣਾ ਹੀ ਮਿਲਦਾ। " ਸ਼ਮਸ਼ੇਰ ਦੱਸਦੇ ਹਨ ਕਿ ਆਪਣੀ ਸਿਹਤ ਨੂੰ ਲੈ ਕੇ ਖਿਡਾਰੀ ਅਨੁਸ਼ਾਸਨ ਭੰਗ ਨਹੀ ਕਰਦੇ ਤੇ ਛੁੱਟੀ 'ਤੇ ਜਾ ਕੇ ਵੀ ਉਨ੍

ਮਾਝਾ-ਦੁਆਬਾ

ਆਸ ਪਾਸ

ਨਵੇਂ ਧਾਰਮਿਕ ਗੀਤ ਦੇ ਰਿਲੀਜ਼ ਤੋਂ ਪਹਿਲਾਂ ਸ੍ਰੀ ਦਰਬਾਰ ਸਾਹਿਬ ਨਤਮਸਤਕ ਹੋਏ ਮਨਕੀਰਤ ਔਲਖ



ਅਮ੍ਰਿਤਸਰ, 21 ਮਈ (ਬਬਲੂ ਮਹਾਜਨ): ਪੰਜਾਬੀ ਗਾਇਕ ਮਨਕੀਰਤ ਔਲਖ ਆਪਣੀ ਨਵੀਂ ਈਪੀ ਅਤੇ ਧਾਰਮਿਕ ਗੀਤ ਬੇਗਾਨਾ ਪੁੱਤ ਦੀ ਰਿਲੀਜ਼ ਨੂੰ ਲੈ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ।ਇਸ ਮੌਕੇ ਮਨਕੀਰਤ ਔਲਖ ਨੇ ਵਾਹਿਗੁਰੂ ਦਾ ਸ਼ੁਕਰਾਨਾ ਅਦਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਨਵੀਂ ਈਪੀ ਰਿਲੀਜ਼ ਹੋ ਚੁੱਕੀ ਹੈ ਅਤੇ ਇਸ ਵਿੱਚ ਗਿੱਲ ਭਰਾ ਵੱਲੋਂ ਲਿਖਿਆ ਗਿਆ ਗੀਤ ਬੇਗਾਨਾ ਪੁੱਤ ਖਾਸ ਤੌਰ 'ਤੇ ਸ਼ਾਮਲ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਜਦੋਂ ਇਸ ਗੀਤ ਦੀ ਤਿਆਰੀ ਹੋ ਰਹੀ ਸੀ ਤਾਂ ਉਹਨਾਂ ਨੇ ਪਹਿਲਾਂ ਹੀ ਇਹ ਅਰਦਾਸ ਕੀਤੀ ਸੀ ਕਿ ਗੀਤ ਰਿਲੀਜ਼ ਹੋਣ ਵਾਲੇ ਦਿਨ ਉਹ ਸ੍ਰੀ ਦਰਬਾਰ ਸਾਹਿਬ ਮੱਥਾ ਟੇਕਣ ਜ਼ਰੂਰ ਆਉਣਗੇ।ਮਨਕੀਰਤ ਔਲਖ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਆ ਕੇ ਉਨ੍ਹਾਂ ਦੇ ਮਨ ਨੂੰ ਬੇਹੱਦ ਸ਼ਾਂਤੀ ਮਿਲੀ ਹੈ ਅਤੇ ਹੁਣ ਇਥੋਂ ਅਰਦਾਸ ਕਰਕੇ ਉਹ ਆਪਣੀ ਅੱਗੇ ਦੀ ਰਿਲੀਜ਼ਿੰਗ ਯਾਤਰਾ ਸ਼ੁਰੂ ਕਰਨਗੇ। ਉਨ੍ਹਾਂ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਸਿਰਫ ਪੰਜਾਬ ਹੀ ਨਹੀਂ ਸਗੋਂ ਪੂਰੀ ਦੁਨੀਆ ਦੇ ਲੋਕਾਂ ਦੀ ਆਸਥਾ ਦਾ ਕੇਂਦਰ ਹੈ ਅਤੇ ਇੱਥੇ ਆ ਕੇ ਹਰ ਇੱਕ ਨੂੰ ਰੂਹਾਨੀ ਸੁਕੂਨ ਮਿਲਦਾ ਹੈ।ਇਸ ਦੌਰਾਨ ਮਨਕੀਰਤ ਔਲਖ ਵੱਲੋਂ ਇੱਕ ਧਾਰਮਿਕ ਗੀਤ ਦੀਆਂ ਕੁਝ ਲਾਈਨਾਂ ਵੀ ਗੁੰਗੁਨਾਈਆਂ ਗਈਆਂ, ਜਿਸਨੂੰ ਸੁਣ ਕੇ ਸੰਗਤਾਂ ਵਿੱਚ ਵੀ ਖਾਸ ਉਤਸ਼ਾਹ ਵੇਖਣ ਨੂੰ ਮਿਲਿਆ। ਉਨ੍ਹਾਂ ਨੇ ਗੁਰਬਾਣੀ ਅਤੇ ਸਿੱਖ ਇਤਿਹਾਸ ਨਾਲ ਜੁੜੇ ਸ਼ਬਦਾਂ ਰਾਹੀਂ ਆਪਣੀ ਸ਼ਰਧਾ ਪ੍ਰਗਟਾਈ।ਇੱਥੇ ਦੱਸਣਯੋਗ ਹੈ ਕਿ ਮਨਕੀਰਤ ਔਲਖ ਉਸ ਵੇਲੇ ਵੀ ਕਾਫੀ ਚਰਚਾ ਵਿੱਚ ਰਹੇ ਸਨ ਜਦੋਂ ਪੰਜਾਬ ਦੇ ਕਈ ਇਲਾਕਿਆਂ ਵਿੱਚ ਹੜ੍ਹਾਂ ਦਾ ਮਾਹੌਲ ਬਣਿਆ ਹੋਇਆ ਸੀ। ਉਸ ਸਮੇਂ ਉਨ੍ਹਾਂ ਵੱਲੋਂ ਅੰਮ੍ਰਿਤਸਰ ਦੇ ਅਜਨਾਲਾ ਸਮੇਤ ਕਈ ਪ੍ਰਭਾਵਿਤ ਇਲਾਕਿਆਂ ਵਿੱਚ ਪਹੁੰਚ ਕੇ ਲੋੜਵੰਦ ਲੋਕਾਂ ਦੀ ਮਦਦ ਕੀਤੀ ਗਈ ਸੀ। ਸੋਸ਼ਲ ਮੀਡੀਆ 'ਤੇ ਵੀ ਉਨ੍ਹਾਂ ਦੀਆਂ ਵੀਡੀਓਆਂ ਅਤੇ ਤਸਵੀਰਾਂ ਖੂਬ ਵਾਇਰਲ ਹੋਈਆਂ ਸਨ, ਜਿੱਥੇ ਉਹ ਰਾਸ਼ਨ ਅਤੇ ਹੋਰ ਜ਼ਰੂਰੀ ਸਮਾਨ ਵੰਡਦੇ ਹੋਏ ਨਜ਼ਰ ਆਏ ਸਨ।ਅੱਜ ਵੀ ਮਨਕੀਰਤ ਔਲਖ ਵੱਲੋਂ ਸਮਾਜਿਕ ਕੰਮਾਂ ਵਿੱਚ ਹਿੱਸਾ ਲਿਆ ਜਾਂਦਾ ਹੈ ਅਤੇ ਜਿਹੜੇ ਲੋਕ ਮਦਦ ਲਈ ਉਨ੍ਹਾਂ ਤੱਕ ਪਹੁੰਚਦੇ ਹਨ, ਉਹਨਾਂ ਦੀ ਸਹਾਇਤਾ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਉਹ ਆਪਣੇ ਨਵੇਂ ਗੀਤ ਦੀ ਸ਼ੁਰੂਆਤ ਲਈ ਸ੍ਰੀ ਦਰਬਾਰ ਸਾਹਿਬ ਦੀ ਚਰਨ ਛੋਹ ਲੈਣ ਆਏ ਹਨ ਅਤੇ ਉਨ੍ਹਾਂ ਨੂੰ ਉਮੀਦ ਹੈ ਕਿ ਸੰਗਤਾਂ ਵੱਲੋਂ ਇਸ ਗੀਤ ਨੂੰ ਭਰਪੂਰ ਪਿਆਰ ਮਿਲੇਗਾ।

ਖ਼ਾਲਸਾ ਕਾਲਜ ਵਿਖੇ ਲਿੰਗ ਸਮਾਨਤਾ ਅਤੇ ਸਸ਼ਕਤੀਕਰਨ ਤਹਿਤ ਸਮਾਰੋਹ

ਪਰਿਵਾਰ, ਸਮਾਜ ਅਤੇ ਦੇਸ਼ ਨੂੰ ਸੰਵਾਰਨ 'ਚ ਔਰਤਾਂ ਦੀ ਅਟੁੱਟ ਭੂਮਿਕਾ :ਪ੍ਰਿੰਸੀਪਲ ਡਾ. ਆਤਮਾ ਸਿੰਘ ਰੰਧਾਵਾ



ਅੰਮ੍ਰਿਤਸਰ, 21 ਮਈ (ਬਬਲੂ ਮਹਾਜਨ): ਖਾਲਸਾ ਕਾਲਜ ਵਿਖੇ ਔਰਤਾਂ ਦੇ ਅਮੁੱਲ ਯੋਗਦਾਨ ਨੂੰ ਸਵੀਕਾਰ ਕਰਨਾ ਅਤੇ ਨੌਜਵਾਨ ਮਨਾਂ ਨੂੰ ਲਿੰਗ ਸਮਾਨਤਾ ਅਤੇ ਸਸ਼ਕਤੀਕਰਨ ਵੱਲ ਪ੍ਰੇਰਿਤ ਕਰਨ ਦੇ ਮਕਸਦ ਤਹਿਤ ਸਮਾਰੋਹ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮਾ ਸਿੰਘ ਰੰਧਾਵਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਅੰਗਰੇਜ਼ੀ ਵਿਭਾਗ ਦੇ ਪੋਸਟ-ਗ੍ਰੈਜੂਏਟ ਵਿਭਾਗ ਨੇ ਇੰਸਟੀਚਿਊਸ਼ਨ ਇਨੋਵੇਸ਼ਨ ਸੈੱਲ ਦੇ ਸਹਿਯੋਗ ਨਾਲ ਕਰਵਾਇਆ ਉਕਤ ਸਮਾਰੋਹ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਸੀ।ਇਸ ਮੌਕੇ ਮੁੱਖ ਮਹਿਮਾਨ ਵਜੋਂ ਹਾਜ਼ਰ ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਪਰਿਵਾਰ, ਸਮਾਜ ਅਤੇ ਦੇਸ਼ ਨੂੰ ਸੰਵਾਰਨ 'ਚ ਔਰਤਾਂ ਦੀ ਅਟੁੱਟ ਭੂਮਿਕਾ ਹੈ। ਉਨ੍ਹਾਂ ਕਿਹਾ ਕਿ ਔਰਤਾਂ ਤੋਂ ਬਿਨ੍ਹਾਂ ਮਨੁੱਖੀ ਸਮਾਜ ਦੀ ਹੋਂਦ ਅਸੰਭਵ ਹੈ। ਉਨ੍ਹਾਂ ਕਿਹਾ ਕਿ ਸਮਾਰੋਹ ਮੌਕੇ ਔਰਤਾਂ ਦੇ ਸਸ਼ਕਤੀਕਰਨ ਸਬੰਧੀ ਪੋਸਟਰ ਬਣਾਉਣ, ਕਵਿਤਾ ਉਚਾਰਨ, ਰਚਨਾਤਮਕ ਕਹਾਣੀ ਲਿਖਣ ਅਤੇ ਸਲੋਗਨ ਬਣਾਉਣ ਸਮੇਤ ਕਈ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ, ਜਿਸ 'ਚ ਵਿਦਿਆਰਥੀਆਂ ਦਾ ਹੁਨਰ ਕਾਬਿਲੇ ਤਾਰੀਫ ਸੀ। ਉਨ੍ਹਾਂ ਕਿਹਾ ਕਿ ਇਨ੍ਹਾਂ ਮੁਕਾਬਲਿਆਂ ਦਾ ਮੁਲਾਂਕਣ ਡਾ. ਦੀਪਕ ਦੇਵਗਨ, ਪ੍ਰੋ: ਹਰਮਨਪ੍ਰੀਤ ਕੌਰ ਅਤੇ ਪ੍ਰੋ: ਜਸਪ੍ਰੀਤ ਕੌਰ ਵੱਲੋਂ ਕੀਤਾ ਗਿਆ।ਇਸ ਮੌਕੇ ਉਕਤ ਸੈੱਲ ਦੇ ਪ੍ਰਧਾਨ ਡਾ. ਗੁਰਸ਼ਰਨ ਕੌਰ ਅਤੇ ਵਿਭਾਗ ਮੁੱਖੀ ਅਤੇ ਡੀਨ ਭਾਸ਼ਾਵਾਂ ਪ੍ਰੋ.ਫੈਸਰ ਸੁਪਨਿੰਦਰਜੀਤ ਕੌਰ ਨੇ ਖਾਸ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਡਾ. ਗੁਰਸ਼ਰਨ ਕੌਰ ਨੇ ਵਿਦਿਆਰਥਣਾਂ ਨੂੰ ਪ੍ਰਗਤੀ ਅਤੇ ਵਿਕਾਸ ਲਈ ਕੋਸ਼ਿਸ਼ ਕਰਨ ਲਈ ਪ੍ਰੇਰਿਤ ਕਰਦਿਆ ਕਿਹਾ ਕਿ ਸਸ਼ਕਤੀਕਰਨ ਦਾ ਆਰੰਭ ਆਤਮ-ਵਿਸ਼ਵਾਸ ਅਤੇ ਸਿੱਖਿਆ ਨਾਲ ਹੁੰਦਾ ਹੈ। ਜਦਕਿ ਪ੍ਰੋ: ਸੁਪਨਿੰਦਰਜੀਤ ਕੌਰ ਨੇ ਸਾਹਿਤ ਅਤੇ ਸਮਾਜ 'ਚ ਔਰਤਾਂ ਦੀ ਪ੍ਰਤੀਨਿਧਤਾ ਦੀ ਮਹੱਤਤਾ 'ਤੇ ਗੱਲ ਕਰਦਿਆਂ ਕਿਹਾ ਕਿ ਰਚਨਾਤਮਕ ਸਾਹਿਤ 'ਚ ਔਰਤਾਂ ਦੇ ਸਸ਼ਕਤੀਕਰਨ ਬਾਰੇ ਜ਼ੋਰ ਦਿੱਤਾ ਜਾਣਾ ਚਾਹੀਦਾ ਹੈ ਅਤੇ ਵਿਦਿਆਰਥਣਾਂ ਨੂੰ ਸਾਹਿਤ ਨਾਲ ਜੁੜਨਾ ਚਾਹੀਦਾ ਹੈ।ਇਸ ਮੌਕੇ ਡਾ. ਜਸਵਿੰਦਰ ਕੌਰ ਵੱਲੋਂ ਧੰਨਵਾਦ ਪੇਸ਼ ਕੀਤਾ ਗਿਆ। ਇਸ ਮੌਕੇ ਡਾ: ਸਾਵੰਤ ਸਿੰਘ ਮੰਟੋ, ਪ੍ਰੋ: ਮਲਕਿੰਦਰ ਸਿੰਘ, ਪ੍ਰੋ: ਦਲਜੀਤ ਸਿੰਘ, ਡਾ: ਮਮਤਾ ਮਹਿੰਦਰੂ, ਪ੍ਰੋ: ਵਿਜੇ ਬਰਨਾਰਡ, ਡਾ: ਜਸਵਿੰਦਰ ਕੌਰ ਔਲਖ, ਪ੍ਰੋ: ਪੂਜਾ ਕਾਲੀਆ, ਪ੍ਰੋ: ਗੁਰਪ੍ਰੀਤ ਸਿੰਘ, ਪ੍ਰੋ: ਹਰਸ਼ ਸਲਾਰੀਆ, ਪ੍ਰੋ: ਹਰਮਨਪ੍ਰੀਤ ਸਿੰਘ, ਪ੍ਰੋ: ਅਭਿਸ਼ੇਕ ਠਾਕੁਰ, ਡਾ. ਅਕਾਂਕਸ਼ਾ ਨੌਟਿਆਲ, ਪ੍ਰੋ: ਵਿਮਲਜੀਤ ਕੌਰ, ਪ੍ਰੋ: ਰਵਨੀਤ ਕੌਰ ਆਦਿ ਸਮੇਤ ਹੋਰ ਫੈਕਲਟੀ ਮੈਂਬਰ ਵੀ ਹਾਜ਼ਰ ਸਨ।

ਨਗਰ ਕੌਂਸਲ ਮਜੀਠਾ ਦੀਆਂ ਚੋਣਾਂ ਦੌਰਾਨ ਅਕਾਲੀ ਦਲ ਦੇ ਪਰਿਵਾਰਾਂ ਨੇ 'ਆਪ' ਦਾ ਪੱਲਾ ਫੜਿਆ



ਮਜੀਠਾ, 21 ਮਈ (ਅਸ਼ਵਨੀ ਨਈਅਰ): ਨਗਰ ਕੌਂਸਲ ਮਜੀਠਾ ਦੀਆਂ ਚੋਣਾਂ ਨੂੰ ਲੈ ਕੇ ਵਾਰਡ ਨੰਬਰ 7 ਵਿੱਚ ਆਮ ਆਦਮੀ ਪਾਰਟੀ ਨੂੰ ਉਸ ਵਕਤ ਭਾਰੀ ਸਮਰਥਨ ਮਿਲਿਆ ਜਦੋਂ ਆਪ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਮੌਜੂਦਗੀ ਵਿੱਚ ਅਕਾਲੀ ਦਲ ਨਾਲ ਸੰਬੰਧਿਤ ਪਰਿਵਾਰਾਂ ਨੇ ਪਾਰਟੀ ਛੱਡ ਕੇ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ।ਇਸ ਵਾਰ ਆਪ 'ਚ ਸ਼ਾਮਲ ਹੋਣ ਵਾਲਿਆਂ ਵਿੱਚ ਭੋਲਾ ਸਿੰਘ, ਮਨਦੀਪ ਸਿੰਘ, ਮਨਿੰਦਰ ਸਿੰਘ, ਕਵਲਜੀਤ ਸਿੰਘ ਅਤੇ ਅੰਕੁਰ ਸ਼ਰਮਾ ਸ਼ਾਮਲ ਹਨ। ਤਲਬੀਰ ਸਿੰਘ ਗਿੱਲ ਨੇ ਇਸ ਮੌਕੇ ਕਿਹਾ ਕਿ ਲੋਕ ਆਪ ਵੱਲੋਂ ਚੱਲ ਰਹੇ ਵਿਕਾਸ ਕਾਰਜਾਂ ਅਤੇ ਲੋਕ-ਪੱਖੀ ਯੋਜਨਾਵਾਂ ਨੂੰ ਵੇਖਦੇ ਹੋਏ ਆਪਣਾ ਰੁਖ ਬਦਲ ਰਹੇ ਹਨ। ਉਨ੍ਹਾਂ ਭਰੋਸਾ ਜਤਾਇਆ ਕਿ ਇਸ ਤਰ੍ਹਾਂ ਦੀਆਂ ਲੋਕਾਂ ਦੀ ਭੀੜ ਵਧਦੀ ਰਹੀ ਤਾਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਆਪ ਪੰਜਾਬ ਵਿੱਚ ਫਿਰ ਤੋਂ ਸਰਕਾਰ ਬਣਾਵੇਗੀ।ਨਵੀਂ ਟੀਮ ਦਾ ਸਵਾਗਤ ਕਰਦਿਆਂ ਗਿੱਲ ਨੇ ਕਿਹਾ ਕਿ ਮਜੀਠਾ ਵਿੱਚ ਆਪ ਇੱਕ ਵੱਡੀ ਜਿੱਤ ਤੋਂ ਇਤਿਹਾਸ ਰਚੇਗੀ ਅਤੇ ਇਸ ਵਾਰਡ ਵਿੱਚ ਆਪ ਉਮੀਦਵਾਰ ਨੂੰ ਜਿਤਾਉਣ ਲਈ ਸਭ ਲੋਕ ਪੂਰੀ ਤਾਕਤ ਨਾਲ ਲੱਗਣਗੇ।ਨਵੇਂ ਸ਼ਾਮਲ ਹੋਏ ਆਗੂਆਂ ਨੇ ਦੱਸਿਆ ਕਿ ਉਹ ਆਪ ਸਰਕਾਰ ਵੱਲੋਂ ਚਲਾਈਆਂ ਗਈਆਂ ਲੋਕ ਭਲਾਈ ਯੋਜਨਾਵਾਂ, ਖਾਸ ਕਰਕੇ ਗਰੀਬ ਅਤੇ ਮੱਧ ਵਰਗ ਲਈ ਕੀਤੇ ਗਏ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਆਪ 'ਚ ਆਏ ਹਨ। ਉਨ੍ਹਾਂ ਵਾਅਦਾ ਕੀਤਾ ਕਿ ਉਹ ਵਾਰਡ ਨੰਬਰ 7 ਵਿੱਚ ਆਪ ਦੀ ਜਿੱਤ ਲਈ ਡਟ ਕੇ ਲੜਨਗੇ।ਇਸ ਮੌਕੇ ਸਤਿੰਦਰ ਸਿੰਘ ਸਾਹ, ਹਰਭੁਪਿੰਦਰ ਸਿੰਘ ਸਾਹ, ਪਰਮਜੀਤ ਸਿੰਘ ਪੰਮਾ, ਸੁਖਜਿੰਦਰ ਸਿੰਘ ਬਿੱਟੂ, ਕਮਲ ਵਰਮਾਂ, ਜਗਤਾਰ ਸਿੰਘ ਭੋਮਾ, ਸਹਿਬ ਸਿੰਘ ਪਟਵਾਰੀ, ਵਿਪਨ ਕੁਮਾਰ ਬੌਬੀ, ਹਰਬੀਰ ਸਿੰਘ ਅਤੇ ਸਰਬਜੋਤ ਸਿੰਘ ਸਮੇਤ ਕਈ ਹੋਰ ਆਪ ਆਗੂ ਵੀ ਹਾਜ਼ਰ ਸਨ।ਗਰੀਬ ਅਤੇ ਮੱਧ ਵਰਗ ਲਈ ਕੀਤੇ ਗਏ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਆਪ 'ਚ ਆਏ ਹਨ। ਉਨ੍ਹਾਂ ਵਾਅਦਾ ਕੀਤਾ ਕਿ ਉਹ ਵਾਰਡ ਨੰਬਰ 7 ਵਿੱਚ ਆਪ ਦੀ ਜਿੱਤ ਲਈ ਡਟ ਕੇ ਲੜਨਗੇ।ਇਸ ਮੌਕੇ ਸਤਿੰਦਰ ਸਿੰਘ ਸਾਹ, ਹਰਭੁਪਿੰਦਰ ਸਿੰਘ ਸਾਹ, ਪਰਮਜੀਤ ਸਿੰਘ ਪੰਮਾ, ਸੁਖਜਿੰਦਰ ਸਿੰਘ ਬਿੱਟੂ, ਕਮਲ ਵਰਮਾਂ, ਜਗਤਾਰ ਸਿੰਘ ਭੋਮਾ, ਸਹਿਬ ਸਿੰਘ ਪਟਵਾਰੀ, ਵਿਪਨ ਕੁਮਾਰ ਬੌਬੀ, ਹਰਬੀਰ ਸਿੰਘ ਅਤੇ ਸਰਬਜੋਤ ਸਿੰਘ ਸਮੇਤ ਕਈ ਹੋਰ ਆਪ ਆਗੂ ਵੀ ਹਾਜ਼ਰ ਸਨ।

ਬਲਾਕ ਖਡੂਰ ਸਾਹਿਬ ਵਿਖੇ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਕਿਸਾਨ ਗੋਸ਼ਟੀ ਕਰਵਾਈ

1500 ਰੁਪਏ ਹਾਸਲ ਕਰਨ ਲਈ 15 ਜੂਨ ਤੱਕ ਰਜਿਸਟਰਡ ਹੋਣਾ ਲਾਜ਼ਮੀ



ਚੋਹਲਾ ਸਾਹਿਬ, 21 ਮਈ : (ਭਗਤ ਸਿੰਘ ਸੰਧੂ) : ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਅਤੇ ਮੁੱਖ ਖੇਤੀਬਾੜੀ ਅਫਸਰ ਡਾ. ਤੇਜਬੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੁਆਰਾ ਝੋਨੇ ਦੀ ਸਿੱਧੀ ਬਿਜਾਈ, ਖ਼ਾਦਾਂ ਦੀ ਸੁਚੱਜੀ ਵਰਤੋਂ, ਫਲਦਾਰ ਬੂਟਿਆਂ, ਸਬਜ਼ੀਆਂ ਅਤੇ ਵਿਭਾਗੀ ਸਕੀਮਾਂ ਸਬੰਧੀ ਜਾਗਰੂਕ ਕਰਨ ਹਿੱਤ ਆਤਮਾ ਸਕੀਮ ਤਹਿਤ ਖਡੂਰ ਸਾਹਿਬ ਵਿਖੇ ਕਿਸਾਨ ਗੋਸ਼ਠੀ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਬਲਾਕ ਖੇਤੀਬਾੜੀ ਅਫਸਰ ਡਾ. ਭੁਪਿੰਦਰ ਸਿੰਘ, ਡਾ. ਯਾਦਵਿੰਦਰ ਸਿੰਘ ਬੀ.ਟੀ.ਐਮ , ਡਾ. ਰੁਪਿੰਦਰਜੀਤ ਸਿੰਘ ਏ.ਈ.ਓ, ਡਾ. ਗੁਰਪ੍ਰੀਤ ਸਿੰਘ ਏ.ਈ.ਓ ਅਤੇ ਪੀ.ਏ.ਯੂ ਲੁਧਿਆਣਾ ਦੇ ਤਰਨ ਤਾਰਨ ਸਥਿਤ ਜ਼ਿਲ੍ਹਾ ਪ੍ਰਸਾਰ ਮਾਹਿਰ ਡਾ. ਪਰਵਿੰਦਰ ਸਿੰਘ, ਡਾ. ਪਰਮਿੰਦਰ ਸਿੰਘ ਸੰਧੂ, ਡਾ. ਪਰਮਿੰਦਰ ਕੌਰ ਅਤੇ ਡਾ. ਸਵਰੀਤ ਖਹਿਰਾ ਨੇ ਕਿਹਾ ਕਿ ਝੋਨੇ ਦੀ ਸਿੱਧੀ ਬਿਜਾਈ ਰਵਾਇਤੀ ਤਕਨੀਕ ਨਾਲੋਂ ਸੌਖੀ, ਸਸਤੀ ਹੈ ਅਤੇ ਇਸ ਨਾਲ ਵਾਧੂ ਪਾਣੀ ਜ਼ਮੀਨ ਵਿੱਚ ਰਿਚਾਰਜ ਹੋ ਜਾਂਦਾ ਹੈ। ਇਸ ਤਕਨੀਕ ਤੋਂ ਵਧੀਆ ਨਤੀਜੇ ਲੈਣ ਲਈ ਪ੍ਰਮਾਣਿਤ 8 ਤੋਂ 10 ਕਿਲੋ ਬੀਜ ਨੂੰ ਪੋਟਾਸ਼ੀਅਮ ਨਾਈਟਰੇਟ ਅਤੇ ਸਪਰਿੰਟ ਨਾਲ ਸੋਧ ਲੈਣਾ ਚਾਹੀਦਾ ਹੈ। ਬੀਜ ਨੂੰ ਇਕ ਇੰਚ ਡੂੰਘਾ ਬੀਜਣਾ ਚਾਹੀਦਾ ਹੈ। ਨਦੀਨਾਂ ਦੀ ਸੁਚੱਜੀ ਰੋਕਥਾਮ ਲਈ ਸੁੱਕੀ ਬਿਜਾਈ ਉਪਰੰਤ ਖੇਤ ਨੂੰ ਸਿੰਚਾਈ ਕਰਕੇ ਇਕ-ਦੋ ਦਿਨ ਬਾਅਦ ਵੱਤਰ ਆਉਣ ਤੇ ਨਦੀਨਨਾਸ਼ਕ ਦਾ ਛਿੜਕਾਅ ਕਰਨਾ ਚਾਹੀਦਾ ਹੈ ਜਦਕਿ ਤਰ ਵੱਤਰ ਬਿਜਾਈ ਦੇ ਵਿੱਚ ਨਾਲ ਦੀ ਨਾਲ ਹੀ ਨਦੀਨ ਨਾਸ਼ਕ ਦਾ ਛਿੜਕਾਅ ਲਾਹੇਵੰਦ ਰਹਿੰਦਾ ਹੈ। ਖ਼ਾਦਾਂ ਦੀ ਵਰਤੋਂ ਸਬੰਧੀ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਖਾਦਾਂ ਦੀ ਵਰਤੋਂ ਮਿੱਟੀ ਪਰਖ ਅਨੁਸਾਰ ਕਰਨੀ ਚਾਹੀਦੀ ਹੈ। ਉਨ੍ਹਾਂ ਜਾਣਕਾਰੀ ਸਾਂਝੀ ਕੀਤੀ ਕਿ ਰਵਾਇਤੀ ਝੋਨੇ ਵਿੱਚ 90 ਕਿਲੋ ਯੂਰੀਆ ਤਿੰਨ ਬਰਾਬਰ ਕਿਸ਼ਤਾਂ ਵਿੱਚ ਝੋਨੇ ਦੀ ਲਵਾਈ ਤੋਂ 7 ਦਿਨ , 21 ਦਿਨ ਅਤੇ 42 ਦਿਨ ਜਦ ਕਿ ਝੋਨੇ ਦੀ ਸਿੱਧੀ ਬਿਜਾਈ ਵੇਲੇ 130 ਕਿਲੋ ਯੂਰੀਆ ਬਿਜਾਈ ਤੋਂ ਚੌਥੇ, ਛੇਵੇਂ ਅਤੇ ਨੌਵੇਂ ਹਫਤੇ ਤਿੰਨ ਬਰਾਬਰ ਕਿਸ਼ਤਾਂ ਵਿੱਚ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਖੇਤ ਵਿੱਚ ਸੱਠੀ ਮੂੰਗੀ, ਮਾਂਹ ਜਾਂ ਜੰਤਰ ਝੋਨੇ, ਬਾਸਮਤੀ ਦੀ ਲਵਾਈ ਤੋਂ ਇਕ-ਦੋ ਦਿਨ ਪਹਿਲਾਂ ਵਾਹ ਦਿੱਤਾ ਜਾਵੇ ਤਾਂ ਕ੍ਰਮਵਾਰ 35 ਅਤੇ 55 ਕਿਲੋ ਯੂਰੀਆ ਦੀ ਘੱਟ ਲੋੜ ਪੈਂਦੀ ਹੈ। ਇਸ ਮੌਕੇ ਜਾਣਕਾਰੀ ਦਿੱਤੀ ਗਈ ਕਿ ਫ਼ਸਲੀ ਵਿਭਿੰਨਤਾ ਤਹਿਤ ਰਜਿਸਟਰਡ ਕਿਸਾਨ ਸਾਉਣੀ ਦੀ ਮੱਕੀ ਦੀ ਝੋਨੇ ਦੀ ਥਾਂ ਤੇ ਬਿਜਾਈ ਕਰਦੇ ਹਨ ਉਨ੍ਹਾਂ ਨੂੰ ਸਰਕਾਰ ਵੱਲੋਂ 7000 ਪ੍ਰਤੀ ਏਕੜ ਦੇਣ ਦੀ ਵਿਵਸਥਾ ਕੀਤੀ ਗਈ ਹੈ। ਇਸ ਦੌਰਾਨ ਸਿਮਰਨ ਸਿੰਘ ਖੇਤੀ ਉਪ ਨਿਰੀਖਕ, ਅਵਤਾਰ ਸਿੰਘ, ਸਤਨਾਮ ਸਿੰਘ ਖੇਤੀ ਉਪ ਨਿਰੀਖਕ, ਗੁਰਪ੍ਰਤਾਪ ਸਿੰਘ ਬੇਲਦਾਰ, ਕਮਲਜੀਤ ਕੌਰ ਖੇਤੀ ਸਹਾਇਕ ਪ੍ਰਬੰਧਕ ਅਤੇ ਇਲਾਕੇ ਦੇ ਕਿਸਾਨਾਂ ਨੇ ਸਹਿਯੋਗ ਅਤੇ ਤਕਨੀਕੀ ਜਾਣਕਾਰੀ ਸਾਂਝੀ ਕੀਤੀ।

ਡੀਏ ਕਰਮਚਾਰੀਆਂ ਦਾ ਹੱਕ ਹੈ, ਕੋਈ ਖੈਰਾਤ ਨਹੀਂ: ਸੁਖਜਿੰਦਰ ਰੰਧਾਵਾ



ਗੁਰਦਾਸਪੁਰ, 21 ਮਈ (ਜਸਵਿੰਦਰ ਸਿੰਘ): ਕਾਂਗਰਸ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੇ ਮਹਿੰਗਾਈ ਭੱਤੇ (ਡੀਏ) ਦੇ ਅਧਿਕਾਰ ਨੂੰ ਬਰਕਰਾਰ ਰੱਖਣ ਦੇ ਫੈਸਲੇ ਦਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਇਹ ਫੈਸਲਾ ਲੱਖਾਂ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਵੱਡੀ ਰਾਹਤ ਦਿੰਦਾ ਹੈ ਜੋ ਲੰਬੇ ਸਮੇਂ ਤੋਂ ਆਪਣੀਆਂ ਬਕਾਇਆ ਅਦਾਇਗੀਆਂ ਦੀ ਉਡੀਕ ਕਰ ਰਹੇ ਹਨ ਉਨ੍ਹਾਂ ਕਿਹਾ ਕਿ ਡੀਏ

ੴ
ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ।।

IN LOVING MEMORY
(First Death Anniversary)



Padma Shri Dr. Rattan Singh Jaggi
(1927-2025)

A year has passed since your heavenly journey on 22nd May, 2025, yet your presence continues to illuminate our lives.

A towering scholar of Indian literature, Sikh theology, and comparative religion, you were a revered teacher, prolific author, and a guiding light to generations. Your life of humility, wisdom, and unwavering dedication to knowledge remains an enduring inspiration.

Though time moves forward, your values, teachings, and gentle grace continue to live on in every heart you touched.

On this day, we bow our heads in deep love and reverence and pray to the Almighty for your eternal peace.

Deeply cherished and forever missed by

Dr. Gursharan Kaur Jaggi, (Wife)
Manpreet Kaur
Malwinder Singh Jaggi, IAS (Retd.)
Dr. Inderbir Kaur
Grandchildren & Entire Family

Padma Shri Dr. Rattan Singh Jaggi
Memorial Charitable Foundation

(ਪਦਮ ਸ਼੍ਰੀ) ਡਾ. ਰਤਨ ਸਿੰਘ ਜੱਗੀ (1927–2025)

ਪ੍ਰਸਿੱਧ ਸਾਹਿਤਕਾਰ ਡਾ. ਰਤਨ ਸਿੰਘ ਜੱਗੀ ਦਾ ਨਾਂ ਪੰਜਾਬੀ ਅਤੇ ਹਿੰਦੀ ਸਾਹਿਤ ਦੇ ਉੱਘੇ ਵਿਦਵਾਨਾਂ ਅਤੇ ਗੁਰਮਤਿ ਤੇ ਭਗਤੀ ਲਹਿਰ ਦੇ ਮਾਹਰਾਂ ਵਿੱਚ ਸ਼ੁਮਾਰ ਹੈ। ਡਾ. ਰਤਨ ਸਿੰਘ ਜੱਗੀ ਨੇ ਦ੍ਰਿੜ ਇਰਾਦੇ ਨਾਲ ਆਪਣਾ ਸਮੁੱਚਾ ਜੀਵਨ ਪੰਜਾਬੀ ਅਤੇ ਹਿੰਦੀ ਦੋਵੇਂ ਭਾਸ਼ਾਵਾਂ ਵਿੱਚ ਮੱਧਕਾਲੀਨ ਸਾਹਿਤ ਦਾ ਵੱਖ-ਵੱਖ ਦ੍ਰਿਸ਼ਟੀਕੋਣਾਂ ਤੋਂ ਅਧਿਐਨ ਕਰਨ, ਲਿਖਣ ਤੇ ਆਲੋਚਨਾਤਮਕ ਵਿਸ਼ਲੇਸ਼ਣ ਕਰਨ ਅਤੇ ਸਿੱਖ ਗੁਰੂ ਸਾਹਿਬਾਨਾਂ ਦੀ ਬਾਣੀ ਅਤੇ ਭਗਤੀ ਲਹਿਰ ਸੰਬੰਧੀ ਵੱਖ-ਵੱਖ ਪਹਿਲੂਆਂ ਦੀ ਖੋਜ ਕਰਨ ਲਈ ਸਮਰਪਿਤ ਕਰਕੇ ਭਰਪੂਰ ਯੋਗਦਾਨ ਪਾਇਆ।

ਡਾ. ਰਤਨ ਸਿੰਘ ਜੱਗੀ ਦਾ ਜਨਮ 27 ਜੁਲਾਈ 1927 ਨੂੰ ਪੱਛਮੀ ਪੰਜਾਬ (ਹੁਣ ਪਾਕਿਸਤਾਨ) ਦੇ ਪਿੰਡੀਘੇਬ ਕਸਬੇ ਵਿੱਚ ਹੋਇਆ। ਦੇਸ਼ ਵੰਡ ਤੋਂ ਬਾਦ ਅਤਿਅੰਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ ਪਰੰਤੂ ਉਨ੍ਹਾਂ ਨੇ ਹਿੰਮਤ ਨਹੀਂ ਹਾਰੀ ਅਤੇ ਸਾਰੀਆਂ ਪਰਿਵਾਰਕ ਜ਼ਿੰਮੇਵਾਰੀਆਂ ਨਿਭਾਉਂਦੇ ਹੋਏ ਆਪਣੀ ਅੱਗੇ ਪੜ੍ਹਨ ਦੀ ਤਮੰਨਾ ਨੂੰ ਦ੍ਰਿੜਤਾ ਨਾਲ ਪੂਰਿਆ ਅਤੇ ਦਿੱਲੀ ਜਾ ਕੇ ਐਮ.ਏ ਪੰਜਾਬੀ (1955) ਅਤੇ ਐਮ.ਏ ਹਿੰਦੀ (1957) ਦੇ ਇਮਤਿਹਾਨ ਪਾਸ ਕੀਤੇ ਅਤੇ ਪੱਤਰਕਾਰੀ ਵਿਚ ਵੀ ਡਿਪਲੋਮਾ ਹਾਸਲ ਕੀਤਾ। ਇਸ ਨਾਲ ਹੀ ਬੀ.ਏ. ਦੇ ਵਾਧੂ ਵਿਸ਼ੇ ਵਜੋਂ ਸੰਸਕ੍ਰਿਤ ਅਤੇ ਫਾਰਸੀ ਦੀਆਂ ਪਰੀਖਿਆਵਾਂ ਵੀ ਪਾਸ ਕੀਤੀਆਂ। ਇਸ ਵਿਦਿਅਕ ਪ੍ਰਾਪਤੀ ਤੋਂ ਬਾਦ 1957 ਵਿੱਚ ਹਿੰਦੂ ਕਾਲਜ, ਸੋਨੀਪਤ ਵਿਚ ਲੈਕਚਰਾਰ ਵਜੋਂ ਨੌਕਰੀ ਸ਼ੁਰੂ ਕੀਤੀ ਅਤੇ ਫਿਰ ਪੰਜਾਬ ਪਬਲਿਕ ਸਰਵਿਸ ਕਮਿਸ਼ਨ ਦੁਆਰਾ ਚੁਣ ਲਏ ਜਾਣ 'ਤੇ ਸਰਕਾਰੀ ਕਾਲਜ, ਹਿਸਾਰ ਵਿਚ 1958 ਵਿੱਚ ਲੈਕਚਰਾਰ ਲੱਗੇ। ਤਦ ਉਪਰੰਤ ਸੰਨ 1963 ਵਿਚ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਚ ਪੰਜਾਬੀ ਲੈਕਚਰਾਰ ਵਜੋਂ ਨੌਕਰੀ ਸ਼ੁਰੂ ਕੀਤੀ ਅਤੇ ਸੰਨ 1987 ਵਿਚ ਉਥੋਂ ਹੀ ਪ੍ਰੋਫੈਸਰ ਅਤੇ ਮੁਖੀ, ਪੰਜਾਬੀ ਸਾਹਿਤ ਅਧਿਐਨ ਵਿਭਾਗ ਅਤੇ ਮੁੱਖ ਸੰਪਾਦਕ ਖੋਜ ਪਤ੍ਰਿਕਾ ਵਜੋਂ ਸ਼ਾਨਦਾਰ ਸੇਵਾਵਾਂ ਨਿਭਾਉਂਦੇ ਹੋਏ ਸੇਵਾਮੁਕਤ ਹੋਏ। ਉਹ ਅੰਗਰੇਜ਼ੀ, ਹਿੰਦੀ, ਪੰਜਾਬੀ, ਉਰਦੂ, ਫਾਰਸੀ ਅਤੇ ਸੰਸਕ੍ਰਿਤ ਦੀ ਗੂੜ੍ਹੀ ਸੂਝ ਤੇ ਮੁਹਾਰਤ ਰੱਖਣ ਵਾਲੀ ਬਹੁਪੱਖੀ ਸ਼ਖ਼ਸੀਅਤ ਦੇ ਮਾਲਕ ਸਨ। ਉਹਨਾਂ ਨੇ ਕਿਤਾਬਾਂ, ਟੀਕਾਕਾਰੀ ਅਤੇ ਵਿਸ਼ਵਕੋਸ਼ ਵਰਗੀਆਂ ਬੇਮਿਸਾਲ ਰਚਨਾਵਾਂ ਨਾਲ ਸਾਹਿਤ ਦੇ ਖੇਤਰ ਵਿੱਚ ਸ਼ਾਨਦਾਰ ਵਿਆਪਕ ਅਤੇ ਗਿਆਨ ਭਰਪੂਰ ਯੋਗਦਾਨ ਪਾਇਆ।

ਉਹਨਾਂ ਨੇ 1962 ਵਿੱਚ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਤੋਂ ਦ:ਮ ਗ੍ਰੰਥ ਕੀ ਪੌਰਾਣਿਕ ਪਰਿਸ਼ਟਭੂਮੀ (ਦਸਮ ਗ੍ਰੰਥ ਵਿਚਲੀਆਂ ਪੌਰਾਇਕ ਕ੍ਰਿਤੀਆਂ ਦਾ ਆਲੋਚਨਾਤਮਕ ਅਧਿਐਨ) ਵਿਸ਼ੇ 'ਤੇ ਪੀ.ਐਚ.ਡੀ. ਕੀਤੀ ਅਤੇ ਦਸਮ ਗ੍ਰੰਥ ਦਾ ਪੌਰਾਣਿਕ ਅਧਿਐਨ ਨਾਮੀ ਪੁਸਤਕ 1965 ਵਿੱਚ ਸਾਹਿਤ ਜਗਤ ਦੀ ਝੋਲੀ ਪਾਈ, ਜਿਸ ਨੂੰ ਭਾਸ਼ਾ ਵਿਭਾਗ, ਪੰਜਾਬ ਵੱਲੋਂ ਸਨਮਾਨਿਤ ਕੀਤਾ ਗਿਆ। ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਦੌਰਾਨ ਪੰਜਾਬ ਸਰਕਾਰ ਵੱਲੋਂ ਉਹਨਾਂ ਵੱਲੋਂ ਰਚਿਤ ਪੁਸਤਕ ਗੁਰੂ ਨਾਨਕ ਬਾਣੀ: ਪਾਠ ਅਤੇ ਵਿਆਖਿਆ ਨੂੰ ਪੰਜਾਬੀ ਅਤੇ ਹਿੰਦੀ ਵਿੱਚ ਪ੍ਰਕਾਸ਼ਿਤ ਕੀਤਾ ਗਿਆ।ਪਵਿੱਤਰ ਗ੍ਰੰਥ ਤੁਲਸੀ ਰਾਮਾਇਣ (ਰਾਮ ਚਰਿਤ ਮਾਨਸ) ਦਾ ਪੰਜਾਬੀ ਵਿੱਚ ਲਿਪੀਅੰਤਰਨ ਅਤੇ ਅਨੁਵਾਦ ਕਰਨਾ ਡਾ. ਰਤਨ ਸਿੰਘ ਜੱਗੀ ਵੱਲੋਂ ਸਾਹਿਤ ਪ੍ਰਤੀ ਨਿਭਾਈਆਂ ਗਈਆਂ ਸੇਵਾਵਾਂ ਵਿੱਚੋਂ ਅਤਿ ਮਹੱਤਵਪੂਰਨ ਹੈ। ਇਹ ਕਿਤਾਬ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵੱਲੋਂ 1977 ਵਿੱਚ ਪ੍ਰਕਾਸ਼ਿਤ ਕੀਤੀ ਗਈ ਸੀ ਅਤੇ ਇਸ ਕਿਤਾਬ ਉਪਰ ਡਾ. ਜੱਗੀ ਨੂੰ 1989 ਵਿੱਚ ਸਾਹਿਤ ਅਕਾਦਮੀ, ਨਵੀਂ ਦਿੱਲੀ ਵੱਲੋਂ ਰਾਸ਼ਟਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਡਾ. ਜੱਗੀ ਪੰਜਾਬੀ ਸਾਹਿਤ ਵਿੱਚ ਬਹੁਪੱਖੀ ਪ੍ਰਤਿਭਾ ਵਾਲੇ ਲੇਖਕ ਅਤੇ ਵਿਸ਼ਵਕੋਸ਼ੀ ਕਾਰਜਾਂ ਦੇ ਮਾਹਿਰ ਮੰਨੇ ਜਾਂਦੇ ਸਨ। ਉਨ੍ਹਾਂ ਨੇ ਪਹਿਲਾਂ ਵਿਸ਼ਵਕੋਸ਼ ਸਾਹਿਤ ਕੋਸ਼ ਸਾਲ 1989 ਵਿੱਚ ਤਿਆਰ ਕੀਤਾ ਜਿਸਨੂੰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੇ ਪ੍ਰਕਾਸ਼ਿਤ ਕੀਤਾ। ਉਹਨਾਂ ਨੇ 1994 ਵਿੱਚ ਪੰਜਾਬੀ ਸਾਹਿਤ ਸੰਦਰਭ ਕੋਸ਼ (ਪੰਜਾਬੀ ਸਾਹਿਤ ਦਾ ਹਵਾਲਾ ਕੋਸ਼) ਤਿਆਰ ਕੀਤਾ ਜਿਸ ਨੂੰ ਪੰਜਾਬੀ ਯੂਨੀਵਰਸਿਟੀ ਵੱਲੋਂ ਪ੍ਰਕਾਸ਼ਿਤ ਕੀਤਾ ਗਿਆ। ਸਾਲ 1998 ਤੋਂ 2002 ਤੱਕ ਅਣਥਕ ਮਿਹਨਤ ਕਰਕੇ ਡਾ. ਜੱਗੀ ਨੇ ਪੰਜ ਜਿਲਦਾਂ ਵਿੱਚ ਪੰਜਾਬੀ ਸਾਹਿਤ ਦਾ ਸਰੋਤ ਮੂਲਕ ਇਤਿਹਾਸ÷ ਤਿਆਰ ਕੀਤਾ ਜੋ ਪੰਜਾਬੀ ਯੂਨੀਵਰਸਿਟੀ ਵੱਲੋਂ ਪ੍ਰਕਾਸ਼ਿਤ ਕੀਤਾ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਨਾਲ ਸਬੰਧਤ ਸਵਾਲਾਂ ਦੇ ਜਵਾਬ ਦੇਣ ਲਈ ਇੱਕ ਵਿਸ਼ਵਕੋਸ਼ ਦੀ ਲੋੜ ਨੂੰ ਸਮਝਦੇ ਹੋਏ, ਡਾ. ਜੱਗੀ ਨੇ ਸੰਖੇਪ ਪਰ ਪ੍ਰਮਾਣਿਤ ਢੰਗ ਨਾਲ ਸਾਲ 2002 ਵਿੱਚ ਗੁਰੂ ਗ੍ਰੰਥ ਵਿਸ਼ਵਕੋਸ਼ ਤਿਆਰ ਕੀਤਾ ਜਿਸ ਨੂੰ ਪੰਜਾਬੀ ਯੂਨੀਵਰਸਿਟੀ ਵੱਲੋਂ ਪ੍ਰਕਾਸ਼ਿਤ ਕੀਤਾ ਗਿਆ। ਉਹਨਾਂ ਦੀਆਂ ਹੋਰ ਮਹੱਤਵਪੂਰਨ ਰਚਨਾਵਾਂ ਵਿੱਚ ਸਾਲ 2005 ਵਿੱਚ ਸਿੱਖ ਪੰਥ ਵਿਸ਼ਵਕੋਸ਼ ਸ਼ਾਮਲ ਹੈ ਜਿਸ ਵਿੱਚ ਸਿੱਖ ਧਰਮ ਨਾਲ ਸੰਬੰਧਤ ਸ਼ਖਸੀਅਤਾਂ, ਮੁੱਖ ਮੁੱਦਿਆਂ ਅਤੇ ਤੱਥਾਂ ਬਾਰੇ ਇੰਦਰਾਜ ਸ਼ਾਮਲ ਹਨ ਅਤੇ ਇਸ ਨੂੰ ਪੰਜ ਸਿੰਘ ਸਾਹਿਬਾਨ ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫਤਰ, ਅੰਮ੍ਰਿਤਸਰ ਵਿੱਚ ਰਿਲੀਜ਼ ਕੀਤਾ ਗਿਆ। ਸਾਲ 2007 ਵਿੱਚ ਅਰਥਬੋਧ ਸ੍ਰੀ ਗੁਰੂ ਗ੍ਰੰਥ ਸਾਹਿਬ ਤਿਆਰ ਕੀਤਾ ਗਿਆ ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪੰਜ ਜਿਲਦਾਂ ਵਿੱਚ ਸੰਪੂਰਨ ਟੀਕਾ ਹੈ, ਜਿਸ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਰਿਲੀਜ਼ ਕੀਤਾ ਗਿਆ। ਉਹਨਾਂ ਦੀਆਂ ਇਹ ਰਚਨਾਵਾਂ ਗੁਰਬਾਣੀ ਦੇ ਖੇਤਰ ਵਿੱਚ ਵਿਸ਼ੇਸ਼ ਮਾਨਤਾ ਰੱਖਦੀਆਂ ਹਨ।

ਸਾਲ 2013 ਵਿੱਚ ਡਾ. ਜੱਗੀ ਨੇ 8 ਜਿਲਦਾਂ ਵਿੱਚ ਪ੍ਰਕਾਸ਼ਿਤ ਭਾਵ ਪ੍ਰਬੋਧਨੀ ਟੀਕਾ-ਸ੍ਰੀ ਗੁਰੂ ਗ੍ਰੰਥ ਸਾਹਿਬ ਨਾਮੀ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਵਿਸਥਾਰ ਸਹਿਤ ਟੀਕਾ ਤਿਆਰ ਕਰਕੇ ਸਮੁੱਚੀ ਮਨੁੱਖਤਾ ਲਈ ਗੁਰਬਾਣੀ ਦੇ ਖੇਤਰ ਵਿੱਚ ਆਪਣੀ ਸਭ ਤੋਂ ਵੱਡੀ ਸੇਵਾ ਨਿਭਾਈ। ਇਸ ਨੂੰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵੱਲੋਂ ਪ੍ਰਕਾਸ਼ਿਤ ਕੀਤਾ ਗਿਆ ਅਤੇ ਪੰਜਾਬੀ ਯੂਨੀਵਰਸਿਟੀ ਵੱਲੋਂ ਫਿਰ ਡੀ. ਲਿਟ (ਮਾਨ ਅਰਥ) ਦੀ ਡਿਗਰੀ ਵੀ ਦਿੱਤੀ ਗਈ। ਇਸ ਟੀਕੇ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਵਿਸਤ੍ਰਿਤ ਵਿਆਖਿਆ ਹੈ ਜੋ ਕਿ ਮਾਨਵਤਾ ਲਈ ਬੇਹੱਦ ਅਹਿਮ ਸਿੱਧ ਹੋ ਰਹੀ ਹੈ। ਸਾਲ 2017 ਵਿੱਚ ਡਾ. ਜੱਗੀ ਨੇ ਇਸ ਟੀਕੇ ਦੀਆਂ ਪੰਜ ਜਿਲਦਾਂ ਨੂੰ ਹਿੰਦੀ ਵਿੱਚ ਵੀ ਪ੍ਰਕਾਸ਼ਿਤ ਕੀਤਾ।

ਸਾਲ 2023 ਵਿੱਚ ਡਾ. ਰਤਨ ਸਿੰਘ ਜੱਗੀ ਨੂੰ ਸਾਹਿਤ ਅਤੇ ਸਿੱਖਿਆ ਦੇ ਖੇਤਰ ਵਿੱਚ ਨਿਭਾਈਆਂ ਸੇਵਾਵਾਂ ਬਦਲੇ ਭਾਰਤ ਦੇ ਰਾਸ਼ਟਰਪਤੀ ਵਲੋਂ ਪਦਮ ਸ਼੍ਰੀ ਸਨਮਾਨ ਨਾਲ ਨਵਾਜਿਆ ਗਿਆ।

ਡਾ. ਰਤਨ ਸਿੰਘ ਜੱਗੀ ਵਲੋਂ ਪੰਜਾਬੀ ਸਾਹਿਤ ਅਤੇ ਭਗਤੀ ਕਾਵਿ ਦੇ ਅਧਿਐਨ ਵਿਚ ਪਾਏ ਯੋਗਦਾਨ ਦੇ ਮੱਦੇਨਜ਼ਰ ਆਪ ਨੂੰ ਵੱਖ ਵੱਖ ਪ੍ਰਮੁੱਖ ਸਿੱਖਿਆ ਸੰਸਥਾਵਾਂ ਵਲੋਂ ਸਨਮਾਨਿਤ ਕੀਤਾ ਗਿਆ, ਜਿਵੇਂ ਕਿ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੇ ਸੰਨ 2014 ਦੀ ਕਾਨਵੋਕੇਸ਼ਨ ਵਿਚ ਡੀ. ਲਿਟ (ਮਾਨ ਅਰਥ) ਪ੍ਰਦਾਨ ਕੀਤੀ: ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੇ ਸੰਨ 2015 ਦੀ ਕਾਨਵੋਕੇਸ਼ਨ ਵਿੱਚ ਡੀ. ਲਿਟ. (ਮਾਨ ਅਰਥ) ਡਿਗਰੀ ਪ੍ਰਦਾਨ ਕੀਤੀ: ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਡਾ. ਰਤਨ ਸਿੰਘ ਜੱਗੀ ਨੂੰ 2023 ਦੀ ਕਾਨਵੋਕੇਸ਼ਨ ਵਿੱਚ ਗਿਆਨ ਰਤਨ ਅਵਾਰਡ ਨਾਲ ਸਨਮਾਨਿਤ ਕੀਤਾ। ਡਾ. ਰਤਨ ਸਿੰਘ ਜੱਗੀ ਦੁਆਰਾ ਪਾਏ ਗਏ ਵੱਡਮੁੱਲੇ ਯੋਗਦਾਨ ਲਈ ਬਹੁਤ ਸਾਰੀਆਂ ਸਰਕਾਰੀ, ਗੈਰ-ਸਰਕਾਰੀ, ਸਾਹਿਤਕ ਅਤੇ ਧਾਰਮਿਕ ਸੰਸਥਾਵਾਂ ਨੇ ਵੀ ਆਪ ਨੂੰ ਸਨਮਾਨਿਤ ਕੀਤਾ । ਇਨ੍ਹਾਂ ਸਨਮਾਨਾਂ ਵਿਚੋਂ ਕੁਝ ਵਿਸ਼ੇਸ਼ ਜਿਕਰਯੋਗ ਹਨ, ਜਿਵੇਂ ਕਿ ਸਾਹਿਤ ਅਕਾਦਮੀ, ਨਵੀਂ ਦਿੱਲੀ ਵਲੋਂ ਸੰਨ 1989 ਵਿਚ ਰਾਸ਼ਟਰੀ ਅਨੁਵਾਦ ਪੁਰਸਕਾਰ ਦਿੱਤਾ ਗਿਆ, ਪੰਜਾਬ ਸਰਕਾਰ ਵੱਲੋਂ ਸੰਨ 1996 ਵਿਚ ਸਰਵੋਤਮ ਸੂਬਾਈ ਸਨਮਾਨ ਪੰਜਾਬੀ ਸਾਹਿਤ ਸ਼੍ਰੋਮਣੀ ਐਵਾਰਡ (ਨਵਾਂ ਨਾਮਾਂਤਰ ਪੰਜਾਬੀ ਸਾਹਿਤ ਰਤਨ) ਦਿੱਤਾ ਗਿਆ, ਹਿੰਦੀ ਸੰਸਥਾਨ (ਉਤਰ ਪ੍ਰਦੇਸ਼ ਸਰਕਾਰ, ਲਖਨਊ) ਵਲੋਂ ਸੰਨ 1996 ਵਿਚ ਹਿੰਦੀ ਅਤੇ ਪੰਜਾਬੀ ਵਿੱਚ ਪਾਏ ਯੋਗਦਾਨ ਲਈ ਸੌਹਾਰਦ ਪੁਰਸਕਾਰ ਦਿੱਤਾ ਗਿਆ, ਪੰਜਾਬੀ ਅਕਾਦਮੀ, ਦਿੱਲੀ ਸਰਕਾਰ ਵਲੋਂ ਸੰਨ 2010 ਵਿਚ ਪਰਮ ਸਾਹਿਤ ਸਤਕਾਰ ਸਨਮਾਨ ਦਿੱਤਾ ਗਿਆ, ਪੰਜਾਬੀ ਸਾਹਿਤ ਅਕਾਦਮੀ, ਲੁਧਿਆਣਾ ਵਲੋਂ ਸੰਨ 1999 ਵਿਚ ਧਾਲੀਵਾਲ ਪੁਰਸਕਾਰ ਦਿੱਤਾ ਗਿਆ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਲੋਂ ਸੰਨ 2013 ਵਿਚ ਭਾਈ ਕਾਨ੍ਹ ਸਿੰਘ ਨਾਭਾ ਪੁਰਸਕਾਰ ਦਿੱਤਾ ਗਿਆ, ਨਾਮਧਾਰੀ ਦਰਬਾਰ, ਭੈਣੀ ਸਾਹਿਬ ਵੱਲੋਂ 2000 ਅਤੇ 2004 ਵਿਚ ਦੋ ਵਾਰ ਆਸ਼ੀਰਵਾਦ ਪੁਰਸਕਾਰ ਦਿੱਤੇ ਗਏ, ਭਾਈ ਮੋਹਨ ਸਿੰਘ ਵੈਦ ਸਾਹਿਤ ਕੇਂਦਰ ਵਲੋਂ 1981 ਵਿੱਚ ਸ਼੍ਰੋਮਣੀ ਸਾਹਿਤਕਾਰ ਪੁਰਸਕਾਰ ਦਿੱਤਾ ਗਿਆ, ਪੰਜਾਬ ਕਲਾ ਪਰਿਸ਼ਦ ਵਲੋਂ 2022 ਵਿੱਚ ਪੰਜਾਬ ਗੌਰਵ ਸਨਮਾਨ ਦਿੱਤਾ ਗਿਆ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਦੇ ਮੌਕੇ ਤੇ ਪੰਜਾਬ ਸਰਕਾਰ ਵਲੋਂ 2019 ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਅਚੀਵਰਜ ਅਵਾਰਡ ਦਿੱਤਾ ਗਿਆ। ਇਨ੍ਹਾਂ ਇਨਾਮਾਂ ਤੋਂ ਇਲਾਵਾ ਆਪ ਨੂੰ ਭਾਸ਼ਾ ਵਿਭਾਗ, ਪੰਜਾਬ ਸਰਕਾਰ ਵੱਲੋਂ ਵੱਖ ਵੱਖ ਸਾਲਾਂ ਵਿਚ ਅੱਠ ਪੁਸਤਕਾਂ ਉਤੇ ਪ੍ਰਥਮ ਪੁਰਸਕਾਰ ਦਿੱਤੇ ਗਏ ਅਤੇ ਇਕ ਪੁਸਤਕ ਉਤੇ ਭਾਸ਼ਾ ਵਿਭਾਗ ਹਰਿਆਣਾ ਸਰਕਾਰ ਵਲੋਂ ਵੀ ਪ੍ਰਥਮ ਪੁਰਸਕਾਰ ਪ੍ਰਾਪਤ ਹੋਇਆ ਅਤੇ ਪੰਜਾਬੀ ਸਾਹਿਤ ਸਮੀਖਿਆ ਬੋਰਡ ਵਲੋਂ ਡਾ. ਜੱਗੀ ਦੀਆਂ 2 ਕਿਤਾਬਾਂ ਉੱਪਰ ਪ੍ਰਥਮ ਪੁਰਸਕਾਰ ਦਿੱਤਾ ਗਿਆ। ਉਪਰੋਕਤ ਤੋਂ ਇਲਾਵਾ ਪੰਜਾਬੀ ਯੂਨੀਵਰਸਿਟੀ ਨੇ ਸੰਨ 2012 ਵਿਚ ਡਾ. ਜੱਗੀ ਨੂੰ ਆਜੀਵਨ ਫੈਲੋਸ਼ਿਪ ਪ੍ਰਦਾਨ ਕੀਤੀ ਅਤੇ ਪੰਜਾਬੀ ਸਾਹਿਤ ਅਕਾਦਮੀ, ਲੁਧਿਆਣਾ ਨੇ ਸੰਨ 2007 ਵਿਚ ਫੈਲੋਸਿਪ ਦਿੱਤੀ। ਆਪ ਦੀ ਸਾਹਿਤਕ ਦੇਣ ਨੂੰ ਮੁਖ ਰੱਖਦਿਆਂ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੇ 24.11.2013 ਨੂੰ ਸਥਾਪਨਾ ਦਿਵਸ ਦੇ ਮੌਕੇ 'ਤੇ ਵਿਸੇਸ਼ ਰੂਪ ਵਿਚ ਸਨਮਾਨਿਤ ਕੀਤਾ ਅਤੇ 05.12.2013 ਨੂੰ ਚੀਫ ਖਾਲਸਾ ਦੀਵਾਨ, ਅੰਮ੍ਰਿਤਸਰ ਨੇ ਵੀ ਆਪ ਨੂੰ ਪੰਜਾਬੀ ਸਾਹਿਤ ਦੀ ਅਦੁੱਤੀ ਖੋਜ ਲਈ ਸਨਮਾਨਿਤ ਕੀਤਾ। ਆਪ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਸੈਨਿਟ, ਸਿੰਡੀਕੇਟ, ਅਕਾਦਮਿਕ ਬੋਰਡਾਂ, ਫੈਕਲਟੀਆਂ ਦੇ ਮੈਂਬਰ ਰਹੇ ਹਨ। ਇਸ ਤੋਂ ਇਲਾਵਾ ਦੂਰਦਰਸ਼ਨ, ਆਕਾਸ਼ਵਾਣੀ ਦੇ ਪ੍ਰੋਗਰਾਮਾਂ ਵਿਚ ਨਿਰੰਤਰ ਭਾਗ ਲੈਂਦੇ ਰਹੇ। ਮਹਾਨ ਸਾਹਿਤਕਾਰ, ਡਾ. ਰਤਨ ਸਿੰਘ ਜੱਗੀ ਨੇ 150 ਤੋਂ ਵੱਧ ਕਿਤਾਬਾਂ ਲਿਖੀਆਂ ਤੇ 98 ਸਾਲ ਦੀ ਉਮਰ ਦੇ ਬਾਵਜੂਦ, ਅੰਤ ਤੱਕ ਵੀ ਸਮਾਜ ਨੂੰ ਸੇਧਪੂਰਨ, ਮਿਸਾਲੀ ਸਾਹਿਤਕ ਸੇਵਾਵਾਂ ਦੇ ਸਮਰਪਿਤ ਕਰਨ ਦੇ ਆਪਣੇ ਮਿਸ਼ਨ ਨੂੰ ਪੂਰੀ ਸੁਹਿਰਦਤਾ, ਤਨਦੇਹੀ ਅਤੇ ਅਣਥੱਕ ਲਗਨ ਨਾਲ ਜਾਰੀ ਰੱਖਿਆ। ਸੰਖੇਪ ਵਿੱਚ ਡਾ. ਰਤਨ ਸਿੰਘ ਜੱਗੀ ਦਾ ਭਗਤੀ ਕਾਵਿ ਅਤੇ ਪੰਜਾਬੀ ਸਾਹਿਤ ਦੇ ਅਧਿਐਨ ਖੋਜ ਵਿੱਚ ਪਾਇਆ ਯੋਗਦਾਨ ਸਚਮੁੱਚ ਪਰਮ ਉਤਕਿਸ਼ਟ ਪੱਧਰ ਦਾ ਹੈ ਅਤੇ ਨਿਸ਼ਚੇ ਹੀ ਉਹ ਸਾਹਿਤ ਜਗਤ ਦੇ ਅਨਮੋਲ ਰਤਨ ਸਨ। ਉਹ ਭਾਰਤੀ ਸਾਹਿਤ, ਸਿੱਖ ਧਰਮਸ਼ਾਸਤਰ ਅਤੇ ਭੁਲਨਾਤਮਕ ਧਾਰਮਿਕ ਅਧਿਐਨ ਦੇ ਖੇਤਰ ਵਿੱਚ ਇਕ ਬੇਮਿਸਾਲ ਸ਼ਖਸੀਅਤ ਸਨ। ਇਕ ਵਿਖਿਆਤ ਵਿਦਵਾਨ, ਸਾਹਿਤਕਾਰ, ਅਧਿਆਪਕ ਅਤੇ ਕਈ ਪੀੜ੍ਹੀਆਂ ਲਈ ਮਾਰਗਦਰਸ਼ਕ ਦੇ ਸਰੋਤ ਸਤਿਕਾਰਯੋਗ ਡਾ. ਰਤਨ ਸਿੰਘ ਜੱਗੀ ਸਾਡੇ ਲਈ ਸਥਾਈ ਵਿਰਾਸਤ ਵਜੋਂ ਵਿਦਵਤਾ, ਨਿਮਰਤਾ ਅਤੇ ਗਿਆਨ ਦੀ ਸੇਵਾ ਨਿਭਾਉਂਦੇ ਹੋਏ 22 ਮਈ 2025 ਨੂੰ ਸਦੀਵੀ ਵਿਛੋੜਾ ਦੇ ਗਏ। ਉਨ੍ਹਾਂ ਦਾ ਜੀਵਨ ਵਿਅਕਤੀਗਤ ਮੁਲਾਂ ਦੁਆਰਾ ਨਿਰਦੇਸ਼ਿਤ ਸੀ ਅਤੇ ਉਨ੍ਹਾਂ ਦੀਆਂ ਸੇਵਾਵਾਂ ਦੀਆਂ ਨਿਸ਼ਾਨੀਆਂ ਸਮੁੱਚੀ ਮਾਨਵ ਜਾਤ ਦੀ ਵਿਰਾਸਤ ਦਾ ਹਮੇਸ਼ਾ ਅਹਿਮ ਹਿੱਸਾ ਰਹਿਣਗੀਆਂ।

ਯੂ.ਐੱਨ. ਮੁਖੀ ਐਂਟੋਨੀਓ ਗੁਟੇਰੇਸ ਨੇ ਅਫ਼ਰੀਕਾ ਦਿਵਸ 'ਤੇ ਦਿੱਤਾ ਵਿਸ਼ੇਸ਼ ਸੰਦੇਸ਼

ਨਵੀਂ ਦਿੱਲੀ, 21 ਮਈ (ਅੰਮ੍ਰਿਤਪਾਲ ਸਿੰਘ) : ਸੰਯੁਕਤ ਰਾਸ਼ਟਰ ਦੇ ਸਕੱਤਰ-ਜਨਰਲ ਐਂਟੋਨੀਓ ਗੁਟੇਰੇਸ ਨੇ 25 ਮਈ

1388 ਹੈਕਟੇਅਰ 'ਚ ਲਾਗੂ ਹੋਵੇਗਾ ਐਮ.ਸੀ.ਏ.ਡੀ. ਪ੍ਰੋਜੈਕਟ

ਲੁਧਿਆਣਾ, 21 ਮਈ (ਵਿਸ਼ਾਲ ਸ਼ਰਮਾ): ਪੰਜਾਬ ਦੇ ਖੇਤੀਬਾੜੀ ਅਤੇ ਜਲ ਪ੍ਰਬੰਧਨ ਖੇਤਰ ਵਿੱਚ ਇਕ ਮਹੱਤਵਪੂਰਨ ਕਦਮ ਵਜੋਂ ਜ਼ਿਲ੍ਹਾ ਲੁਧਿਆਣਾ ਦੇ ਪਿੰਡ ਰੌਣੀ ਵਿੱਚ ਵੀਰਵਾਰ ਨੂੰ ਮਾਡਰਨ ਕਮਾਂਡ ਏਰੀਆ ਡਿਵੈਲਪਮੈਂਟ (ਐਮ.ਸੀ.ਏ.ਡੀ) ਪ੍ਰੋਜੈਕਟ 1388 ਹੈਕਟੇਅਰ ਸਬੰਧੀ ਉੱਚ ਪੱਧਰੀ ਜਾਗਰੂਕਤਾ ਕੈਂਪ ਆਯੋਜਿਤ ਕੀਤਾ ਗਿਆ। ਇਸ ਜਾਗਰੂਕਤਾ ਕੈਂਪ ਵਿੱਚ ਜਲ ਸਰੋਤ ਵਿਭਾਗ (ਪੀ.ਡਬਲਯੂ. ਆਰ.ਐਮ ਡੀ.ਸੀ), ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਦੇ ਅਧਿਕਾਰੀ, ਜਲ ਸ਼ਕਤੀ ਮੰਤਰਾਲੇ ਭਾਰਤ ਸਰਕਾਰ, ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ) ਲੁਧਿਆਣਾ, ਸੈਂਟਰ ਵਾਟਰ ਕਮਿਸ਼ਨ ਭਾਰਤ ਸਰਕਾਰ ਦੇ ਅਧਿਕਾਰੀਆਂ, ਤਕਨੀਕੀ ਮਾਹਰਾਂ ਅਤੇ ਇਲਾਕੇ ਦੇ ਕਿਸਾਨਾਂ ਨੇ ਵੱਡੀ ਗਿਣਤੀ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ। ਇਹ ਐਮ.ਸੀ.ਏ.ਡੀ ਪ੍ਰੋਜੈਕਟ ਪੂਰੇ ਦੇਸ਼ ਦੇ ਸੂਬਿਆਂ ਵਿੱਚ ਪਾਇਲਟ ਪ੍ਰੋਜੈਕਟ ਵੱਜੋਂ ਲਾਂਚ ਕੀਤਾ ਗਿਆ ਹੈ ਜਿਸ ਵਿੱਚ ਪੰਜਾਬ ਪਹਿਲਾ ਸੂਬਾ ਹੈ ਜਿੱਥੇ ਇਹ ਪ੍ਰੋਜੈਕਟ ਸ਼ੁਰੂ ਹੋਣ ਵਾਲਾ ਹੈ। ਜਲ ਸ਼ਕਤੀ ਮੰਤਰਾਲੇ ਵੱਲੋਂ ਮਿਲੀ ਜਾਣਕਾਰੀ ਅਨੁਸਾਰ ਇਹ ਐਮ.ਸੀ.ਏ.ਡੀ ਪ੍ਰੋਜੈਕਟ ਸਕੀਮ ਪੂਰੇ ਭਾਰਤ ਦੇਸ਼ ਵਿੱਚੋਂ ਹੁਣ ਤੱਕ ਕੇਵਲ ਤਿੰਨ ਸੂਬਿਆਂ ਵਿੱਚ ਹੀ ਸ਼ੁਰੂ ਹੋਣ ਵਾਲੀ ਹੈ ਜਿਨ੍ਹਾਂ ਵਿੱਚ ਪੰਜਾਬ ਸੂਬਾ ਆਉਂਦਾ ਹੈ। ਨਿਗਰਾਨ ਇੰਜੀਨੀਅਰ ਜਲ ਸਰੋਤ ਵਿਭਾਗ, ਮੋਹਾਲੀ ਸ੍ਰੀ ਨਵਜੋਤ ਸਿੰਘ ਨੇ ਦੱਸਿਆ ਕਿ ਇਸ ਜਾਗਰੂਕਤਾ ਕੈਂਪ ਦਾ ਮੁੱਖ ਉਦੇਸ਼ ਲੁਧਿਆਣਾ, ਫਤਿਹਗੜ੍ਹ ਸਾਹਿਬ ਅਤੇ ਮਲੇਰਕੋਟਲਾ ਦੇ ਕਿਸਾਨਾਂ ਨੂੰ ਇਸ ਪ੍ਰੋਜੈਕਟ ਬਾਰੇ ਸਹੀ ਜਾਣਕਾਰੀ ਦੇਣਾ ਸੀ ਕਿਉਂਕਿ ਇਸ ਪ੍ਰੋਜੈਕਟ ਦਾ ਕੰਮ ਸ਼ੁਰੂ ਕੀਤਾ ਜਾਣ ਵਾਲਾ ਹੈ। ਇਸ ਪ੍ਰੋਜੈਕਟ ਦੀ ਰਿਪੋਰਟ ਪੰਜਾਬ ਸਰਕਾਰ ਵੱਲੋਂ ਮਨਜ਼ੂਰ ਕੀਤੀ ਜਾ ਚੁੱਕੀ ਹੈ ਅਤੇ ਭਾਰਤ ਸਰਕਾਰ ਨੂੰ ਸੂਚਨਾ ਵੀ ਭੇਜੀ ਜਾ ਚੁੱਕੀ ਹੈ।



ਇਸ ਪ੍ਰੋਜੈਕਟ ਵਿੱਚ ਹਾਈ ਟੈਕਨੋਲੋਜੀ ਜਿਵੇਂ ਕਿ ਸਕਾਡਾ ਅਤੇ ਇੰਟਰਨੈਟ ਆਫ ਥਿੰਗਸ (ਆਈ.ਓ.ਟੀ) ਦੀ ਸਹਾਇਤਾ ਲਈ ਜਾਵੇਗੀ ਜੋ ਕਿਸਾਨਾਂ ਨੂੰ ਐਪ ਰਾਹੀਂ ਰੀਅਲ ਟਾਈਮ ਸੂਚਨਾ ਮੁਹਈਆ ਕਰਵਾਏਗੀ ਜਿਸ ਨਾਲ ਪਾਣੀ ਦੀ ਬੱਚਤ ਵੀ ਹੋਵੇਗੀ ਅਤੇ ਨਾਲ ਹੀ ਹਰ ਟੇਲ 'ਤੇ ਬੈਠੇ ਕਿਸਾਨ ਨੂੰ ਉਨ੍ਹਾਂ ਹੀ ਪਾਣੀ ਪ੍ਰੈਸ਼ਰ ਨਾ ਮਿਲੇਗਾ ਜੋ ਹੈਡ 'ਤੇ ਬੈਠਾ ਕਿਸਾਨ ਨੂੰ ਪ੍ਰਦਾਨ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਅਧੀਨ ਤਿੰਨ ਜ਼ਿਲਿਆਂ ਨੂੰ ਕਵਰ ਕੀਤਾ ਗਿਆ ਹੈ ਜਿਨ੍ਹਾਂ ਦਾ ਕੁੱਲ ਰਕਬਾ ਕਰੀਬ 1388 ਹੈਕਟੇਅਰ ਹੈ। ਇਹ ਕੁੱਲ ਰਕਬੇ ਵਿੱਚ ਛੇ ਪਿੰਡਾਂ ਨੂੰ ਲਿਆ ਗਿਆ ਹੈ। ਜ਼ਿਲ੍ਹਾ ਲੁਧਿਆਣਾ ਦੇ ਚਾਰ ਪਿੰਡ ਹਨ, ਜਿਨ੍ਹਾਂ ਵਿੱਚ ਭਰਥਲਾ, ਰੌਣੀ, ਦੇਵੀਪੁਰ ਅਤੇ ਮੁੱਲਾਂਪੁਰ ਸ਼ਾਮਲ ਹਨ। ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦਾ ਇੱਕ ਪਿੰਡ ਪਹੇੜੀ ਅਤੇ ਜ਼ਿਲ੍ਹਾ ਮਲੇਰਕੋਟਲੇ ਦਾ ਇੱਕ ਪਿੰਡ ਧੀਰੋ ਮਾਜਰਾ ਵੀ ਇਸ ਪ੍ਰੋਜੈਕ ਵਿੱਚ ਸ਼ਾਮਲ ਹਨ ਕਿਉਂਕਿ ਇਹਨਾਂ ਪਿੰਡਾਂ ਵਿੱਚ ਹੁਣ ਤੱਕ ਨਹਿਰੀ ਪਾਣੀ ਦੀ ਕੋਈ ਸਹੂਲਤ ਨਹੀਂ ਸੀ। ਇਸ ਪ੍ਰੋਜੈਕਟ ਰਾਹੀਂ ਕਿਸਾਨਾਂ ਨੂੰ ਹੋਰ ਵਧੀਆ ਫਸਲਾਂ ਲਗਾਉਣ ਦਾ ਮੌਕਾ ਵੀ ਮਿਲੇਗਾ ਅਤੇ ਨਾਲ ਹੀ ਧਰਤੀ ਹੇਠਲੇ ਪਾਣੀ ਦੀ ਬੱਚਤ ਵੀ ਹੋਵੇਗੀ। ਨਹਿਰੀ ਪਾਣੀ ਜਦੋਂ ਧਰਤੀ ਨੂੰ ਲੱਗਦਾ ਹੈ ਤਾਂ ਉਸ ਵਿੱਚ ਬਹੁਤ ਜ਼ਿਆਦਾ ਮਿਨਰਲ ਵੀ ਹੁੰਦੇ ਹਨ ਜਿਨ੍ਹਾਂ ਨਾਲ ਫਸਲਾਂ ਦੀ ਪੈਦਾਵਾਰ ਵਿੱਚ ਵਾਧਾ ਹੁੰਦਾ। ਅੰਤ ਵਿੱਚ ਅਧਿਕਾਰੀਆਂ ਨੇ ਭਰੋਸਾ ਦਿਵਾਇਆ ਕਿ ਲੁਧਿਆਣਾ ਸਮੇਤ ਪੰਜਾਬ ਦੇ ਵੱਖ-ਵੱਖ ਖੇਤਰਾਂ ਵਿੱਚ ਚੱਲ ਰਹੇ ਕਮਾਂਡ ਏਰੀਆ ਵਿਕਾਸ ਪ੍ਰੋਜੈਕਟਾਂ ਦੀ ਨਿਰੰਤਰ ਨਿਗਰਾਨੀ ਕੀਤੀ ਜਾਵੇਗੀ ਅਤੇ ਕਿਸਾਨ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਨਵੀਆਂ ਯੋਜਨਾਵਾਂ ਤਿਆਰ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਖੇਤੀਬਾੜੀ ਵਿੱਚ ਪਾਣੀ ਬਚਾਉਣ ਲਈ ਆਧੁਨਿਕ ਸਿੰਚਾਈ ਮਾਡਲਾਂ ਨੂੰ ਅਪਣਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਅਤੇ ਇਸ ਦਿਸ਼ਾ ਵਿੱਚ ਸਰਕਾਰ, ਤਕਨੀਕੀ ਮਾਹਿਰ ਅਤੇ ਅੰਤਰਰਾਸ਼ਟਰੀ ਸੰਸਥਾਵਾਂ ਮਿਲ ਕੇ ਕੰਮ ਕਰ ਰਹੀਆਂ ਹਨ। ਇਹ ਉੱਚ ਪੱਧਰੀ ਸੈਮੀਨਾਰ ਪੰਜਾਬ ਵਿੱਚ ਬਿਹਤਰ ਜਲ ਪ੍ਰਬੰਧਨ ਤੇ ਟਿਕਾਊ ਖੇਤੀਬਾੜੀ ਵੱਲ ਇੱਕ ਵੱਡਾ ਅਤੇ ਸਕਾਰਾਤਮਕ ਕਦਮ ਮੰਨੀ ਜਾ ਰਹੀ ਹੈ, ਜਿਸ ਨਾਲ ਭਵਿੱਖ ਵਿੱਚ ਕਿਸਾਨਾਂ ਨੂੰ ਵੱਡੇ ਪੱਧਰ 'ਤੇ ਲਾਭ ਮਿਲਣ ਦੀ ਉਮੀਦ ਜਤਾਈ ਜਾ ਰਹੀ ਹੈ।

ਪੰਜਾਬ 'ਚ ਕਮਿਊਨਿਟੀ ਐਮਰਜੈਂਸੀ ਸੇਵਾਵਾਂ ਮਜ਼ਬੂਤ ਕਰਨ ਲਈ ਵਿਸ਼ੇਸ਼ ਪਹਿਲ



ਲੁਧਿਆਣਾ, 21 ਮਈ (ਵਿਸ਼ਾਲ ਸ਼ਰਮਾ): ਇੰਡੀਅਨ ਕੌਂਸਲ ਆਫ਼ ਮੈਡੀਕਲ ਰਿਸਰਚ (ਆਈ.ਸੀ.ਐਮ.ਆਰ) ਦੇ ਸਮਰਥਨ ਵਾਲੇ ਇੰਡੀਆ-ਈ.ਐਮ.ਐਸ ਪ੍ਰੋਜੈਕਟ ਦੇ ਤਹਿਤ, ਕ੍ਰਿਸ਼ਚੀਅਨ ਮੈਡੀਕਲ ਕਾਲਜ (ਸੀ.ਐਮ.ਸੀ), ਲੁਧਿਆਣਾ ਨੇ ਸਿਹਤ ਵਿਭਾਗ ਦੇ ਸਹਿਯੋਗ ਨਾਲ ਕਮਿਊਨਿਟੀ ਅਧਾਰਤ ਐਮਰਜੈਂਸੀ ਮੈਡੀਕਲ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਬਲਾਕ ਸੁਧਾਰ ਵਿੱਚ "ਮਿਸ਼ਨ ਸਵਸਥ ਕਵਚ" ਦੇ ਤਹਿਤ ਬਲਾਕ ਪੱਧਰੀ ਐਮਰਜੈਂਸੀ ਕੇਅਰ ਸਿਖਲਾਈ ਦਾ ਆਯੋਜਨ ਕੀਤਾ। ਇਹ ਸਿਖਲਾਈ ਆਸ਼ਾ ਵਰਕਰਾਂ, ਏ.ਐਨ.ਐਮਜ਼ ਅਤੇ ਕਮਿਊਨਿਟੀ ਹੈਲਥ ਅਫਸਰਾਂ (ਸੀ.ਐਚ.ਓਜ਼) ਨੂੰ ਜ਼ਰੂਰੀ ਜੀਵਨ ਰੱਖਿਅਕ ਹੁਨਰਾਂ ਨਾਲ ਲੈਸ ਕਰਨ 'ਤੇ ਕੇਂਦ੍ਰਿਤ ਸੀ ਜਿਸ ਵਿੱਚ ਸੀ.ਪੀ.ਆਰ, ਫਸਟ ਏਡ 108 ਐਂਬੂਲੈਂਸ ਸੇਵਾਵਾਂ ਬਾਰੇ ਜਾਗਰੂਕਤਾ ਅਤੇ ਮਹੱਤਵਪੂਰਨ "ਪਲੈਟੀਨਮ ਮਿੰਟਾਂ" ਦੌਰਾਨ ਸਮੇਂ ਸਿਰ ਐਮਰਜੈਂਸੀ ਪ੍ਰਤੀਕਿਰਿਆ ਸ਼ਾਮਲ ਹੈ। ਇਸ ਪਹਿਲਕਦਮੀ ਦੀ ਅਗਵਾਈ ਡਾ. ਜੈਰਾਜ ਡੀ. ਕਰ ਰਹੇ ਹਨ। ਪਾਂਡੀਅਨ ਇੰਡੀਆ ਈ.ਐਮ.ਐਸ ਟੀਮ ਦੇ ਨਾਲ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿਹਤ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਪਿੰਡ ਪੱਧਰ 'ਤੇ ਸਿਖਲਾਈ ਪ੍ਰਾਪਤ ਫਸਟ ਰਿਸਪਾਂਡਰ ਤਿਆਰ ਕਰਨਾ ਅਤੇ ਪੰਜਾਬ ਭਰ ਵਿੱਚ ਐਮਰਜੈਂਸੀ ਸਿਹਤ ਸੰਭਾਲ ਪ੍ਰਣਾਲੀਆਂ ਨੂੰ ਮਜ਼ਬੂਤ ਕਰਨਾ ਹੈ।

ਸੰਤ ਬਾਬਾ ਭੂਪਿੰਦਰ ਸਿੰਘ ਦੇ ਰਸਭਿੰਨੇ ਪ੍ਰਵਚਨਾਂ ਨੇ ਸੰਗਤਾਂ ਨੂੰ ਕੀਤਾ ਮੰਤਰ-ਮੁਗਧ : ਗੋਗਾ

ਲੁਧਿਆਣਾ, 21 ਮਈ (ਰਵਿੰਦਰ ਸਿੰਘ ਨਿੱਝਰ): ਯੂਨਾਈਟਿਡ ਯੂਥ ਫੈਡਰੇਸ਼ਨ ਵੱਲੋਂ ਇੱਕ ਵਿਸ਼ਾਲ ਗੁਰਮਤਿ ਸਮਾਗਮ ਗੁਰਦੁਆਰਾ ਸਿੰਘ ਸਭਾ ਅਕਾਲ ਸਾਹਿਬ, ਪ੍ਰਤਾਪ ਨਗਰ, ਲੁਧਿਆਣਾ ਵਿਖੇ ਬਹੁਤ ਹੀ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਰਾੜਾ ਸਾਹਿਬ ਜਰਗ ਵਾਲੇ ਸੰਤ ਬਾਬਾ ਭੂਪਿੰਦਰ ਸਿੰਘ ਦੇ ਰਸਭਿੰਨੇ ਅੰਮ੍ਰਿਤ ਪ੍ਰਵਚਨ ਤੇ ਕੀਰਤਨ ਸੁਣ ਕੇ ਹਾਜ਼ਰ ਸਮੂਹ ਸੰਗਤਾਂ ਪੂਰੀ ਤਰ੍ਹਾਂ ਮੰਤਰ-ਮੁਗਧ ਹੋ ਗਈਆਂ। ਇਸ ਅਧਿਆਤਮਿਕ ਸਮਾਗਮ ਵਿੱਚ ਸੰਤਾਂ ਨੇ ਦੀਵਾਨ ਦੇ ਸਮੇਂ ਸੰਗਤ ਨੂੰ ਗੁਰਬਾਣੀ ਦੀ ਮਹਿਮਾ ਸੁਣਾਈ। ਉਨ੍ਹਾਂ ਨੇ ਆਪਣੇ ਪ੍ਰਵਚਨਾਂ ਵਿੱਚ ਕਿਹਾ ਕਿ ਮਨੁੱਖੀ ਜੀਵਨ ਦਾ ਅਸਲ ਮਨੋਰਥ ਨਾਮ-ਸਿਮਰਨ ਤੇ ਗੁਰੂ ਦੇ ਲੜ ਲੱਗਣਾ ਹੈ। ਬਾਬਾ ਜੀ ਨੇ ਆਪਣੇ ਪ੍ਰਵਚਨਾਂ ਵਿੱਚ ਸ. ਜੱਸਾ ਸਿੰਘ ਰਾਮਗੜ੍ਹੀਆ ਜੀ ਦੇ ਜੀਵਨ, ਉਨ੍ਹਾਂ ਦੀ ਬਹਾਦਰੀ ਅਤੇ ਸਿੱਖ ਕੌਮ ਲਈ ਪਾਏ ਯੋਗਦਾਨ 'ਤੇ ਚਾਨਣਾ ਪਾਇਆ।

ਉਨ੍ਹਾਂ ਨੇ ਸਿੱਖ ਇਤਿਹਾਸ ਦੇ ਸ਼ਾਨਾਮੱਤੇ ਪੰਨਿਆਂ ਦੀ ਸਾਂਝ ਪਾਉਂਦਿਆਂ ਸੰਗਤ ਨੂੰ ਬਾਣੀ ਤੇ ਬਾਣੇ ਦੇ ਧਾਰਨੀ ਹੋਣ ਦੀ ਪ੍ਰੇਰਨਾ ਦਿੱਤੀ। ਬਾਬਾ ਜੀ ਦੇ ਰਸਭਿੰਨੇ ਕੀਰਤਨ ਤੇ ਧਾਰਨਾਵਾਂ ਦੌਰਾਨ ਪੰਡਾਲ ਵਿੱਚ ਅਲੌਕਿਕ ਸ਼ਾਂਤੀ ਰਹੀ ਤੇ ਸੰਗਤਾਂ ਘੰਟਿਆਂ ਬੱਧੀ ਇਕਾਗਰ ਚਿੱਤ ਹੋ ਕੇ ਅਧਿਆਤਮਿਕ ਰੰਗ ਵਿੱਚ ਰੰਗੀਆਂ ਰਹੀਆਂ। ਸਮਾਗਮ ਦੇ ਵਿੱਚ ਯੂਨਾਈਟਿਡ ਯੂਥ ਫੈਡਰੇਸ਼ਨ ਦੇ ਪ੍ਰਬੰਧਕਾਂ ਵੱਲੋਂ ਸੰਤ ਬਾਬਾ ਭੂਪਿੰਦਰ ਸਿੰਘ ਤੇ ਆਈਆਂ ਪ੍ਰਮੁੱਖ ਸ਼ਖਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਸਮਾਗਮ ਦੇ ਅੰਤ ਵਿੱਚ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ ਵਿਦਾਇਕ ਐਡਵੋਕੇਟ ਕੁਲਵੰਤ ਸਿੰਘ ਸਿੱਧੂ, ਬਾਬਾ ਪਰਮਿੰਦਰ ਸਿੰਘ, ਗੁਰਮੀਤ ਸਿੰਘ ਕੁਲਾਰ, ਸੁਰਜੀਤ ਸਿੰਘ ਭੰਬਰਾ, ਭਾਈ ਕੁਲਵੀਰ ਸਿੰਘ, ਕੁੰਦਨ ਸਿੰਘ, ਜਗਦੇਵ ਸਿੰਘ ਵਿੱਕੀ, ਗੁਰਦਿਆਲ ਸਿੰਘ ਧੰਜਲ, ਗੁਰਮੁੱਖ ਸਿੰਘ, ਕੌਂਸਲਰ ਜਗਮੀਤ ਸਿੰਘ ਨੋਨੀ ਵਾਰਡ ਨੰਬਰ 42, ਪਰਮਿੰਦਰ ਸਿੰਘ, ਜਸਪਾਲ ਸਿੰਘ, ਚਤਰ ਸਿੰਘ, ਬਲਜੀਤ ਸਿੰਘ, ਅਮਰੀਕ ਸਿੰਘ ਹੈਪੀ ਲੋਟੇ, ਰਵਿੰਦਰ ਸਿੰਘ, ਹਰਪਾਲ ਸਿੰਘ, ਅਨੂਪ ਸਿੰਘ, ਗੁਰਿੰਦਰ ਸਿੰਘ, ਹਰਦੇਵ ਸਿੰਘ, ਬਲਵਿੰਦਰ ਸਿੰਘ, ਦਰਸ਼ਨ ਸਿੰਘ, ਗੁਰਬਚਨ ਸਿੰਘ, ਲਦੇਵ ਸਿੰਘ ਕਨੇਡਾ, ਜਰਨੈਲ ਸਿੰਘ ਕਨੇਡਾ ਸਾਗਰ, ਸਤਵੰਤ ਸਿੰਘ, ਗੁਰਚਰਨ ਸਿੰਘ ਗੁਰੂ, ਹਰਦੀਪ ਸਿੰਘ ਗੁਰੂ, ਜਸਵੀਰ ਗੁਰੂ, ਜੈਮੀ ਮਨਾਰੂ, ਸਰੂਪ ਸਿੰਘ, ਹਰਦੀਪ ਸਿੰਘ, ਸੁਰਜੀਤ ਸਿੰਘ, ਅਕਾਸ਼ ਗੈਰੀ, ਗੁਰਅਮਰਿਤ ਸਿੰਘ, ਬੀਬੀ ਕੁਲਵਿੰਦਰ ਕੌਰ, ਹਰਮਿੰਦਰ ਕੌਰ, ਮਨਜੀਤ ਕੌਰ, ਬਲਜੀਤ ਕੌਰ, ਇਕਬਾਲ ਕੌਰ, ਜਸਵੀਰ ਕੌਰ, ਹਰਜੀਤ ਕੌਰ, ਹਰਭਜਨ ਕੌਰ ਤੇ ਮਨਜਿੰਦਰ ਕੌਰ ਆਦਿ ਨੇ ਹਾਜ਼ਰੀ ਭਰੀ।



ਅਨੂਪ ਸਿੰਘ ਗੁਰਿੰਦਰ ਸਿੰਘ ਹਰਦੇਵ ਸਿੰਘ ਬਲਵਿੰਦਰ ਸਿੰਘ ਦਰਸ਼ਨ ਸਿੰਘ ਗੁਰਬਚਨ ਸਿੰਘ ਲਦੇਵ ਸਿੰਘ ਕਨੇਡਾ ਜਰਨੈਲ ਸਿੰਘ ਕਨੇਡਾ ਸਾਗਰ ਸਤਵੰਤ ਸਿੰਘ ਗੁਰਚਰਨ ਸਿੰਘ ਗੁਰੂ ਹਰਦੀਪ ਸਿੰਘ ਗੁਰੂ ਜਸਵੀਰ ਗੁਰੂ ਜੈਮੀ ਮਨਾਰੂ ਸਰੂਪ ਸਿੰਘ ਹਰਦੀਪ ਸਿੰਘ ਸੁਰਜੀਤ ਸਿੰਘ ਅਕਾਸ਼ ਗੈਰੀ ਗੁਰਅਮਰਿਤ ਸਿੰਘ ਬੀਬੀ ਕੁਲਵਿੰਦਰ ਕੌਰ ਬੀਬੀ ਹਰਮਿੰਦਰ ਕੌਰ ਬੀਬੀ ਮਨਜੀਤ ਕੌਰ ਬਲਜੀਤ ਕੌਰ ਇਕਬਾਲ ਕੌਰ ਜਸਵੀਰ ਕੌਰ ਹਰਜੀਤ ਕੌਰ ਆਦਿ ਸਮੇਤ ਹਜ਼ਾਰਾਂ ਸੰਗਤਾਂ ਨੇ ਹਾਜ਼ਰੀ ਲਗਵਾਈ।

ਲੋੜਵੰਦਾਂ ਦੀ ਸੇਵਾ ਲਈ "ਸਰਬੱਤ ਦਾ ਭਲਾ ਫਾਊਂਡੇਸ਼ਨ" ਦਾ ਗਠਨ



ਲੁਧਿਆਣਾ, 21 ਮਈ (ਰਵਿੰਦਰ ਸਿੰਘ ਨਿੱਝਰ): ਰਹਿਤਵਾਨ ਸਿੱਖ ਭਲਾਈ ਮੰਚ, ਭਾਈ ਘਨਈਆ ਜੀ ਨਿਸ਼ਕਾਮ ਸੇਵਾ ਸੁਸਾਇਟੀ ਤੇ ਮਾਨਵ ਏਕਤਾ ਨੌਜਵਾਨ ਵੈਲਫੇਅਰ ਸੇਵਾ ਸੁਸਾਇਟੀ ਵੱਲੋਂ ਇਕ ਸਾਂਝੇ ਉਪਰਾਲੇ ਤਹਿਤ "ਸਰਬੱਤ ਦਾ ਭਲਾ ਫਾਊਂਡੇਸ਼ਨ" ਦਾ ਗਠਨ ਕੀਤਾ ਗਿਆ। ਇਹ ਸਮਾਗਮ ਫਾਊਂਡੇਸ਼ਨ ਦੇ ਪ੍ਰਧਾਨ ਸਰਬਜੀਤ ਸਿੰਘ ਕਾਕਾ, ਸਰਪ੍ਰਸਤ ਪ੍ਰਿਤਪਾਲ ਸਿੰਘ ਪ੍ਰਧਾਨ, ਚੇਅਰਮੈਨ ਡਾ. ਸੁਖਦੇਵ ਸਿੰਘ, ਵਾਈਸ ਚੇਅਰਮੈਨ ਮਨੋਹਰ ਸਿੰਘ ਮੱਕੜ, ਪ੍ਰਿੰ ਲਖਦੇਵ ਸਿੰਘ ਤੇ ਜਨਰਲ ਸਕੱਤਰ ਰਜਿੰਦਰ ਸਿੰਘ ਸਰਹਾਲੀ ਦੀ ਮੌਜੂਦਗੀ 'ਚ ਕਰਵਾਇਆ ਗਿਆ। ਇਸ ਮੌਕੇ ਫਾਊਂਡੇਸ਼ਨ ਦੇ ਹੋਰ ਆਹੁਦੇਦਾਰਾਂ ਵਿੱਚ ਹਰਜਿੰਦਰ ਸਿੰਘ ਠੇਕੇਦਾਰ, ਹਰਜੋਤ ਸਿੰਘ ਬੱਬਲ, ਰਣਧੀਰ ਸਿੰਘ ਧੀਰਾ, ਰਾਜ ਕੁਮਾਰ ਰਾਜੂ, ਸਤਨਾਮ ਸਿੰਘ ਮੱਕੜ, ਬਲਰਾਮ ਕ੍ਰਿਸ਼ਨ ਗਰਗ, ਹਰਜਿੰਦਰ ਸਿੰਘ ਸੋਢੀ, ਪ੍ਰੋ. ਗੁਰਪ੍ਰੀਤ ਸਿੰਘ, ਵਿਨੋਦ ਕੁਮਾਰ ਜਿੰਦਲ, ਰਣਜੀਤ ਸਿੰਘ ਮਠਾੜੂ, ਸੁਖਦੇਵ ਸਿੰਘ ਸੋਨੂੰ, ਸੋਨੂੰ ਮੱਕੜ, ਬਲਵਿੰਦਰ ਸਿੰਘ ਪੰਮਾ, ਗੁਰਪ੍ਰੀਤ ਸਿੰਘ ਪ੍ਰੀਤੀ, ਸਰਬਜੀਤ ਸਿੰਘ ਰੋਬਿਨ, ਗੁਰਮੀਤ ਸਿੰਘ ਨਿੱਝਰ , ਅਰਸ਼ਦੀਪ ਸਿੰਘ (ਦੋਨੋ) ਪ੍ਰੈਸ ਸਕੱਤਰ, ਗੁਰਪ੍ਰੀਤ ਸਿੰਘ ਜੰਡੂ, ਤੇ ਗੁਰਿੰਦਰ ਸਿੰਘ ਰਾਜਾ ਸਮੇਤ ਕਈ ਪ੍ਰਮੁੱਖ ਮੈਂਬਰਾਂ ਦੀ ਹਾਜ਼ਰੀ 'ਚ 98 ਮੈਂਬਰੀ ਕਮੇਟੀ ਦਾ ਐਲਾਨ ਵੀ ਕੀਤਾ ਗਿਆ।

ਫਾਊਂਡੇਸ਼ਨ ਦੇ ਪ੍ਰਧਾਨ ਸਰਬਜੀਤ ਸਿੰਘ ਕਾਕਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਸਥਾ ਵੱਲੋਂ ਸੰਗੇਵਾਲ ਵਿਖੇ ਆਨਾਥ ਆਸ਼ਰਮ, ਬਿਰਧ ਆਸ਼ਰਮ ਅਤੇ ਪਿੰਗਲਵਾੜਾ ਬਣਾਉਣ ਲਈ ਜ਼ਮੀਨ ਖਰੀਦੀ ਜਾ ਰਹੀ ਹੈ। ਉਨ੍ਹਾਂ ਸਮਾਜ ਸੇਵਾ ਨਾਲ ਜੁੜੇ ਲੋਕਾਂ ਅਤੇ ਦਾਨੀ ਸੱਜਣਾਂ ਨੂੰ ਇਸ ਮਨੁੱਖਤਾ ਭਲਾਈ ਦੇ ਮਹਾਂਕੁੰਭ ਨਾਲ ਜੁੜਨ ਦੀ ਅਪੀਲ ਕੀਤੀ।

ਸਰਕਾਰੀ ਹਸਪਤਾਲਾਂ ਵਿੱਚ ਸਿਹਤ ਸੇਵਾਵਾਂ ਦਾ ਮੰਦਾ ਹਾਲ : ਸੀਪੀਆਈ

ਲੁਧਿਆਣਾ, 21 ਮਈ (ਰਵਿੰਦਰ ਸਿੰਘ ਨਿੱਝਰ): ਭਾਰਤੀ ਕਮਿਊਨਿਸਟ ਪਾਰਟੀ (ਸੀਪੀਆਈ) ਦੀ ਜ਼ਿਲ੍ਹਾ ਲੁਧਿਆਣਾ ਇਕਾਈ ਲੰਮੇ ਸਮੇਂ ਤੋਂ ਸਰਕਾਰੀ ਹਸਪਤਾਲਾਂ ਵਿੱਚ ਸਿਹਤ ਸੇਵਾਵਾਂ ਦੇ ਮੰਦੇ ਹਾਲ ਬਾਰੇ ਆਵਾਜ਼ ਉਠਾਉਂਦੀ ਰਹੀ ਹੈ। ਪਾਰਟੀ ਦੇ ਆਗੂਆਂ ਨੇ ਦੱਸਿਆ ਕਿ ਪੰਜਾਬ ਦੇ 23 ਜ਼ਿਲਿਆਂ ਵਿੱਚੋਂ ਸਿਰਫ ਛੇ ਜ਼ਿਲਿਆਂ ਵਿੱਚ ਹੀ ਐਮਆਰਆਈ ਦੀ ਸਹੂਲਤ ਪ੍ਰਾਪਤ ਹੈ। ਜਨਰਲ ਮੈਡੀਕਲ ਆਫੀਸਰਾਂ ਦੀਆਂ ਹਜ਼ਾਰਾਂ ਅਸਾਮੀਆਂ ਖਾਲੀ ਹਨ ਅਤੇ ਸੈਂਕੜੇ ਸਪੈਸ਼ਲਿਸਟਾਂ ਦੀਆਂ ਅਸਾਮੀਆਂ ਖਾਲੀ ਹਨ। ਬਹੁਤ ਸਾਰੇ ਜ਼ਿਲਿਆਂ ਵਿੱਚ ਆਈ ਸੀ ਯੂ ਵੀ ਕੰਮ ਨਹੀਂ ਕਰਦੇ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਅਤੇ ਹਰਿਆਣਾ ਨੂੰ ਇਹ ਯਕੀਨੀ ਬਣਾਉਣ ਦਾ ਹੁਕਮ ਦਿੱਤਾ ਹੈ ਕਿ ਹਰੇਕ ਜ਼ਿਲ੍ਹਾ ਹਸਪਤਾਲ ਵਿੱਚ ਇੱਕ ਆਈਸੀਯੂ, ਇੱਕ ਸੀਟੀ ਸਕੈਨ ਅਤੇ ਇੱਕ ਐਮਆਰਆਈ ਮਸ਼ੀਨ

ਅਕਾਲੀ ਉਮੀਦਵਾਰ ਦੇ ਘਰ 'ਤੇ ਅਣਪਛਾਤਿਆਂ ਵੱਲੋਂ ਪੱਥਰਬਾਜ਼ੀ



ਬਠਿੰਡਾ, 21 ਮਈ (ਦੀਪਕ ਸ਼ਰਮਾ) :ਨਗਰ ਨਿਗਮ ਚੋਣਾਂ ਦੇ ਨੇੜੇ ਆਉਂਦਿਆਂ ਹੀ ਬਠਿੰਡਾ ਸ਼ਹਿਰ ਦਾ ਸਿਆਸੀ ਪਾਰਾ ਪੂਰੀ ਤਰ੍ਹਾਂ ਗਰਮਾ ਗਿਆ ਹੈ। ਇੱਥੋਂ ਦੇ ਵਾਰਡ ਨੰਬਰ 41 ਤੋਂ ਸ਼੍ਰੋਮਣੀ ਅਕਾਲੀ ਦਲ ਦੀ ਟਿਕਟ 'ਤੇ ਚੋਣ ਲੜ ਰਹੀ ਮਹਿਲਾ ਉਮੀਦਵਾਰ ਡਿੰਪਲ ਦੇ ਘਰ 'ਤੇ ਬੁੱਧਵਾਰ ਦੇਰ ਰਾਤ ਕੁਝ ਅਣਪਛਾਤੇ ਹੁੱਲੜਬਾਜ਼ਾਂ ਵੱਲੋਂ ਇੱਟਾਂ-ਪੱਥਰਾਂ ਨਾਲ ਹਮਲਾ ਕਰਨ ਦੀ ਖ਼ਬਰ ਹੈ। ਇਸ ਅਚਾਨਕ ਹੋਈ ਵਾਰਦਾਤ ਕਾਰਨ ਆਲੇ-ਦੁਆਲੇ ਦੇ ਲੋਕਾਂ ਵਿੱਚ ਸਹਿਮ ਪਾਇਆ ਜਾ ਰਿਹਾ ਹੈ, ਜਦਕਿ ਅਕਾਲੀ ਦਲ ਨੇ ਇਸ ਨੂੰ ਵਿਰੋਧੀਆਂ ਵੱਲੋਂ ਚੋਣਾਂ ਦਾ ਮਾਹੌਲ ਖ਼ਰਾਬ ਕਰਨ ਦੀ ਇੱਕ ਗਿਣੀ-ਮਿੱਥੀ ਚਾਲ ਦੱਸਿਆ ਹੈ।ਦੱਸਿਆ ਜਾ ਰਿਹਾ ਹੈ ਕਿ ਰਾਤ ਦੇ ਕਰੀਬ ਢਾਈ ਵਜੇ ਤਿੰਨ ਤੋਂ ਚਾਰ ਅਣਪਛਾਤੇ ਨੌਜਵਾਨ ਉਮੀਦਵਾਰ ਦੇ ਘਰ ਦੇ ਬਾਹਰ ਆਏ ਅਤੇ ਉਨ੍ਹਾਂ ਨੇ ਮੁੱਖ ਦਰਵਾਜ਼ੇ ਤੇ ਪੱਥਰ ਮਾਰਨੇ ਸ਼ੁਰੂ ਕਰ ਦਿੱਤੇ। ਅਚਾਨਕ ਹੋਏ ਖੜਕੇ ਕਾਰਨ ਜਦੋਂ ਘਰ ਦੇ ਲੋਕ ਜਾਗੇ ਅਤੇ ਬਾਹਰ ਵੱਲ ਭੱਜੇ, ਤਾਂ ਹਮਲਾਵਰ ਰੇਲਵੇ ਲਾਈਨਾਂ ਵਾਲੇ ਪਾਸੇ ਭੱਜ ਨਿਕਲੇ। ਅੱਧੀ ਰਾਤ ਨੂੰ ਹੋਈ ਇਸ ਗੁੰਡਾਗਰਦੀ ਕਾਰਨ ਪੂਰਾ ਪਰਿਵਾਰ ਸਹਿਮ ਗਿਆ। ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਵੀਰਵਾਰ ਸਵੇਰੇ ਅਕਾਲੀ ਦਲ ਦੇ ਹਲਕਾ ਇੰਚਾਰਜ ਬਬਲੀ ਢਿੱਲੋਂ ਆਪਣੇ ਸਾਥੀਆਂ ਸਮੇਤ ਉਮੀਦਵਾਰ ਦੇ ਨਿਵਾਸ ਤੇ ਪੁੱਜੇ। ਉਨ੍ਹਾਂ ਪੀੜਤ ਪਰਿਵਾਰ ਨੂੰ ਹੌਸਲਾ ਦਿੰਦਿਆਂ ਆਖਿਆ ਕਿ ਚੋਣਾਂ ਵਿੱਚ ਸਾਡੇ ਉਮੀਦਵਾਰਾਂ ਨੂੰ ਡਰਾਉਣ ਅਤੇ ਚੋਣ ਮੈਦਾਨ ਵਿੱਚੋਂ ਹਟਾਉਣ ਲਈ ਸੱਤਾ ਪੱਖ ਵੱਲੋਂ ਨਜਾਇਜ਼ ਦਬਾਅ ਪਾਇਆ ਜਾ ਰਿਹਾ ਹੈ।ਬਬਲੀ ਢਿੱਲੋਂ ਨੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਪਿਛਲੇ ਦਿਨਾਂ ਤੋਂ ਪਾਰਟੀ ਦੇ ਕਈ ਉਮੀਦਵਾਰਾਂ ਨੂੰ ਪਿੱਛੇ ਹਟਣ ਲਈ ਧਮਕੀ ਭਰੇ ਫ਼ੋਨ ਆ ਰਹੇ ਹਨ। ਉਨ੍ਹਾਂ ਕਿਹਾ ਕਿ ਬਠਿੰਡਾ ਅਤੇ ਪੂਰੇ ਸੂਬੇ ਵਿੱਚ ਕਾਨੂੰਨ ਨਾਮ ਦੀ ਕੋਈ ਚੀਜ਼ ਨਹੀਂ ਰਹਿ ਗਈ। ਘਟਨਾ ਦਾ ਪਤਾ ਲੱਗਦਿਆਂ ਹੀ ਥਾਣਾ ਕੋਤਵਾਲੀ ਦੀ ਪੁਲਿਸ ਪਾਰਟੀ ਮੌਕੇ ਤੇ ਪਹੁੰਚੀ ਅਤੇ ਜਾਂਚ ਦੀ ਕਾਰਵਾਈ ਸ਼ੁਰੂ ਕੀਤੀ।

ਨਗਰ ਨਿਗਮ ਚੋਣਾਂ
ਹੁੱਲੜਬਾਜ਼ੀ ਕਰਨ ਵਾਲਿਆਂ 'ਤੇ ਰਹੇਗੀ ਤਿੱਖੀ ਨਜ਼ਰ : ਐਸ.ਐਸ.ਪੀ.



ਬਠਿੰਡਾ, 21 ਮਈ (ਦੀਪਕ ਸ਼ਰਮਾ) : ਆਗਾਮੀ ਨਗਰ ਨਿਗਮ ਚੋਣਾਂ ਨੂੰ ਸ਼ਾਂਤੀਪੂਰਵਕ ਢੰਗ ਨਾਲ ਨੇਪਰੇ ਚਾੜ੍ਹਨ ਲਈ ਬਠਿੰਡਾ ਪੁਲਿਸ ਪੂਰੀ ਤਰ੍ਹਾਂ ਸਰਗਰਮ ਹੋ ਗਈ ਹੈ। ਚੋਣ ਅਮਲ ਦੌਰਾਨ ਜ਼ਿਲ੍ਹੇ ਅੰਦਰ ਅਮਨ-ਕਾਨੂੰਨ ਦੀ ਸਥਿਤੀ ਨੂੰ ਹਰ ਹੀਲੇ ਬਰਕਰਾਰ ਰੱਖਣ, ਨਸ਼ਾ ਤਸਕਰੀ ਦੇ ਨੈੱਟਵਰਕ ਨੂੰ ਤੋੜਨ ਅਤੇ ਗੰਭੀਰ ਅਪਰਾਧਿਕ ਮਾਮਲਿਆਂ ਦੀ ਪੜਤਾਲ ਵਿੱਚ ਤੇਜ਼ੀ ਲਿਆਉਣ ਦੇ ਮਕਸਦ ਨਾਲ ਐਸਐਸਪੀ ਡਾ. ਜਯੋਤੀ ਯਾਦਵ ਵੱਲੋਂ ਜ਼ਿਲ੍ਹੇ ਦੇ ਸਮੂਹ ਜੀਓਜ਼, ਐਸਐਚਓਜ਼ ਅਤੇ ਯੂਨਿਟ ਇੰਚਾਰਜਾਂ ਨਾਲ ਇੱਕ ਅਹਿਮ ਕਰਾਈਮ ਮੀਟਿੰਗ ਕੀਤੀ ਗਈ। ਇਸ ਉੱਚ ਪੱਧਰੀ ਬੈਠਕ ਦੌਰਾਨ ਸਮੂਹ ਅਧਿਕਾਰੀਆਂ ਨੂੰ ਸੁਰੱਖਿਆ ਪ੍ਰਬੰਧ ਪੁਖ਼ਤਾ ਕਰਨ 1%ਰ ਹਰ ਪੱਧਰ ਤੇ ਚੌਕਸੀ ਵਧਾਉਣ ਦੇ ਸਖ਼ਤ ਹੁਕਮ ਦਿੱਤੇ ਗਏ ਹਨ।ਇਸ ਵਿਸ਼ੇਸ਼ ਮੀਟਿੰਗ ਦਾ ਮੁੱਖ ਕੇਂਦਰ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ੇ ਦੇ ਵਿਰੁੱਧ ਮੁਹਿੰਮ ਨੂੰ ਜ਼ਮੀਨੀ ਪੱਧਰ ਤੇ ਹੋਰ ਮਜ਼ਬੂਤੀ ਨਾਲ ਲਾਗੂ ਕਰਨਾ ਰਿਹਾ। ਐਸਐਸਪੀ ਨੇ ਸਪੱਸ਼ਟ ਲਫ਼ਜ਼ਾਂ ਵਿੱਚ ਆਖਿਆ ਕਿ ਜ਼ਿਲ੍ਹੇ ਅੰਦਰ ਸਰਗਰਮ ਨਸ਼ਾ ਤਸਕਰਾਂ, ਸਮਾਜ ਵਿਰੋਧੀ ਅਨਸਰਾਂ ਅਤੇ ਚੋਣਾਂ ਦੇ ਮਾਹੌਲ ਵਿੱਚ ਖ਼ਲਲ ਪਾਉਣ ਦੀ ਕੋਸ਼ਿਸ਼ ਕਰਨ ਵਾਲੇ ਸ਼ਰਾਰਤੀ ਲੋਕਾਂ ਤੇ ਤਿੱਖੀ ਨਜ਼ਰ ਰੱਖੀ ਜਾਵੇ। ਇਸ ਦੇ ਨਾਲ ਹੀ ਪਹਿਲਾਂ ਤੋਂ ਲੰਬਿਤ ਪਏ ਅਪਰਾਧਿਕ ਮਾਮਲਿਆਂ ਦੀ ਤਫ਼ਤੀਸ਼ ਨੂੰ ਬਿਨਾਂ ਕਿਸੇ ਦੇਰੀ ਦੇ ਜਲਦ ਨਿਪਟਾਉਣ ਅਤੇ ਅਪਰਾਧੀਆਂ ਵਿਰੁੱਧ ਤੁਰੰਤ ਕਾਨੂੰਨੀ ਸ਼ਿਕੰਜਾ ਕੱਸਣ ਦੀ ਹਦਾਇਤ ਕੀਤੀ ਗਈ। ਬੈਠਕ ਦੌਰਾਨ ਆਉਣ ਵਾਲੀਆਂ ਨਗਰ ਨਿਗਮ ਚੋਣਾਂ ਦੀ ਸੁਰੱਖਿਆ ਰਣਨੀਤੀ ਨੂੰ ਲੈ ਕੇ ਵਿਸਥਾਰਪੂਰਵਕ ਚਰਚਾ ਹੋਈ, ਜਿਸ ਵਿੱਚ ਅਧਿਕਾਰੀਆਂ ਨੂੰ ਸੰਵੇਦਨਸ਼ੀਲ ਇਲਾਕਿਆਂ ਦੀ ਨਿਸ਼ਾਨਦੇਹੀ ਕਰਕੇ ਉੱਥੇ ਗਸ਼ਤ ਵਧਾਉਣ, ਸ਼ੱਕੀ ਲੋਕਾਂ ਦੀ ਹਰ ਹਰਕਤ ਤੇ ਨਿਗਾਹ ਰੱਖਣ ਅਤੇ ਚੋਣਾਂ ਦੌਰਾਨ ਕਿਸੇ ਵੀ ਤਰ੍ਹਾਂ ਦੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਪਹਿਲਾਂ ਹੀ ਪੁਖ਼ਤਾ ਪ੍ਰਬੰਧ ਕਰਨ ਲਈ ਕਿਹਾ ਗਿਆ। ਪੁਲਿਸ ਪ੍ਰਸ਼ਾਸਨ ਨੇ ਸਾਫ਼ ਕਰ ਦਿੱਤਾ ਹੈ ਕਿ ਚੋਣਾਂ ਦੇ ਇਸ ਦੌਰ ਵਿੱਚ ਸ਼ਾਂਤੀ ਭੰਗ ਕਰਨ ਦੀ ਕੋਸ਼ਿਸ਼ ਕਰਨ ਵਾਲੇ ਕਿਸੇ ਵੀ ਸ਼ਖਸ ਨੂੰ ਬਖਸ਼ਿਆ ਨਹੀਂ ਜਾਵੇਗਾ। ਜ਼ਿਲ੍ਹਾ ਮੁਖੀ ਨੇ ਥਾਣਾ ਮੁਖੀਆਂ ਨੂੰ ਆਪਸੀ ਤਾਲਮੇਲ ਬਿਹਤਰ ਬਣਾਉਣ ਅਤੇ ਆਪਣੀਆਂ ਖੁਫ਼ੀਆ ਤੰਤਰ ਦੀਆਂ ਟੀਮਾਂ ਨੂੰ ਪੂਰੀ ਤਰ੍ਹਾਂ ਸਰਗਰਮ ਕਰਨ ਲਈ ਵੀ ਆਖਿਆ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਚੋਣਾਂ ਦੌਰਾਨ ਸੋਸ਼ਲ ਮੀਡੀਆ 'ਤੇ ਫੈਲਣ ਵਾਲੀਆਂ ਅਫ਼ਵਾਹਾਂ ਅਤੇ ਭੜਕਾਊ ਪੋਸਟਾਂ ਤੇ ਸਾਈਬਰ ਸੈੱਲ ਦੀਆਂ ਟੀਮਾਂ ਰਾਹੀਂ ਤਿੱਖੀ ਨਿਗਰਾਨੀ ਰੱਖੀ ਜਾਵੇ। ਮੀਟਿੰਗ ਵਿੱਚ ਇਹ ਗੱਲ ਪੂਰੀ ਤਰ੍ਹਾਂ ਸਪੱਸ਼ਟ ਕੀਤੀ ਗਈ ਕਿ ਨਸ਼ਾ ਤਸਕਰੀ ਅਤੇ ਸੰਗਠਿਤ ਅਪਰਾਧ ਦੇ ਖ਼ਿਲਾਫ਼ ਵਿੱਢੀ ਮੁਹਿੰਮ ਲਗਾਤਾਰ ਜਾਰੀ ਰਹੇਗੀ। ਪੁਲਿਸ ਮੁਲਾਜ਼ਮਾਂ ਨੂੰ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਲਗਾਤਾਰ ਸਰਚ ਅਪਰੇਸ਼ਨ ਚਲਾਉਣ, ਸ਼ੱਕੀ ਗਤੀਵਿਧੀਆਂ ਨੂੰ ਠੱਲ੍ਹ ਪਾਉਣ ਅਤੇ ਅਪਰਾਧੀਆਂ ਦੀ ਫੜੋ-ਫੜੀ ਤੇਜ਼ ਕਰਨ ਦੇ ਆਦੇਸ਼ ਦਿੱਤੇ ਗਏ ਹਨ।ਪੁਲਿਸ ਅਧਿਕਾਰੀਆਂ ਨੇ ਦਾਅਵਾ ਕੀਤਾ ਕਿ ਜ਼ਿਲ੍ਹੇ ਅੰਦਰ ਅਮਨ-ਅਮਾਨ ਨਾਲ ਅਤੇ ਨਿਰਪੱਖ ਤਰੀਕੇ ਨਾਲ ਚੋਣਾਂ ਕਰਵਾਉਣਾ ਉਨ੍ਹਾਂ ਦੀ ਸਭ ਤੋਂ ਪਹਿਲੀ ਤਰਜੀਹ ਹੈ। ਪੁਲਿਸ ਪ੍ਰਸ਼ਾਸਨ ਦਾ ਕਹਿਣਾ ਹੈ ਕਿ ਆਮ ਲੋਕਾਂ ਦੇ ਮਨਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨ ਅਤੇ ਅਪਰਾਧ ਮੁਕਤ ਮਾਹੌਲ ਸਿਰਜਣ ਲਈ ਹਰ ਸੰਭਵ ਕਦਮ ਚੁੱਕੇ ਜਾ ਰਹੇ ਹਨ।

ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਪਾਬੰਦੀ ਦੇ ਹੁਕਮ ਜਾਰੀ

ਸ੍ਰੀ ਮੁਕਤਸਰ ਸਾਹਿਬ, 21 ਮਈ (ਐਚ ਐਸ ਕਪੂਰ) : ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਨਗਰ ਕੌਂਸਲ ਸ੍ਰੀ ਮੁਕਤਸਰ ਸਾਹਿਬ, ਮਲੋਟ ਅਤੇ ਗਿੱਦੜਬਾਹਾ ਦੀਆਂ ਚੋਣਾਂ 26 ਮਈ 2026 ਨੂੰ ਕਰਵਾਈਆਂ ਜਾ ਰਹੀਆਂ ਹਨ। ਇਹਨਾਂ ਚੋਣਾਂ ਨੂੰ ਸਫਲਤਾ ਪੂਰਵਕ ਨੇਪਰੇ ਚਾੜਣ ਲਈ ਸ੍ਰੀ ਡੈਵੀ ਗੋਇਲ,ਆਈ.ਏ.ਐਸ, ਵਧੀਕ ਜਿਲ੍ਹਾ ਮੈਜਿਸਟਰੇਟ,ਸ੍ਰੀ ਮੁਕਤਸਰ ਸਾਹਿਬ ਨੇ ਭਾਰਤੀਯ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੋਇਆ ਨਗਰ ਕੌਂਸਲਜ ਦੀਆਂ ਚੋਣਾਂ ਵਾਲੇ ਦਿਨ 26 ਮਈ 2026 ਨੂੰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਅੰਦਰ ਬਣੇ ਪੋਲਿੰਗ ਸਟੇਸ਼ਨਾਂ ਦੇ 200 ਮੀਟਰ ਦੇ ਘੇਰੇ ਅੰਦਰ ਪਾਬੰਦੀਆਂ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ।ਇਹਨਾਂ ਹੁਕਮਾਂ ਅਨੁਸਾਰ ਪੋਲਿੰਗ ਸਟੇਸ਼ਨ ਜਾਂ ਜਨਤਕ ਜਾਂ ਨਿੱਜੀ ਜਗ੍ਹਾ 'ਤੇ ਕਿਸੇ ਵੀ ਉਮੀਦਵਾਰ ਜਾਂ ਉਸਦੇ ਸਮਰਥਕਾਂ ਵੱਲੋਂ ਪ੍ਰਚਾਰ ਨਹੀਂ ਕੀਤਾ ਜਾਵੇਗਾ ਅਤੇ ਨਾ ਹੀ ਕਿਸੇ ਵੀ ਵਿਅਕਤੀ ਵੱਲੋਂ ਸੈਲੂਲਰ ਫੋਨ/ਕੋਰਡਲੈਸ ਫੋਨ/ ਵਾਇਰਲੈਸ ਸੈਟ/ਲਾਊਡ ਸਪੀਕਰ/ ਮੈਗਾਫੋਨ ਆਦਿ ਦੀ ਵਰਤੋਂ ਕੀਤੀ ਜਾਵੇਗੀ । ਇਹ ਹੁਕਮ ਚੋਣ ਡਿਊਟੀ ਤੇ ਤਾਇਨਾਤ ਚੋਣ ਅਬਜਰਵਰਜ਼ ਪ੍ਰਸ਼ਾਸ਼ਨਿਕ/ਪੁਲਿਸ ਦੇ ਅਧਿਕਾਰੀਆਂ ਡਿਊਟੀ ਤੇ ਤਾਇਨਾਤ ਸੁਰੱਖਿਆ ਕਰਮਚਾਰੀਆਂ, ਪੋਲਿੰਗ / ਕਾਊਂਟਿੰਗ ਨਾਲ ਸਬੰਧਿਤ ਸਰਕਾਰੀ ਕਰਮਚਾਰੀਆਂ 'ਤੇ ਲਾਗੂ ਨਹੀਂ ਹੋਣਗੇ।ਇਸ ਤੋਂ ਇਲਾਵਾ ਪ੍ਰਚਾਰ ਨਾਲ ਸਬੰਧਿਤ ਕਿਸੇ ਵੀ ਤਰ੍ਹਾਂ ਦਾ ਪੋਸਟਰ ਵੀ ਨਹੀਂ ਲਗਾਇਆ ਜਾਵੇਗਾ। ਵਧੀਕ ਜ਼ਿਲ੍ਹਾ ਮੈਜਿਸਟਰੇਟ ਦੇ ਇਕ ਹੋਰ ਹੁਕਮ ਅਨੁਸਾਰ ਪੋਲਿੰਗ ਵਾਲੇ ਦਿਨ ਪੋਲਿੰਗ ਬੂਥਾਂ ਦੇ 200 ਮੀਟਰ ਦੇ ਘੇਰੇ ਅੰਦਰ ਉਮੀਦਵਾਰਾਂ ਦੇ ਚੋਣ ਬੂਥ ਲਗਾਉਣ 'ਤੇ ਵੀ

ਟੀਟੂ ਕਤਲ ਕਾਂਡ ਨੂੰ ਲੈ ਕੇ ਐਸ.ਐਸ.ਪੀ. ਦਫ਼ਤਰ ਅੱਗੇ ਧਰਨੇ 'ਤੇ ਬੈਠਾ ਪੀੜਤ ਪਰਿਵਾਰ



ਬਠਿੰਡਾ, 21 ਮਈ (ਦੀਪਕ ਸ਼ਰਮਾ) : ਸਥਾਨਕ ਪਿੰਡ ਸੈਣੇਵਾਲਾ ਦੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਨਿਰਮਲ ਸਿੰਘ ਟੀਟੂ ਦੇ ਕਤਲ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ ਪੀੜਤ ਪਰਿਵਾਰ ਅਤੇ ਪਿੰਡ ਵਾਸੀਆਂ ਦਾ ਗੁੱਸਾ ਫੁੱਟ ਪਿਆ ਹੈ।ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਨੇ ਸੈਂਕੜੇ ਪਿੰਡ ਵਾਸੀਆਂ ਨੂੰ ਨਾਲ ਲੈ ਕੇ ਜ਼ਿਲ੍ਹਾ ਪੁਲਿਸ ਮੁਖੀ ਦੇ ਦਫ਼ਤਰ ਅੱਗੇ ਪੱਕਾ ਮੋਰਚਾ ਲਗਾ ਦਿੱਤਾ ਹੈ। ਇਸ ਰੋਸ ਪ੍ਰਦਰਸ਼ਨ ਦੌਰਾਨ ਧਰਨਾਕਾਰੀਆਂ ਨੇ ਪੁਲਿਸ ਪ੍ਰਸ਼ਾਸਨ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ। ਪੀੜਤ ਧਿਰ ਦੀ ਮੁੱਖ ਮੰਗ ਹੈ ਕਿ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਸਾਰੇ ਮੁਲਜ਼ਮਾਂ ਨੂੰ ਤੁਰੰਤ ਸਲਾਖਾਂ ਪਿੱਛੇ ਭੇਜਿਆ ਜਾਵੇ ਅਤੇ ਕੋਟਕਪੂਰਾ ਥਾਣੇ ਦੇ ਐਸਐਚਓ ਖ਼ਿਲਾਫ਼ ਕਤਲ ਦਾ ਮੁਕੱਦਮਾ ਦਰਜ ਕਰਕੇ ਸਖ਼ਤ ਕਾਰਵਾਈ ਕੀਤੀ ਜਾਵੇ। ਪ੍ਰਦਰਸ਼ਨਕਾਰੀਆਂ ਨੇ ਚਿਤਾਵਨੀ ਭਰੇ ਲਹਿਜੇ ਵਿੱਚ ਆਖਿਆ ਕਿ ਜਿੰਨਾ ਚਿਰ ਉਨ੍ਹਾਂ ਨੂੰ ਇਨਸਾਫ਼ ਨਹੀਂ ਮਿਲਦਾ, ਇਹ ਧਰਨਾ ਅਣਮਿਥੇ ਸਮੇਂ ਲਈ ਇੰਝ ਹੀ ਜਾਰੀ ਰਹੇਗਾ।ਪੀੜਤ ਧਿਰ ਨੇ ਦੱਸਿਆ ਕਿ ਭਾਵੇਂ ਪੁਲਿਸ ਨੇ ਇਸ ਕਾਂਡ ਦੇ ਸਬੰਧ ਵਿੱਚ ਸੱਤ ਲੋਕਾਂ ਖ਼ਿਲਾਫ਼ ਮਾਮਲਾ ਤਾਂ ਦਰਜ ਕਰ ਲਿਆ ਹੈ, ਪਰ ਅਜੇ ਤੱਕ ਕਿਸੇ ਦੀ ਵੀ ਗ੍ਰਿਫ਼ਤਾਰੀ ਨਹੀਂ ਪਾਈ ਗਈ। ਮੁਲਜ਼ਮ ਸ਼ਰੇਆਮ ਬਾਹਰ ਘੁੰਮ ਰਹੇ ਹਨ ਅਤੇ ਪਰਿਵਾਰ ਨੂੰ ਲਗਾਤਾਰ ਧਮਕੀਆਂ ਦੇ ਰਹੇ ਹਨ। ਪਰਿਵਾਰ ਨੇ ਸਿੱਧਾ ਆਰੋਪ ਲਗਾਇਆ ਕਿ ਉਸ ਦੇ ਪਿਤਾ ਦਾ ਕਤਲ ਸਥਾਨਕ ਐਸਐਚਓ ਨੇ ਸਿਆਸੀ ਸ਼ਹਿ 'ਤੇ ਕਰਵਾਇਆ ਹੈ।

ਸਫ਼ਾਈ ਸੇਵਕਾਂ ਦੀਆਂ ਮੰਗਾਂ ਵੱਲ ਧਿਆਨ ਦੇਵੇ ਸਰਕਾਰ : ਅਰਵਿੰਦ ਖੰਨਾ



ਸੰਗਰੂਰ, 21 ਮਈ (ਹਰਕੰਵਲ ਸਿੰਘ ਹੈਪੀ) : ਲਗਾਤਾਰ ਸੰਘਰਸ਼ ਕਰ ਰਹੇ ਸਫ਼ਾਈ ਸੇਵਕਾਂ ਦੀਆਂ ਮੰਗਾਂ ਵੱਲ ਸਰਕਾਰ ਨੂੰ ਤੁਰੰਤ ਧਿਆਨ ਦੇਣਾ ਚਾਹੀਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੀ ਅਰਵਿੰਦ ਖੰਨਾ ਜ਼ਿਲ੍ਹਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਨੇ ਸਫ਼ਾਈ ਸੇਵਕਾਂ ਦੇ ਧਰਨੇ ਵਿੱਚ ਸ਼ਮੂਲੀਅਤ ਕਰਦੇ ਹੋਏ ਕੀਤਾ। ਧਰਨੇ ਵਿੱਚ ਉਨ੍ਹਾਂ ਨਾਲ ਸ. ਤੇਜਿੰਦਰ ਸਿੰਘ ਸੰਘਰੇੜੀ ਜਿ<ਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਵੀ ਸ਼ਾਮਲ ਸਨ। ਸ੍ਰੀ ਅਰਵਿੰਦ ਖੰਨਾ ਨੇ ਕਿਹਾ ਕਿ ਪੰਜਾਬ ਸਰਕਾਰ ਸਿਰਫ਼ ਲਾਰਿਆਂ ਅਤੇ ਗੱਲਬਾਤਾਂ ਨਾਲ ਆਪਣਾ ਡੰਗ ਟਪਾ ਰਹੀ ਹੈ।ਸ੍ਰੀ ਅਰਵਿੰਦ ਖੰਨਾ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਫਰੰਟ ਤੇ ਫੇਲ੍ਹ ਹੋ ਚੁੱਕੀ ਹੈ। ਹਰ ਵਰਗ ਨੇ ਸਰਕਾਰ ਦੀਆਂ ਨੀਤੀਆਂ ਤੋਂ ਤੰਗ ਆ ਕੇ ਸੰਘਰਸ਼ ਦਾ ਰਾਸਤਾ ਅਖਤਿਆਰ ਕਰ ਲਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਸਿਹਤ ਮਾਡਲ ਦੀਆਂ ਵੱਡੀਆਂ—ਵੱਡੀਆਂ ਢੀਂਗਾਂ ਮਾਰਦੀ ਹੈ ਅਤੇ ਸਫ਼ਾਈ ਨਾ ਹੋਣ ਕਾਰਨ ਲੋਕਾਂ ਦੀ ਸਿਹਤ ਤੇ ਬਹੁਤ ਮਾੜਾ ਪ੍ਰਭਾਵ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾਂ ਹੀ ਲੋਕਾਂ ਦੀ ਬਾਂਹ ਫੜੀ ਹੈ ਅਤੇ ਸਫ਼ਾਈ ਕਰਮਚਾਰੀ ਵੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਹੀ ਪੱਕੇ ਹੋਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ਼ਤਿਹਾਰਬਾਜ਼ੀ ਤੇ ਕਰੋੜਾਂ ਰੁਪਏ ਖਰਚ ਕਰ ਰਹੀ ਹੈ ਪ੍ਰੰਤੂ ਉਹ ਲੋਕਾਂ ਨਾਲ ਕੀਤੇ ਆਪਣੇ ਵਾਅਦਿਆਂ ਤੋਂ ਭੱਜਦੀ ਨਜ਼ਰ ਆ ਰਹੀ ਹੈ।ਇਸ ਮੌਕੇ ਉਨ੍ਹਾਂ ਨਾਲ ਸ. ਤੇਜਿੰਦਰ ਸਿੰਘ ਸੰਘਰੇੜੀ ਜਿਜ਼ਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਮੈਡਮ ਪਰਮਜੀਤ ਕੌਰ ਵਿਰਕ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਮਹਿਲਾ ਵਿੰਗ, ਧਰਮਿੰਦਰ ਸਿੰਘ ਦੁੱਲਟ, ਇਕਬਾਲਜੀਤ ਸਿੰਘ ਪੂਨੀਆ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ,ਅਮਰਜੀਤ ਸਿੰਘ ਜੀਤ ਪ੍ਰਧਾਨ, ਵਿਕਰਮਜੀਤ ਸਿੰਘ ਵਿੱਕੀ ਕੋਚ, ਜੋਗੀ ਰਾਮ ਸਾਬਕਾ ਐਮਸੀ, ਸਦਰਸ਼ਨ ਸਾਲਦੀ ਤੋਂ ਇਲਾਵਾਂਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ,ਅਮਰਜੀਤ ਸਿੰਘ ਜੀਤ ਪ੍ਰਧਾਨ, ਵਿਕਰਮਜੀਤ ਸਿੰਘ ਵਿੱਕੀ ਕੋਚ, ਜੋਗੀ ਰਾਮ ਸਾਬਕਾ ਐਮਸੀ, ਸਦਰਸ਼ਨ ਸਾਲਦੀ ਤੋਂ ਇਲਾਵ ਭਾਰੀ ਗਿਣਤੀ ਵਿੱਚ ਅਕਾਲੀ ਆਗੂ ਮੌਜੂਦ ਸਨ।

ਵਿੱਕੀ ਗਰਗ ਦਾ ਚੋਣ ਪ੍ਰਚਾਰ ਜ਼ੋਰਾਂ 'ਤੇ



ਸੁਨਾਮ, 21 ਮਈ (ਮੋਹਣ ਸ਼ਰਮਾ /ਰਾਘੂਵਰਿੰਦਰ ਮਠਾੜੂ) : ਆਮ ਆਦਮੀ ਪਾਰਟੀ ਦੀ ਉਮੀਦਵਾਰ ਮੈਡਮ ਸਲੋਨੀ ਵਿੱਕੀ ਗਰਗ ਦੇ ਸਮਰਥਕਾਂ ਨੇ ਸ਼ਹੀਦ-ਏ-ਆਜ਼ਮ ਸਰਦਾਰ ਊਧਮ ਸਿੰਘ ਦੇ ਜਨਮ ਸਥਾਨ ਤੋ

ਧਨੌਲਾ ਪੁਲਿਸ ਵੱਲੋਂ ਲੁੱਟਾਂ-ਖੋਹਾਂ ਕਰਨ ਵਾਲੇ ਗਿਰੋਹ ਦੀਆਂ ਦੋ ਔਰਤਾਂ ਸਮੇਤ ਚਾਰ ਗ੍ਰਿਫ਼ਤਾਰ



ਧਨੌਲਾ, 21 ਮਈ (ਚਮਕੌਰ ਸਿੰਘ ਗੱਗੀ) : ਸਮਾਜ ਵਿਰੋਧੀ ਅਨਸਰਾਂ ਖਿਲਾਫ਼ ਚਲਾਈ ਮੁਹਿੰਮ ਤਹਿਤ ਥਾਣਾ ਧਨੌਲਾ ਦੀ ਪੁਲਿਸ ਪਾਰਟੀ ਨੂੰ ਉਸ ਸਮੇਂ ਵੱਡੀ ਸਫ਼ਲਤਾ ਮਿਲੀ ਜਦੋਂ ਲੁੱਟਾਂ ਖੋਹ ਕਰਨ ਵਾਲੇ ਗਿਰੋਹ ਵਿੱਚ ਸ਼ਾਮਿਲ ਦੋ ਔਰਤਾਂ ਸਮੇਤ ਚਾਰ ਨੂੰ ਗ੍ਰਿਫ਼ਤਾਰ ਕੀਤਾ, ਜਿਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੀ ਐੱਸ ਪੀ ਬਰਨਾਲਾ ਸ਼ਤਬੀਰ ਸਿੰਘ ਬੈਂਸ ਨੇ ਕਿਹਾ ਕਿ ਪਿਛਲੇ ਦਿਨੀਂ ਥਾਣਾ ਧਨੌਲਾ ਅਧੀਨ ਪੈਂਦੇ ਪਿੰਡ ਭੈਣੀ ਜੱਸਾ ਰੋਡ ਤੇ 18 ਮਈ ਨੂੰ ਗੁਰਜੰਟ ਸਿੰਘ ਪੁੱਤਰ ਬੀਰ ਸਿੰਘ ਵਾਸੀ ਭੈਣੀ ਜੱਸਾ ਨੇ ਬਿਆਨ ਤਹਿਰੀਰ ਕਰਵਾਇਆ ਕਿ ਮੈ ਉਕਤ ਪਤੇ ਦਾ ਰਹਿਣ ਵਾਲਾ ਹਾ ਅਤੇ ਖੇਤੀਬਾੜੀ ਦਾ ਕੰਮ ਕਰਦਾ ਹਾ ਮੈ ਕੱਲ ਮਿਤੀ 18-5-26 ਨੂੰ ਸਮੇਤ ਆਪਣੀ ਘਰਵਾਲੀ ਦੇ ਮੋਟਰਸਾਇਕਲ ਪਰ ਸਵਾਰ ਹੋ ਕੇ ਐੱਸ ਬੀ ਆਈ ਬੈਕ ਬਰਨਾਲਾ ਤੋਂ 50 ਹਜਾਰ ,ਧਨੌਲਾ ਪੁੱਜ ਕੇ ਐੱਸ ਬੀ ਆਈ ਬੈਕ ਧਨੌਲਾ ਤੋਂ 50 ਹਜਾਰ ਰੁਪਏ ਕੱਢਵਾਕੇ ਇੱਕ ਝੋਲੇ ਵਿਚ ਪਾ ਲਏ ਜਿਸ ਵਿਚ 25 ਹਜਾਰ ਰੁਪਏ ਪਹਿਲਾ ਹੀ ਸਨ ਉਸ ਝੋਲੇ ਵਿਚ ਬੈਕ ਦੀਆ ਕਾਪੀਆ ,ਮੋਬਾਇਲ ਫੋਨ ਸਾਡੇ ਆਧਾਰ ਕਾਰਡ ਅਤੇ ਹੋਰ ਜਰੂਰੀ ਦਸਤਾਵੇਜ ਵੀ ਸਨ ਜਿਸਤੋਂ ਬਾਅਦ ਅਸੀ ਆਪਣੇ ਪਿੰਡ ਭੈਣੀ ਜੱਸਾ ਨੂੰ ਚੱਲ ਪਏ ਸੀ ਤਾ ਜਦੋਂ ਅਸੀ ਬਾਜੀਗਰ ਬਸਤੀ ਧਨੌਲਾ ਲੰਘ ਕੇ ਕੋਕਾ ਕੋਲਾ ਕੰਪਨੀ ਦੇ ਡੰਪ ਤੋਂ ਕਰੀਬ 100 ਮੀਟਰ ਪਿੱਛੇ ਬਾਹੱਦ ਧਨੌਲਾ ਪੁੱਜੇ ਤਾ ਵਕਤ ਕਰੀਬ 1.30 ਵਜੇ ਦੁਪਿਹਰ ਦਾ ਹੋਵੇਗਾ ਕਿ ਸਾਡੇ ਪਿੱਛੇ ਇੱਕ ਚਿੱਟੇ ਰੰਗ ਦੀ ਗੱਡੀ ਆਈ ਜਿਸ ਵਿਚ 03 ਵਿਅਕਤੀ ਸਵਾਰ ਸਨ ਜਿੰਨਾ ਨੇ ਸਾਡਾ ਮੋਟਰਸਾਇਕਲ ਰੋਕ ਲਿਆ ਅਤੇ ਝਪਟ ਮਾਰਕੇ ਸਾਡਾ ਪੈਸਿਆ ਵਾਲਾ ਝੋਲਾ ਖੋਹ ਕੇ ਗੱਡੀ ਪਰ ਸਵਾਰ ਹੋ ਕੇ ਫਰਾਰ ਹੋ ਗਏ ਜਿਸਤੇ ਬਿਆਨ ਦੇ ਆਧਾਰ ਪਰ ਥਾਣਾ ਧਨੌਲਾ ਵਿਖੇ ਮੁਕੱਦਮਾ ਨੰਬਰ 85 ਅ/ਧ 304,3(5) ਬੀ.ਐਨ.ਐਸ ਥਾਣਾ ਧਨੌਲਾ

ਦਰਜ ਰਜਿਸਟਰ ਕੀਤਾ ਗਿਆ ਹੈ ।ਜਿਸ ਤੋਂ ਬਾਦ ਥਾਣਾ ਧਨੌਲਾ ਦੇ ਮੁਖੀ ਇੰਸਪੇਕਟਰ ਗੁਰਵਿੰਦਰ ਸਿੰਘ ਦੀ ਅਗਵਾਈ ਵਿੱਚ ਸਬ ਇੰਸਪੇਕਟਰ ਮਨਜੀਤ ਸਿੰਘ ਸਮੇਤ ਪੁਲਿਸ ਪਾਰਟੀ ਨੇ ਇਹਨਦੀ ਪੈੜ ਨੱਪਣੀ ਸ਼ੁਰੂ ਕਰ ਦਿੱਤੀ ਅਤੇ ਸੀ ਸੀ ਟੀਵੀ ਅਤੇ ਹੋਰ ਟੈਕਨੀਕਲ ਵਿੰਗ ਦੀ ਸਹਾਇਤਾ ਨਾਲ ਲੁੱਟ ਖੋਹ ਕਰਨ ਵਾਲੇ ਗਿਰੋਹ ਦੇ ਮੈਂਬਰ ਦੋ ਔਰਤਾਂ ਸਮੇਤ ਚਾਰ ਨੂੰ ਗਿਰਫਤਾਰ ਕਰਨ ਵਿੱਚ ਸਫ਼ਲਤਾ ਮਿਲੀ, ਜਿਨਾ ਦੇ ਕਬਜੇ ਵਿੱਚੋਂ ਖੋਹ ਕੀਤੀ ਨਗਦੀ 20 ਹਜਾਰ ਬਰਾਮਦ ਕੀਤੀ ਗਈ, ਗਿਰਫ਼ਤਾਰ ਕੀਤੇ ਗਈਆਂ ਔਰਤਾਂ ਦੀ ਪਹਿਚਾਣ ਕੁਲਵਿੰਦਰ ਕੌਰ ਉਰਫ ਗੋਰੀ ਪਤਨੀ ਕੁੱਕੂ ਸਿੰਘ ਵਾਸੀ ਭੱਠਲਾ ,ਜਸਵਿੰਦਰ ਕੌਰ ਪਤਨੀ ਗੁਰਜੀਤ ਸਿੰਘ ਵਾਸੀ ਬ੍ਰਹਮਪੁਰਾ ਜਿਲਾ ਲੁਧਿਆਣਾ ,ਸੁਖਵਿੰਦਰ ਸਿੰਘ ਉਰਫ ਗੱਗੂ ਪੁੱਤਰ ਕਰਮਜੀਤ ਸਿੰਘ ਵਾਸੀ ਸਹਾਰੀਆ ਪੱਤੀ ਧਨੌਲਾ ,ਸੁਖਵੀਰ ਸਿੰਘ ਪੁੱਤਰ ਮਨਿੰਦਰ ਸਿੰਘ ਵਾਸੀ ਦਾਨਗੜ ਵਜੋਂ ਹੋਈ ਹੈ। ਜਿਨਾ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰ ਰਿਮਾਂਡ ਹਾਸਲ ਕਰ ਹੋਰ ਵੀ ਖੁਲਾਸੇ ਹੋਣ ਦੀ ਉਮੀਦ ਹੈ।

ਐਮ.ਸੀ. ਚੋਣਾਂ ਕਾਰਨ ਕੋਆਪ੍ਰੇਟਿਵ ਬੈਂਕ ਰਹਿਣਗੇ ਪ੍ਰਭਾਵਿਤ

ਕਿਸਾਨਾਂ ਨੇ ਪ੍ਰਗਟਾਈ ਚਿੰਤਾ

ਬਰਨਾਲਾ, 21 ਮਈ (ਇਸ਼ੇਨ ਕੰਗ) : ਨਗਰ ਕੌਂਸਲ ਚੋਣਾਂ ਲਈ ਕੋਆਪ੍ਰੇਟਿਵ ਬੈਂਕਾਂ ਦੇ ਸਟਾਫ਼ ਦੀ ਚੋਣ ਡਿਊਟੀ ਵਿੱਚ ਤਾਇਨਾਤੀ ਹੋਣ ਕਾਰਨ ਜ਼ਿਲ੍ਹਾ ਬਰਨਾਲਾ ਦੀਆਂ ਜ਼ਿਆਦਾਤਰ ਕੋਆਪ੍ਰੇਟਿਵ ਬੈਂਕ ਸ਼ਾਖਾਵਾਂ ਆਉਣ ਵਾਲੇ ਦਿਨਾਂ ਦੌਰਾਨ ਬੰਦ ਰਹਿਣਗੀਆਂ, ਜਿਸ ਨਾਲ ਕਿਸਾਨਾਂ ਅਤੇ ਆਮ ਲੋਕਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਜਾਣਕਾਰੀ ਅਨੁਸਾਰ ਸ਼ੁੱਕਰਵਾਰ ਨੂੰ ਚੋਣਾਂ ਸੰਬੰਧੀ ਰਿਹਰਸਲ ਹੋਵੇਗੀ, ਜਦਕਿ ਸ਼ਨੀਵਾਰ ਅਤੇ ਐਤਵਾਰ ਨੂੰ ਸਰਕਾਰੀ ਛੁੱਟੀਆਂ ਕਾਰਨ ਬੈਂਕ ਪਹਿਲਾਂ ਹੀ ਬੰਦ ਰਹਿਣਗੇ। ਸੋਮਵਾਰ ਨੂੰ ਚੋਣ ਪਾਰਟੀਆਂ ਵੱਲੋਂ ਚੋਣ ਸਮੱਗਰੀ ਪ੍ਰਾਪਤ ਕੀਤੀ ਜਾਵੇਗੀ ਅਤੇ ਮੰਗਲਵਾਰ ਨੂੰ ਵੋਟਿੰਗ ਹੋਣੀ ਹੈ। ਇਸ ਤੋਂ ਬਾਅਦ ਬੁੱਧਵਾਰ ਨੂੰ ਵੀ ਛੁੱਟੀ ਰਹੇਗੀ। ਇਸ ਤਰ੍ਹਾਂ ਬੈਂਕਾਂ ਦੀ ਕਾਰਗੁਜ਼ਾਰੀ ਲਗਭਗ ਇੱਕ ਹਫ਼ਤੇ ਲਈ ਪ੍ਰਭਾਵਿਤ ਰਹਿਣ ਦੀ ਸੰਭਾਵਨਾ ਹੈ। ਕਿਸਾਨਾਂ ਨੇ ਦੱਸਿਆ ਕਿ ਸਰਕਾਰ ਵੱਲੋਂ ਲਿਮਟ ਵਾਪਸ ਲੈਣ ਕਾਰਨ ਉਹ ਪਹਿਲਾਂ ਹੀ ਆਰਥਿਕ ਤੰਗੀ ਅਤੇ ਪਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ। ਇਸ ਤੋਂ ਇਲਾਵਾ ਕੈਸ਼ ਸਬੰਧੀ ਤਕਨੀਕੀ ਅਤੇ ਸੰਪਰਕ ਸਮੱਸਿਆਵਾਂ ਕਾਰਨ ਲੋਕਾਂ ਦੇ ਬੈਂਕਿੰਗ ਕੰਮ ਪ੍ਰਭਾਵਿਤ ਹੋ ਰਹੇ ਹਨ। ਹੁਣ ਕੋਆਪ੍ਰੇਟਿਵ ਬੈਂਕਾਂ ਦੇ ਬੰਦ ਰਹਿਣ ਨਾਲ ਕਿਸਾਨਾਂ ਨੂੰ ਖੇਤੀਬਾੜੀ ਅਤੇ ਰੋਜ਼ਾਨਾ ਦੇ ਵਿੱਤੀ ਕੰਮਕਾਜ ਵਿੱਚ ਹੋਰ ਮੁਸ਼ਕਲਾਂ ਆਉਣਗੀਆਂ। ਕਿਸਾਨ ਜਥੇਬੰਦੀਆਂ ਨੇ ਜ਼ਿਲ੍ਹਾ ਚੋਣ ਅਫ਼ਸਰ ਤੋਂ ਮੰਗ ਕੀਤੀ ਹੈ ਕਿ ਇੱਕੋ ਬੈਂਕ ਦੇ ਪੂਰੇ ਸਟਾਫ਼ ਨੂੰ ਚੋਣ ਡਿਊਟੀ 'ਤੇ ਤਾਇਨਾਤ ਨਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਹੋਰ ਵਿਭਾਗਾਂ ਦੇ ਕਰਮਚਾਰੀਆਂ ਨੂੰ ਵੀ ਚੋਣ ਡਿਊਟੀ ਵਿੱਚ ਸ਼ਾਮਲ ਕੀਤਾ ਜਾਵੇ ਤਾਂ ਜੋ ਸਾਰੇ ਸਰਕਾਰੀ ਵਿਭਾਗਾਂ ਦਾ ਕੰਮ ਸੁਚਾਰੂ ਢੰਗ ਨਾਲ ਚੱਲਦਾ ਰਹੇ ਅਤੇ ਲੋਕਾਂ, ਖ਼ਾਸ ਕਰਕੇ ਕਿਸਾਨਾਂ ਨੂੰ, ਬੇਵਜ੍ਹਾ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਬੱਚਿਆਂ ਨੂੰ ਸਕਾਰਤਮਕ ਸੋਚ ਪ੍ਰਤੀ ਜਾਗਰੂਕ ਕਰਨ ਲਈ ਸੈਮੀਨਾਰ



ਧਨੌਲਾ, 21 ਮਈ (ਚਮਕੌਰ ਸਿੰਘ ਗੱਗੀ) : ਗਰੀਨ ਫ਼ੀਲਡ ਕਾਨਵੈਂਟ (ਸੀਨੀਅਰ ਸੈਕੰਡਰੀ)ਸਕੂਲ ਦਾਨਗੜ੍ਹ ਵਿਖੇ ਬੱਚਿਆਂ ਨੂੰ ਸਕਾਰਤਮਕ ਸੋਚ ਪ੍ਰਤੀ ਜਾਗਰੂਕ ਕਰਨ ਲਈ ਸੈਮੀਨਾਰ ਕਰਵਾਇਆ ਗਿਆ। ਇਹ ਸੈਮੀਨਾਰ ਮੈਡਮ ਸੰਦੀਪ ਕੌਰ ਦੀ ਅਗਵਾਈ ਹੇਠ ਕਰਵਾਇਆ ਗਿਆ।ਇਸ ਵਿੱਚ ਬੱਚਿਆਂ ਨੂੰ ਦੱਸਿਆ ਗਿਆ ਕਿ ਕਿਸ ਤਰ੍ਹਾਂ ਸਕਾਰਤਮਕ ਸੋਚ ਆਪਣੇ ਦਿਮਾਗ ਦੇ ਪੱਧਰ ਨੂੰ ਉੱਚਾ ਰੱਖਦੀ ਹੈ ਅਤੇ ਇਨਸਾਨ ਨੂੰ ਖੁਸ਼ ਰਹਿਣ ਵਿੱਚ ਮੱਦਦਗਾਰ ਸਾਬਿਤ ਹੁੰਦੀ ਹੈ। ਇਸ ਸੋਚ ਨਾਲ ਅਸੀਂ ਆਪਣੀ ਜ਼ਿੰਦਗੀ ਦੇ ਹਰ ਮੁਕਾਮ ਨੂੰ ਹਾਸਿਲ ਕਰ ਸਕਦੇ ਹਾਂ । ਉਨ੍ਹਾਂ ਨੇ ਬੱਚਿਆਂ ਨੂੰ ਵਿਸਥਾਰ ਸਹਿਤ ਦੱਸਿਆ ਕਿ ਇਹ ਸੋਚ ਓਦੋਂ ਪੈਦਾ ਹੁੰਦੀ ਹੈ ,ਜਦੋਂ ਅਸੀਂ ਆਪਣੇ ਆਪ ਨਾਲ ਗੱਲਾਂ ਕਰਦੇ ਹਾਂ ਅਤੇ ਦਿਮਾਗ ਵਿੱਚ ਬਹੁਤ ਤਰ੍ਹਾਂ ਦੇ ਵਿਚਾਰ ਆਉਂਦੇ ਹਨ ਪਰ ਸਾਨੂੰ ਚੰਗੇ ਵਿਚਾਰਾਂ ਨੂੰ ਪਹਿਲ ਦੇਣੀ ਚਾਹੀਦੀ ਹੈ। ਚੰਗੇ ਵਿਚਾਰਾਂ ਨਾਲ ਸਾਡਾ ਸਮਾਜ ਨਾਲ ਵੀ ਚੰਗਾ ਵਿਵਹਾਰ ਰਹੇਗਾ । ਇਸ ਸੈਮੀਨਾਰ ਦਾ ਮੁੱਖ ਮੰਤਵ ਵਿਦਿਆਰਥੀਆਂ ਵਿੱਚ ਸਕਾਰਤਮਕ ਸੋਚ ਪੈਦਾ ਕਰਨਾ ਹੈ। ਇਸ ਮੌਕੇ ਚੇਅਰਮੈਨ ਸ.ਸੁਖਮਿੰਦਰ ਸਿੰਘ ਗਿੱਲ ਨੇ ਇਸ ਸੈਮੀਨਾਰ ਦੀ ਖੂਬ ਪ੍ਰਸੰਸਾ ਕੀਤੀ। ਉਹਨਾਂ ਨੇ ਕਿਹਾ ਕਿ ਅਜਿਹੇ ਸੈਮੀਨਾਰ ਅਜੋਕੇ ਸਮੇਂ ਦੀ ਮੁੱਖ ਲੋੜ ਹਨ । ਸਕਾਰਤਮਕ ਸੋਚ ਰੱਖਣ ਨਾਲ ਵਿਦਿਆਰਥੀ ਆਪਣੀ ਜ਼ਿੰਦਗੀ ਦੇ ਪੱਧਰ ਨੂੰ ਉੱਚਾ ਚੁੱਕ ਕੇ ਸਮਾਜ ਲਈ ਇੱਕ ਚੰਗਾ ਇਨਸਾਨ ਕਹਾਉਂਦਾ ਹੈ। ਇਸ ਮੌਕੇ ਪ੍ਰਿੰਸੀਪਲ ਪ੍ਰੀਤ ਕਮਲ ਸ਼ਰਮਾ, ਵਾਈਸ ਪ੍ਰਿੰਸੀਪਲ ਜਸਵੀਰ ਕੌਰ, ਇੰਚਾਰਜ ਅਜਿੰਦਰਪਾਲ ਟਿਵਾਣਾ ਅਤੇ ਡੀ.ਪੀ.ਈ. ਸੁਖਵੀਰ ਸਿੰਘ ਸਿੱਧੂ ਆਦਿ ਹਾਜ਼ਰ ਸਨ ।

ਮਹਿਲ ਕਲਾਂ ਦੇ ਸਿਹਤ ਕੇਂਦਰਾਂ 'ਚ ਮਨਾਇਆ ਮਮਤਾ ਦਿਵਸ, ਗਰਭਵਤੀ ਮਹਿਲਾਵਾਂ ਤੇ ਬੱਚਿਆਂ ਦੇ ਟੀਕਾਕਰਨ ਬਾਰੇ ਕੀਤਾ ਜਾਗਰੂਕ



ਮਹਿਲ ਕਲਾਂ/ਬਰਨਾਲਾ, 21 ਮਈ (ਬਘੇਲ ਸਿੰਘ ਧਾਲੀਵਾਲ) : ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੀਨੀਅਰ ਮੈਡੀਕਲ ਅਫ਼ਸਰ ਡਾ. ਗੁਰਤੇਜਿੰਦਰ ਕੌਰ ਦੀ ਅਗਵਾਈ ਹੇਠ ਬਲਾਕ ਮਹਿਲ ਕਲਾਂ ਅਧੀਨ ਵੱਖ-ਵੱਖ ਸਿਹਤ ਕੇਂਦਰਾਂ 'ਤੇ ਮਮਤਾ ਦਿਵਸ ਮਨਾਇਆ ਗਿਆ। ਇਸ ਮੌਕੇ ਪਿੰਡ ਵਜੀਦਕੇ ਖੁਰਦ ਵਿਖੇ ਟੀਕਾਕਰਨ ਦੀਆਂ ਸੇਵਾਵਾਂ ਦੇ ਰਹੇ ਮਲਟੀਪਰਪਜ਼ ਹੈਲਥ ਵਰਕਰ ਰਮਨਦੀਪ ਸ਼ਰਮਾ ਨੇ ਕਿਹਾ ਕਿ ਮਮਤਾ ਦਿਵਸ @ਤੇ ਗਰਭਵਤੀ ਮਹਿਲਾਵਾਂ ਅਤੇ ਬੱਚਿਆਂ ਦਾ ਟੀਕਾਕਰਨ ਕੀਤਾ ਜਾਂਦਾ ਹੈ, ਤਾਂ ਜੋ ਜੱਚਾ ਬੱਚਾ ਦੋਵੇਂ ਤੰਦਰੁਸਤ ਰਹਿਣ ਅਤੇ ਬੱਚਿਆਂ ਨੂੰ ਟੀਕਾਕਰਨ ਕਰਵਾ ਕੇ 10 ਮਾਰੂ ਰੋਗਾਂ ਤੋਂ ਬਚਾਇਆ ਜਾ ਸਕੇ। ਇਸ ਮੌਕੇ @ਤੇ ਸੀ ਐਚ ਓ ਮਨਦੀਪ ਕੌਰ ਨੇ ਦੱਸਿਆ ਕਿ ਟੀਕਾਕਰਨ ਕਰਵਾਉਣ ਲਈ ਆਉਣ ਵਾਲੀ ਮਾਵਾਂ ਤੇ ਗਰਭਵਤੀ ਔਰਤਾਂ ਨੂੰ ਸਿਹਤ ਸੰਭਾਲ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਵੀ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਨਵਜਨਮੇ ਬੱਚੇ ਨੂੰ ਗੁੜਤੀ ਨਾ ਦਿੱਤੀ ਜਾਵੇ ਅਤੇ ਬੱਚੇ ਨੂੰ ਇੰਨਫੈਕਸ਼ਨ ਤੋਂ ਦੂਰ ਰੱਖਣ ਲਈ ਹੱਥਾਂ ਨੂੰ ਚੰਗੀ ਤਰ੍ਹਾਂ ਸਾਬਣ ਨਾਲ ਧੋ ਕੇ ਸਾਫ ਕਰਿਆ ਜਾਵੇ ਫਿਰ ਬੱਚੇ ਨੂੰ ਚੁੱਕਿਆ ਜਾਵੇ। ਇਸ ਦੇ ਨਾਲ ਹੀ ਗਰਭਵਤੀ ਔਰਤਾਂ ਨੂੰ ਲਗਾਤਾਰ ਸਮੇਂ ਸਮੇਂ @ਤੇ ਆਪਣਾ ਚੈੱਕਅਪ ਨੇੜਲੇ ਸਿਹਤ ਕੇਂਦਰ ਵਿੱਚ ਕਰਵਾਉਣਾ ਚਾਹੀਦਾ ਹੈ ਤਾਂ ਜੋ ਬੱਚੇ ਦੇ ਜਨਮ ਸਮੇਂ ਕੋਈ ਮੁਸ਼ਕਲ ਪੇਸ਼ ਨਾ ਆਵੇ। ਇਸ ਮੌਕੇ ਸਿਹਤ ਵਰਕਰ ਗੁਰਮੇਲ ਸਿੰਘ ਅਤੇ ਆਸ਼ਾ ਵਰਕਰਾਂ ਹਾਜ਼ਰ ਸਨ।

ਸਿਵਲ ਹਸਪਤਾਲ ਬਰਨਾਲਾ ਵਿੱਚ ਕੇਅਰ ਕੰਪੇਨੀਅਨ ਪ੍ਰੋਗਰਾਮ ਤਹਿਤ ਨਰਸਿੰਗ ਸਟਾਫ਼ ਨੂੰ ਦਿੱਤੀ ਵਿਸ਼ੇਸ਼ ਸਿਖਲਾਈ



ਬਰਨਾਲਾ, 21 ਮਈ (ਬਘੇਲ ਸਿੰਘ ਧਾਲੀਵਾਲ) : ਕੇਅਰ ਕੰਪੇਨੀਅਨ ਪ੍ਰੋਗਰਾਮ ਤਹਿਤ ਨਰਸਿੰਗ ਸਟਾਫ਼ ਸਿਵਲ ਹਸਪਤਾਲ ਬਰਨਾਲਾ ਦੀ ਟ੍ਰੇਨਿੰਗ ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਸਿੱਧੂ ਦੀ ਅਗਵਾਈ ਹੇਠ ਮਨਪ੍ਰੀਤ ,ਕੌਰ ਸਟੇਟ ਪ੍ਰੋਗਰਾਮ ਕੋਆਰਡੀਨੇਟਰ ਵੱਲੋਂ ਕਰਵਾਈ ਗਈ । ਇਸ ਸਿਖਲਾਈ ਪ੍ਰੋਗਰਾਮ ਵਿੱਚ ਗਰਭਵਤੀ ਔਰਤਾਂ, ਬੱਚਿਆਂ ਨੂੰ ਦੁੱਧ ਪਿਲਾਉਣ ਵਾਲੀਆਂ ਮਾਂਵਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਗਰਭ ਅਵਸਥਾ ਦੌਰਾਨ ਖਤਰੇ ਦੇ ਚਿੰਨ੍ਹ, ਦੇਖਭਾਲ ਕਰਨ ਦੇ ਤਰੀਕੇ ,ਗੈਰ ਸੰਚਾਰੀ ਬਿਮਾਰੀਆਂ, ਪੌਸਟਿਕ ਖੁਰਾਕ ਅਤੇ ਮੋਬਾਇਲ ਕੇਅਰ ਕੰਪੇਨੀਅਨ ਸੇਵਾ ਸਬੰਧੀ ਜਾਣਕਾਰੀ ਦਿੱਤੀ ਗਈ। ਵਿਭਾਗ ਵੱਲੋਂ ਟੋਲ ਫ੍ਰੀ ਨੰਬਰ 18008899389 ਬਾਰੇ ਜਾਣਕਾਰੀ ਦਿੱਤੀ ਗਈ ਕਿ ਸਿਹਤ ਸਬੰਧੀ ਕੋਈ ਵੀ ਜਾਣਕਾਰੀ ਕਿਸੇ ਵੀ ਸਮੇਂ ਲਈ ਜਾ ਸਕਦੀ ਹੈ । ਇਸ ਸਮੇਂ ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਸਿੱਧੂ ,ਸੀਨੀਅਰ ਮੈਡੀਕਲ ਅਫ਼ਸਰ ਡਾ. ਇੰਦੂ ਬਾਂਸਲ ਅਤੇ ਸਟੇਟ ਪ੍ਰੋਗਰਾਮ ਅਫ਼ਸਰ ਵੱਲੋਂ ਸਿਖਲਾਈ ਪ੍ਰਾਪਤ ਨਰਸਿੰਗ ਸਟਾਫ਼ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਸਮੇਂ ਕੁਲਦੀਪ ਸਿੰਘ ਮਾਨ ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫ਼ਸਰ, ਕੁਲਵੰਤ ਸਿੰਘ ਜ਼ਿਲ੍ਹਾ ਪ੍ਰੋਗਰਾਮ ਮੈਨੇਜਰ, ਬਲਰਾਜ ਸਿੰਘ ਡਿਪਟੀ ਮਾਸ ਮੀਡੀਆ ਤੇ ਸੂਚਨਾ ਅਫ਼ਸਰ, ਹਰਜੀਤ ਸਿੰਘ ਜ਼ਿਲ੍ਹਾ ਬੀ ਸੀ ਸੀ ਕੋਆਰਡੀਨੇਟਰ ਹਾਜ਼ਰ ਸਨ।

ਨੰਦੇੜ ਸਾਹਿਬ ਨੂੰ ਜਾਣ ਅਤੇ ਆਉਣ ਵਾਲੇ ਯਾਤਰੀਆਂ ਦੀ ਲੰਗਰ ਅਤੇ ਜਲ ਨਾਲ ਸੇਵਾ



ਬਰਨਾਲਾ, 21 ਮਈ (ਸੁਖਵਿੰਦਰ ਸਿੰਘ ਭੰਡਾਰੀ) : ਸ੍ਰੀ ਗੁਰੂ ਰਾਮਦਾਸ ਸਾਹਿਬ ਲੰਗਰ ਅਤੇ ਜਲ ਸੇਵਾ ਕਮੇਟੀ (ਰਜਿ:) ਬਰਨਾਲਾ ਵੱਲੋਂ ਪਿਛਲੇ 15 ਸਾਲਾਂ ਤੋਂ ਰੇਲਵੇ ਸਟੇਸ਼ਨ ਬਰਨਾਲਾ ਤੇ ਨੰਦੇੜ ਸਾਹਿਬ ਨੂੰ ਜਾਣ ਅਤੇ ਆਉਣ ਵਾਲੀਆਂ ਗੱਡੀਆਂ ਦੀ ਸੰਗਤ ਨੂੰ ਹਰ ਮੰਗਲਵਾਰ, ਸ਼ੁਕਰਵਾਰ ਅਤੇ ਸਨਿਚਰਵਾਰ ਵਾਲੇ ਦਿਨ ਲੰਗਰ ਛਕਾਇਆ ਜਾਂਦਾ ਹੈ। ਲੰਗਰ ਅਤੇ ਜਲ ਸੇਵਾ ਕਮੇਟੀ ਦੇ ਸਰਪ੍ਰਸਤ ਬਸੰਤ ਕੁਮਾਰ ਗੋਇਲ, ਭੰਤ ਰਾਜ, ਬਲਵਿੰਦਰ ਸਿੰਘ ਪਨੇਸਰ, ਸੁਖਜਿੰਦਰ ਸਿੰਘ ਲੋਟੇ ਅਤੇ ਉੱਗਰ ਸਿੰਘ ਨੇ ਦੱਸਿਆ ਕਿ ਕਮੇਟੀ ਮੈਂਬਰ ਬਹੁਤ ਸਾਫ਼ ਸੁਥਰਾ ਲੰਗਰ ਆਪਣੇ ਹੱਥੀ ਤਿਆਰ ਕਰਕੇ ਸੰਗਤਾਂ ਨੂੰ ਛਕਾਉਂਦੇ ਹਨ ਅਤੇ ਰੋਜ਼ਾਨਾ ਠੰਡਾ ਜਲ ਵੀ ਸੰਗਤਾਂ ਨੂੰ ਛਕਾਇਆ ਜਾਂਦਾ ਹੈ। ਲੰਗਰ ਦੇ ਪੈਕਟ ਬਣਾ ਕੇ ਅਤੇ ਖੁੱਲ੍ਹਾ ਲੰਗਰ ਦੋਨਾਂ ਤਰ੍ਹਾਂ ਵਰਤਾਇਆ ਜਾਂਦਾ ਹੈ। ਇਸ ਮੌਕੇ ਸੁਖਜਿੰਦਰ ਸਿੰਘ ਸੰਘੇੜਾ ਜੇ ਈ ਨੇ ਚਾਵਲਾਂ ਦੀ ਸੇਵਾ ਦਾ ਯੋਗਦਾਨ ਪਾਇਆ। ਲੰਗਰ ਕਮੇਟੀ ਦੇ ਮੈਂਬਰ ਗੁਰੂ ਨਾਨਕ ਦੇਵ ਜੀ ਦੀ ਨਾਮ ਜਪੋ, ਕਿਰਤ ਕਰੋ ਤੇ ਵੰਡ ਛਕੋ ਦੀ ਸਿੱਖਿਆ ਤੇ ਅਮਲ ਕਰਦੇ ਹੋਏ ਮਾਨਵਤਾ ਦੀ ਸੇਵਾ ਕਰਦੇ ਹਨ ਅਤੇ ਹਰ ਸੇਵਾਦਾਰ ਚ ਬਹੁਤ ਜਿਆਦਾ ਨਿਮਰਤਾ ਦੇਖਣ ਨੂੰ ਮਿਲਦੀ ਹੈ। ਐਨਾ ਹੀ ਨਹੀਂ ਬਰਨਾਲਾ ਤੋਂ ਲੈ ਕੇ ਧੂਰੀ ਅਤੇ ਰਾਮਪੁਰੇ ਤੱਕ ਲੰਗਰ ਦੇ ਪੈਕਟ ਵਰਤਾਏ ਜਾਂਦੇ ਹਨ ਤਾਂ ਜੋ ਲੋੜ ਪੈਣ ਤੇ ਸੰਗਤਾਂ ਰਸਤੇ ਚ ਲੰਗਰ ਛੱਕ ਲੈਣ। ਇਸ ਮੌਕੇ ਗੁਲਾਬ ਸਿੰਘ, ਭਗਤ ਸਿੰਘ ਸੰਘੇੜਾ, ਨਵਦੀਪ ਸਿੰਘ ਬੋਬੀ, ਇੰਦਰਜੀਤ ਸਿੰਘ, ਸੁਰਜੀਤ ਸਿੰਘ, ਹਰਦੇਵ ਸਿੰਘ, ਜਗਸੀਰ ਸਿੰਘ ਮਾਛੀਕੇ, ਕੇਵਲ ਕ੍ਰਿਸ਼ਨ ਗਰਗ ਆਦਿ ਤੋਂ ਇਲਾਵਾ ਬੀਬੀਆਂ ਵੱਲ੍ਹੋਂ ਵੀ ਲੰਗਰ ਤਿਆਰ ਕਰਨ ਚ ਪੂਰਾ ਯੋਗਦਾਨ ਪ



ਪਟਿਆਲਾ-ਆਸ/ਪਾਸ



ਕਾਰ ਦੀ ਟੱਕਰ ਨਾਲ ਮੋਟਰਸਾਈਕਲ ਸਵਾਰ ਨੌਜਵਾਨ ਦੀ ਮੌਤ, ਮੁਲਜ਼ਮ ਕਾਰ ਚਾਲਕ ਫ਼ਰਾਰ



ਸਮਾਣਾ, 21 ਮਈ (ਵਿਜੇ ਕੁਮਾਰ) : ਸਮਾਣਾ-ਭਵਾਨੀਗੜ੍ਹ ਰੋਡ 'ਤੇ ਪੈਂਦੇ ਪਿੰਡ ਫ਼ਤਿਹਗੜ੍ਹ ਛੰਨਾ ਨੇੜੇ ਇੱਕ ਕਾਰ ਦੀ ਟੱਕਰ ਵੱਜਣ ਕਾਰਨ ਮੋਟਰਸਾਈਕਲ ਸਵਾਰ ਨੌਜਵਾਨ ਦੀ ਮੌਤ ਹੋਣ ਦਾ ਦੁਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ। ਮ੍ਰਿਤਕ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ। ਹਾਦਸੇ ਤੋਂ ਬਾਅਦ ਮੁਲਜ਼ਮ ਚਾਲਕ ਆਪਣੀ ਹਾਦਸਾਗ੍ਰਸਤ ਕਾਰ ਸਮੇਤ ਮੌਕੇ ਤੋਂ ਫ਼ਰਾਰ ਹੋ ਗਿਆ। ਮਾਮਲੇ ਦੀ ਜਾਂਚ ਕਰ ਰਹੇ ਗਾਜੇਵਾਸ ਪੁਲਿਸ ਚੌਕੀ ਦੇ ਏ.ਐੱਸ.ਆਈ. ਹਰਮਿੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੀ ਜਸਵਿੰਦਰ ਸਿੰਘ (34), ਨਿਵਾਸੀ ਪਿੰਡ ਅਸਰਪੁਰ ਚੁਪਕੀ ਦੇ ਭਰਾ ਵਿੱਕਰ ਸਿੰਘ ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ, ਬੁੱਧਵਾਰ ਸਵੇਰੇ ਲਗਭਗ 9 ਵਜੇ ਉਸ ਦਾ ਭਰਾ ਕਿਸੇ ਭੋਗ ਸਮਾਗਮ ਵਿੱਚ ਸ਼ਾਮਲ ਹੋਣ ਲਈ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਪਣੇ ਪਿੰਡ ਤੋਂ ਭਵਾਨੀਗੜ੍ਹ ਵੱਲ ਜਾ ਰਿਹਾ ਸੀ, ਜਦੋਂ ਉਹ ਪਿੰਡ ਫ਼ਤਿਹਗੜ੍ਹ ਛੰਨਾ ਨੇੜੇ ਪਹੁੰਚਿਆ ਤਾਂ ਇੱਕ ਤੇਜ਼ ਰਫ਼ਤਾਰ ਕਾਰ ਚਾਲਕ ਨੇ ਲਾਪਰਵਾਹੀ ਨਾਲ ਆਪਣੀ ਕਾਰ ਉਸ ਦੇ ਮੋਟਰਸਾਈਕਲ ਵਿੱਚ ਮਾਰ ਦਿੱਤੀ। ਗੰਭੀਰ ਹਾਲਤ ਵਿੱਚ ਜਸਵਿੰਦਰ ਸਿੰਘ ਨੂੰ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਅਧਿਕਾਰੀ ਅਨੁਸਾਰ, ਪੁਲਿਸ ਨੇ ਮੁਲਜ਼ਮ ਕਾਰ ਚਾਲਕ ਵਿੱਕੀ ਪੁੱਤਰ ਰਣਜੀਤ ਸਿੰਘ ਨਿਵਾਸੀ ਨਾਭਾ ਖ਼ਿਲਾਫ਼ ਮਾਮਲਾ ਦਰਜ ਕਰਕੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਜਦੋਂਕਿ ਪੋਸਟਮਾਰਟਮ ਕਰਵਾਉਣ ਤੋਂ ਬਾਅਦ ਮ੍ਰਿਤਕ ਦੀ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਗਈ ਹੈ। ਮ੍ਰਿਤਕ ਅਣਵਿਆਹਿਆ ਸੀ।

ਪੰਚਮੀ ਦੇ ਸ਼ੁੱਭ ਦਿਹਾੜੇ ਮੌਕੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਸੰਗਤਾਂ ਵੱਡੀ ਗਿਣਤੀ 'ਚ ਹੋਈਆਂ ਨਤਮਸਤਕ

➢ਸ਼ਰਧਾਲੂਆਂ ਨੇ ਪਵਿੱਤਰ ਸਰੋਵਰ 'ਚ ਇਸ਼ਨਾਨ ਕੀਤਾ, ਢਾਡੀ ਕਵੀਸ਼ਰੀ ਜਥਿਆਂ ਨੇ ਸੁਣਾਇਆ ਇਤਿਹਾਸ



ਪਟਿਆਲਾ 21 ਮਈ (ਰੁਪਾਣਾ/ਵਿਨੋਦ ਸ਼ਰਮਾ/ਅਮਰਜੀਤ) : ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨਛੋਹ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਪੰਚਮੀ ਦੇ ਦਿਹਾੜੇ ਮੌਕੇ ਸੰਗਤਾਂ ਵੱਡੀ ਗਿਣਤੀ ਵਿਚ ਗੁਰੂ ਦਰਬਾਰ ਵਿਖੇ ਨਤਮਸਤਕ ਹੋਈਆਂ। ਤੜਕਸਵੇਰੇ ਕਵਾੜ ਖੁੱਲ੍ਹਣ ਮਗਰੋਂ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਸੰਗਤਾਂ ਨੇ ਹਜ਼ੂਰੀ ਰਾਗੀ ਕੀਰਤਨੀ ਜੱਥਿਆਂ ਪਾਸੋਂ ਚਲਾਏ ਕੀਰਤਨ ਪ੍ਰਵਾਹ ਦਾ ਆਨੰਦ ਵੀ ਮਾਣਿਆ। ਇਸ ਮੌਕੇ ਵੱਡੀ ਗਿਣਤੀ ਵਿਚ ਨਤਮਸਤਕ ਹੋਣ ਪੁੱਜੀਆਂ ਸੰਗਤਾਂ ਨੇ ਜਿਥੇ ਪੰਗਤ ਅਤੇ ਸੰਗਤ ਕੀਤੀ, ਉਥੇ ਹੀ ਪਵਿੱਤਰ ਸਰੋਵਰ ਵਿਚ ਇਸ਼ਨਾਨ ਵੀ ਕੀਤਾ। ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਧਾਰਮਕ ਦੀਵਾਨ ਸਜਾਏ ਗਏ, ਜਿਥੇ ਭਾਈ ਮਲਕੀਤ ਸਿੰਘ, ਗੁਰਪਿਆਰ ਸਿੰਘ ਜੌਹਰ, ਮਨਵਿੰਦਰ ਸਿੰਘ ਸੁਨਾਮ, ਬਲਬੀਰ ਸਿੰਘ ਸਾਗਰ, ਅਰਜਨ ਸਿੰਘ ਰਾਜਪੁਰਾ, ਗੁਰਮੀਤ ਕੌਰ ਅੰਬਾਲਾ, ਭਾਈ ਸੁਖਦੇਵ ਸਿੰਘ ਹਡਾਣਾ, ਭਾਈ ਰੂਪ ਸਿੰਘ ਬਲਬੇਲਾ ਆਦਿ ਨੇ ਸੰਗਤਾਂ ਨੂੰ ਗੁਰੂ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਉਚੇਚੇ ਤੌਰ 'ਤੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਅਤੇ ਜਥੇਦਾਰ ਜਸਮੇਰ ਸਿੰਘ ਲਾਛੜੂ ਪੁੱਜੇ ਹੋਏ ਸਨ। ਸੰਗਤਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖ ਇਤਿਹਾਸ ਵਿਚ ਦੋ ਘੱਲੂਘਾਰਿਆਂ ਦਾ ਵਿਸ਼ੇਸ਼ ਜ਼ਿਕਰ ਕੀਤਾ ਜਾਂਦਾ ਹੈ ਜਿਨ੍ਹਾਂ 'ਚੋਂ ਇੱਕ ਨੂੰ ਵੱਡਾ ਅਤੇ ਦੂਸਰੇ ਨੂੰ ਛੋਟਾ ਘੱਲੂਘਾਰਾ ਕਿਹਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਵਕਤ ਦੇ ਹਾਕਮਾਂ ਅਤੇ ਗੁਰੂ ਘਰ ਦੇ ਦੋਖੀਆਂ ਨੂੰ ਸਿੱਖੀ ਦੀ ਚੜ੍ਹਦੀਕਲਾ ਕਦੇ ਰਾਸ ਨਹੀਂ ਆਈ ਅਤੇ ਉਹ ਹਮੇਸ਼ਾ ਹੀ ਇਸ ਨੂੰ ਢਾਹ ਲਗਾਉਣ ਦੀਆਂ ਚਾਲਾਂ ਚੱਲਦੇ ਰਹੇ ਹਨ, ਅਜਿਹੀਆਂ ਹੀ ਚਾਲਾਂ ਮੌਜੂਦਾ ਸਰਕਾਰਾਂ ਵਿਚ ਵਿਖਾਈ ਦਿੰਦੀਆਂ, ਤਾਂ ਕਿ ਪੰਥ ਅਤੇ ਸਿੱਖ ਕੌਮ ਦਾ ਨੁਕਸਾਨ ਕੀਤਾ ਜਾ ਸਕੇ। ਪ੍ਰੋ. ਬਡੂੰਗਰ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ ਬੇਅਦਬੀ ਕਾਨੂੰਨ ਲਾਗੂ ਤਾਂ ਹੋਵੇ, ਪ੍ਰੰਤੂ ਕੁਝ ਮਦਾਂ 'ਤੇ ਆ ਰਹੇ ਇਤਰਾਜ਼ ਅਤੇ ਸੰਗਤਾਂ ਵਿਚ ਪੈਦਾ ਰਹੇ ਭਰਮ ਭੁਲੇਖੇ ਸਰਕਾਰ ਨੂੰ ਦੂਰ ਕਰ ਲੈਣੇ ਚਾਹੀਦੇ ਹਨ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਮੈਨੇਜਰ ਭਾਗ ਸਿੰਘ ਨੇ ਗੁਰੂ ਘਰ ਵੱਡੀ ਗਿਣਤੀ ਵਿਚ ਮੱਥਾ ਟੇਕਣ ਪੁੱਜਦੀਆਂ ਪੁੱਜੀਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਦੌਰਾਨ ਹੋਰਨਾਂ ਤੋਂ ਇਲਾਵਾ ਐਡੀਸ਼ਨਲ ਮੈਨੇਜਰ ਮਨਦੀਪ ਸਿੰਘ, ਮੀਤ ਮੈਨੇਜਰ ਨਵਜਿੰਦਰ ਸਿੰਘ, ਮਨਜੀਤ ਸਿੰਘ, ਅਕਾਊਟੈਂਟ ਗੁਰਮੀਤ ਸਿੰਘ, ਭਾਈ ਸਰਬਜੀਤ ਸਿੰਘ, ਭਾਈ ਹਜ਼ੂਰ ਸਿੰਘ, ਭਾਰਤੀ ਘੱਟ ਗਿਣਤੀ ਦਲਿਤ ਫਰੰਟ ਦੇ ਪ੍ਰਧਾਨ ਜੋਗਿੰਦਰ ਸਿੰਘ ਪੰਛੀ, ਪ੍ਰਚਾਰਕ ਪਰਵਿੰਦਰ ਸਿੰਘ ਬਰਾੜਾ, ਅਵਤਾਰ ਸਿੰਘ ਬੱਲੋਪੁਰ, ਪਰਵਿੰਦਰ ਸਿੰਘ ਰਿਉਂਦ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਸਟਾਫ ਮੈਂਬਰ ਆਦਿ ਸ਼ਾਮਲ ਸਨ।

ਤਿੱਖੀ ਗਰਮੀ 'ਚ ਨਿੰਬੂਆਂ ਦੀ ਖਟਾਸ ਹੋਈ ਮਹਿੰਗੀ

➢ਨਿੰਬੂ 150 ਰੁਪਏ ਕਿਲੋ ਤੱਕ ਪਹੁੰਚੇ, ਲੋਕਾਂ ਦੀ ਜੇਬ 'ਤੇ ਵਧਿਆ ਬੋਝ



ਘਨੌਰ, 21 ਮਈ (ਰਾਜਿੰਦਰ ਸਿੰਘ ਕੰਬੋਜ): ਇਲਾਕੇ ਵਿੱਚ ਪੈ ਰਹੀ ਤਿੱਖੀ ਗਰਮੀ ਅਤੇ ਚੜ੍ਹਦੇ ਤਾਪਮਾਨ ਦੇ ਨਾਲ ਹੀ ਨਿੰਬੂਆਂ ਦੀ ਮੰਗ ਵਿੱਚ ਭਾਰੀ ਵਾਧਾ ਹੋ ਗਿਆ ਹੈ। ਗਰਮੀ ਤੋਂ ਰਾਹਤ ਲਈ ਲੋਕ ਵੱਡੀ ਗਿਣਤੀ ਵਿੱਚ ਨਿੰਬੂ ਪਾਣੀ, ਸ਼ਿਕੰਜਵੀ ਅਤੇ ਠੰਢੇ ਪੇਅ ਪਦਾਰਥਾਂ ਦਾ ਸਹਾਰਾ ਲੈ ਰਹੇ ਹਨ, ਜਿਸ ਕਾਰਨ ਮਾਰਕੀਟ ਵਿੱਚ ਨਿੰਬੂਆਂ ਦੇ ਭਾਅ ਆਸਮਾਨ ਛੂਹ ਰਹੇ ਹਨ। ਘਨੌਰ ਵਿੱਚ ਇਸ ਸਮੇਂ ਨਿੰਬੂ 150 ਰੁਪਏ ਪ੍ਰਤੀ ਕਿਲੋ ਤੱਕ ਵਿਕ ਰਹੇ ਹਨ।ਤਪਦੀ ਧੁੱਪ ਅਤੇ ਗਰਮ ਹਵਾਵਾਂ ਦੇ ਕਾਰਨ ਦਿਨ ਦੌਰਾਨ ਸੜਕਾਂ 'ਤੇ ਲੋਕਾਂ ਨੂੰ ਗਰਮੀ ਤੋਂ ਬਚਣ ਲਈ ਨਿੰਬੂ ਪਾਣੀ ਸਭ ਤੋਂ ਵੱਡਾ ਸਹਾਰਾ ਬਣਿਆ ਹੋਇਆ ਹੈ। ਨਿੰਬੂ ਵੇਚਣ ਵਾਲਿਆਂ ਦਾ ਕਹਿਣਾ ਹੈ ਕਿ ਪਿਛਲੇ ਕੁਝ ਦਿਨਾਂ ਵਿੱਚ ਮੰਗ ਕਾਫੀ ਵਧ ਗਈ ਹੈ, ਜਦਕਿ ਸਪਲਾਈ ਘੱਟ ਹੋਣ ਕਾਰਨ ਕੀਮਤਾਂ ਵਿੱਚ ਤੇਜ਼ੀ ਆਈ ਹੈ।ਬਾਜ਼ਾਰਾਂ ਅਤੇ ਸੜਕਾਂ ਦੇ ਕਿਨਾਰੇ ਲੱਗੀਆਂ ਰਹਿੜੀਆਂ 'ਤੇ ਨਿੰਬੂਆਂ ਦੀ ਖਰੀਦ ਲਈ ਲੋਕਾਂ ਦੀ ਭੀੜ ਦੇਖਣ ਨੂੰ ਮਿਲ ਰਹੀ ਹੈ। ਕਈ ਲੋਕ ਗਰਮੀ ਤੋਂ ਬਚਣ ਲਈ ਰੋਜ਼ਾਨਾ ਨਿੰਬੂ ਪਾਣੀ ਦੀ ਵਰਤੋਂ ਕਰ ਰਹੇ ਹਨ, ਪਰ ਮਹਿੰਗਾਈ ਕਾਰਨ ਹੁਣ ਇਹ ਆਮ ਲੋਕਾਂ ਦੀ ਪਹੁੰਚ ਤੋਂ ਦੂਰ ਹੁੰਦਾ ਜਾ ਰਿਹਾ ਹੈ।ਫਲ ਵਿਕਰੇਤਾਵਾਂ ਨੇ ਦੱਸਿਆ ਕਿ ਗਰਮੀ ਦੇ ਸੀਜ਼ਨ ਵਿੱਚ ਹਰ ਸਾਲ ਨਿੰਬੂਆਂ ਦੀ ਮੰਗ ਵਧਦੀ ਹੈ, ਪਰ ਇਸ ਵਾਰ ਤਾਪਮਾਨ ਜ਼ਿਆਦਾ ਹੋਣ ਅਤੇ ਆਵਕ ਘੱਟ ਆਉਣ ਕਾਰਨ ਕੀਮਤਾਂ ਵਿੱਚ ਵੱਡਾ ਉਛਾਲ ਆਇਆ ਹੈ। ਲੋਕਾਂ ਦਾ ਕਹਿਣਾ ਹੈ ਕਿ ਪਹਿਲਾਂ ਜਿਹੜੇ ਨਿੰਬੂ ਆਮ ਰੇਟਾਂ 'ਤੇ ਮਿਲ ਜਾਂਦੇ ਸਨ, ਹੁਣ ਉਹਨਾਂ ਦੀ ਖਰੀਦ ਵੀ ਸੋਚ ਸਮਝ ਕੇ ਕਰਨੀ ਪੈਂਦੀ ਹੈ। ਡਾਕਟਰਾਂ ਮੁਤਾਬਕ ਗਰਮੀ ਦੇ ਮੌਸਮ ਵਿੱਚ ਨਿੰਬੂ ਪਾਣੀ ਸਰੀਰ ਨੂੰ ਤਾਜ਼ਗੀ ਦੇਣ ਦੇ ਨਾਲ ਡੀਹਾਈਡਰੇਸ਼ਨ ਤੋਂ ਵੀ ਬਚਾਉਂਦਾ ਹੈ, ਇਸ ਲਈ ਲੋਕ ਇਸਦੀ ਵਰਤੋਂ ਵਧੇਰੇ ਕਰ ਰਹੇ ਹਨ।

ਦਿਮਾਗੀ ਤੌਰ 'ਤੇ ਪ੍ਰੇਸ਼ਾਨ ਨੌਜਵਾਨ ਨੇ ਭਾਖੜਾ 'ਚ ਛਾਲ ਮਾਰ ਕੇ ਕੀਤੀ ਖੁਦਕੁਸ਼ੀ

ਸਮਾਣਾ, 21 ਮਈ (ਵਿਜੇ ਕੁਮਾਰ) : ਦਿਮਾਗੀ ਤੌਰ 'ਤੇ ਪ੍ਰੇਸ਼ਾਨ ਇੱਕ ਕੁਆਰੇ ਨੌਜਵਾਨ ਵੱਲੋਂ ਬੀਤੇ ਦਿਨ ਭਾਖੜਾ ਨਹਿਰ ਵਿੱਚ ਛਾਲ ਮਾਰ ਕੇ ਖੁਦਕੁਸ਼ੀ ਕਰ ਲੈਣ ਦਾ ਮਾਮਲਾ ਸਾਹਮਣੇ ਆਇਆ ਹੈ। ਥੋੜ੍ਹੀ ਦੇਰ ਬਾਅਦ ਹੀ ਉਸ ਦੀ ਲਾਸ਼ ਨਹਿਰ ਵਿੱਚੋਂ ਬਰਾਮਦ ਹੋਣ 'ਤੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦੀ ਗਈ। ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਪਹੁੰਚੇ ਮਾਮਲੇ ਦੇ ਜਾਂਚ ਅਧਿਕਾਰੀ ਘੱਗਾ ਪੁਲਿਸ ਦੇ ਏ.ਐੱਸ.ਆਈ. ਸ਼ੇਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਸੁਖਵਿੰਦਰ ਸਿੰਘ (25) ਦੇ ਪਿਤਾ ਕਰਨੈਲ ਸਿੰਘ ਨਿਵਾਸੀ ਪਿੰਡ ਕਕਵਾਲਾ ਭਾਈਕਾ (ਸਦਰ ਸਮਾਣਾ) ਵੱਲੋਂ ਦਰਜ ਕਰਵਾਏ ਬਿਆਨਾਂ ਅਨੁਸਾਰ ਉਸ ਦਾ ਪੁੱਤਰ ਦਿਮਾਗੀ ਤੌਰ 'ਤੇ ਪ੍ਰੇਸ਼ਾਨ ਰਹਿੰਦਾ ਸੀ। ਬੁੱਧਵਾਰ ਸਵੇਰੇ ਲਗਭਗ 11 ਵਜੇ ਉਹ ਮੋਟਰਸਾਈਕਲ 'ਤੇ ਸਵਾਰ ਹੋ ਕੇ ਪਿੰਡ ਚੁਪਕੀ ਨੇੜਿਓਂ ਲੰਘਦੀ ਭਾਖੜਾ ਨਹਿਰ ਦੇ ਪੁਲ 'ਤੇ ਚਲਾ ਗਿਆ ਅਤੇ ਨਹਿਰ ਵਿੱਚ ਛਾਲ ਮਾਰ ਦਿੱਤੀ। ਥੋੜ੍ਹੀ ਦੇਰ ਬਾਅਦ ਹੀ ਗੋਤਾਖੋਰਾਂ ਵੱਲੋਂ ਉਸ ਦੀ ਲਾਸ਼ ਨੂੰ ਨਹਿਰ ਵਿੱਚ ਵਹਿੰਦੀ ਦੇਖ ਕੇ ਬਾਹਰ ਕੱਢ ਲਿਆ ਗਿਆ, ਪਰ ਉਦੋਂ ਤੱਕ ਉਸ ਦੀ ਮੌਤ ਹੋ ਚੁੱਕੀ ਸੀ। ਅਧਿਕਾਰੀ ਅਨੁਸਾਰ ਦਰਜ ਬਿਆਨ ਦੇ ਆਧਾਰ 'ਤੇ ਪੁਲਿਸ ਨੇ ਭਾਰਤੀ ਨਿਆਂ ਸੰਹਿਤਾ ਦੀ ਧਾਰਾ 194 ਤਹਿਤ ਕਾਰਵਾਈ ਕਰਦਿਆਂ ਪੋਸਟਮਾਰਟਮ ਤੋਂ ਬਾਅਦ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਹੈ।

ਹਡਾਣਾ ਵੱਲੋਂ ਨਵ-ਨਿਯੁਕਤ ਜ਼ਿਲ੍ਹਾ ਪ੍ਰੀਸ਼ਦ ਚੇਅਰਮੈਨ ਟਿਵਾਣਾ ਦਾ ਸਨਮਾਨ

➢ਟਿਵਾਣਾ ਦੇ ਚੇਅਰਮੈਨ ਬਣਨ ਨਾਲ ਜ਼ਿਲ੍ਹੇ ਦੇ ਵਿਕਾਸ ਕਾਰਜਾਂ ਨੂੰ ਮਿਲੇਗੀ ਹੋਰ ਤੇਜ਼ੀ : ਹਲਕਾ ਇੰਚਾਰਜ



ਦੇਵੀਗੜ੍ਹ , 21 ਮਈ (ਗੁਰਜੀਤ ਸਿੰਘ ਢੋਟ) : ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ. ਗੁਰਦੇਵ ਸਿੰਘ ਟਿਵਾਣਾ ਦੇ ਜ਼ਿਲ੍ਹਾ ਪ੍ਰੀਸ਼ਦ ਪਟਿਆਲਾ ਦੇ ਚੇਅਰਮੈਨ ਬਣਨ ਦੀ ਖ਼ੁਸ਼ੀ ਵਿੱਚ ਅੱਜ ਹਲਕਾ ਸਨੌਰ ਦੇ ਇੰਚਾਰਜ ਰਣਜੋਧ ਸਿੰਘ ਹਡਾਣਾ ਦੇ ਗ੍ਰਹਿ ਵਿਖੇ ਇੱਕ ਵਿਸ਼ੇਸ਼ ਪ੍ਰੋਗਰਾਮ ਉਲੀਕਿਆ ਗਿਆ। ਇਸ ਮੌਕੇ ਹਲਕਾ ਇੰਚਾਰਜ ਰਣਜੋਧ ਹਡਾਣਾ ਅਤੇ ਇਲਾਕੇ ਦੇ ਪਤਵੰਤੇ ਸੱਜਣਾਂ ਵੱਲੋਂ ਨਵ-ਨਿਯੁਕਤ ਚੇਅਰਮੈਨ ਗੁਰਦੇਵ ਸਿੰਘ ਟਿਵਾਣਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਹਰਪ੍ਰੀਤ ਸਿੰਘ ਘੁਮਾਣ ਵਾਈਸ ਚੇਅਰਮੈਨ, ਰਾਜਾ ਧੰਜੂ ਸਰਪੰਚ ਸਰੁਸਤੀਗੜ੍ਹ, ਗੁਰਜੀਤ ਧੰਜੂ ਇੰਚਾਰਜ ਸੋਸ਼ਲ ਮੀਡੀਆ, ਅਮਨ ਸਿੰਘ ਸ਼ਾਦੀਪੁਰ, ਮਨਜੀਤ ਸਿੰਘ ਕਟਖੇੜੀ, ਹਰਜੀਤ ਚਮਰਹੇੜੀ, ਗੁਰਜੰਟ ਦੌਣ ਅਤੇ ਹੋਰ ਆਪ ਆਗੂ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਚੇਅਰਮੈਨ ਗੁਰਦੇਵ ਸਿੰਘ ਟਿਵਾਣਾ ਨੂੰ ਜ਼ਿਲ੍ਹਾ ਪ੍ਰੀਸ਼ਦ ਮੁਬਾਰਕਬਾਦ ਦਿੰਦਿਆਂ ਸ. ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਪਾਰਟੀ ਵੱਲੋਂ ਇੱਕ ਮਿਹਨਤੀ ਅਤੇ ਜ਼ਮੀਨੀ ਆਗੂ ਨੂੰ ਇਹ ਜ਼ਿੰਮੇਵਾਰੀ ਸੌਂਪੀ ਗਈ ਹੈ, ਜਿਸ ਨਾਲ ਪੂਰੇ ਜ਼ਿਲ੍ਹੇ ਦੇ ਵਲੰਟੀਅਰਾਂ ਵਿੱਚ ਖ਼ੁਸ਼ੀ ਦੀ ਲਹਿਰ ਹੈ। ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਅਤੇ ਹਾਜ਼ਰ ਸਾਥੀਆਂ ਦਾ ਧੰਨਵਾਦ ਕਰਦਿਆਂ ਨਵ-ਨਿਯੁਕਤ ਚੇਅਰਮੈਨ ਸ. ਗੁਰਦੇਵ ਸਿੰਘ ਟਿਵਾਣਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜੋ ਭਰੋਸਾ ਉਨ੍ਹਾਂ 'ਤੇ ਜਤਾਇਆ ਹੈ, ਉਹ ਉਸ 'ਤੇ ਪੂਰਾ ਖ਼ਰਾ ਉਤਰਨਗੇ।

ਕੇ.ਕੇ. ਬਾਂਸਲ ਲਾਇਨਜ਼ ਕਲੱਬ ਪਟਿਆਲਾ ਨਿਊ ਸੈਂਟਰਲ ਦੇ ਪ੍ਰਧਾਨ ਚੁਣੇ



ਪਟਿਆਲਾ, 21 ਮਈ (ਚ.ਨ.ਸ) : ਲਾਇਨਜ਼ ਇੰਟਰਨੈਸ਼ਨਲ ਦੇ ਲਾਇਨਜ਼ ਕਲੱਬ ਪਟਿਆਲਾ ਨਿਊ ਸੈਂਟਰਲ, ਦੀਆਂ 2026-27 ਚੋਣਾਂ ਲਈ, ਚੋਣ ਕਮੇਟੀ ਦੇ ਚੇਅਰਮੈਨ, ਇੰਜੀਨੀਅਰ ਨਰਿੰਦਰ ਸਿੰਘ, ਅਤੇ ਮੈਂਬਰ ਐਸ.ਪੀ. ਕਾਂਸਲ ਅਤੇ ਸੰਜੀਵ ਵਰਮਾ ਨੇ ਐਲਾਨ ਕੀਤਾ ਕਿ ਲਾਇਨ ਕੇ.ਕੇ. ਬਾਂਸਲ ਨੂੰ ਸਰਬਸੰਮਤੀ ਨਾਲ ਪ੍ਰਧਾਨ, ਲਾਇਨ ਸੰਦੀਪ ਧਵਨ ਨੂੰ ਸਕੱਤਰ, ਅਤੇ ਲਾਇਨ ਧੀਰੇਂਦਰ ਮਿੱਤਲ ਨੂੰ ਖਜ਼ਾਨਚੀ ਚੁਣਿਆ ਗਿਆ ਹੈ। ਬੀਰ ਚੰਦ ਖੁਰਮੀ ਨੂੰ ਉਪ ਪ੍ਰਧਾਨ 1, ਸੰਜੇ ਗੋਇਲ ਨੂੰ ਉਪ ਪ੍ਰਧਾਨ 2, ਸੁਨੀਲ ਕੁਮਾਰ ਗੋਇਲ ਨੂੰ ਉਪ ਪ੍ਰਧਾਨ 3, ਹਰਮੇਸ਼ ਸਿੰਗਲਾ ਨੂੰ ਸਾਬਕਾ ਪ੍ਰਧਾਨ, ਅਤੇ ਸੰਜੀਵ ਵਰਮਾ ਨੂੰ ਨਾਮਜ਼ਦਗੀ ਕਮੇਟੀ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਇੰਜੀਨੀਅਰ ਨਰਿੰਦਰ ਸਿੰਘ ਨੂੰ ਕਲੱਬ ਪ੍ਰਸ਼ਾਸਕ, ਐਸ.ਪੀ. ਕਾਂਸਲ ਨੂੰ ਕਲੱਬ ਪੀ.ਆਰ.ਓ., ਸੁਰੇਸ਼ ਕੁਮਾਰ ਗਰਗ ਨੂੰ ਮੁੱਖ ਸਲਾਹਕਾਰ, ਅਤੇ ਡਾ. ਆਰ.ਐਮ.ਐਸ. ਬਾਜਵਾ ਅਤੇ ਡਾ. ਸੰਜੇ ਸਿੰਗਲਾ ਨੂੰ ਡਾਇਰੈਕਟਰ ਨਾਮਜ਼ਦ ਕੀਤਾ ਗਿਆ ਹੈ। ਕਲੱਬ ਦੇ ਨਵੇਂ ਚੁਣੇ ਗਏ ਪ੍ਰਧਾਨ ਲਾਇਨ ਕੇ.ਕੇ. ਬਾਂਸਲ ਨੇ ਕਿਹਾ ਕਿ ਉਹ ਕਲੱਬ ਦੀਆਂ ਚੱਲ ਰਹੀਆਂ ਗਤੀਵਿਧੀਆਂ ਨੂੰ ਜਾਰੀ ਰੱਖਣਗੇ ।ਇਸ ਮੌਕੇ ਬਲਜੀਤ ਸਿੰਘ ਨੂੰ ਟੇਮਰ, ਧਰਮਪਾਲ ਗਰਗ, ਸੁਰੇਸ਼ ਕੁਮਾਰ ਗਰਗ, ਨਿਤਿਨ ਸਿੰਗਲਾ ਅਤੇ ਨਰਿੰਦਰ ਕੁਮਾਰ ਨੂੰ ਸਲਾਹਕਾਰ, ਸੰਜੀਵ ਕਸ਼ਯਪ ਅਤੇ ਰਾਜੇਂਦਰ ਅਗਰਵਾਲ ਨੂੰ ਟੇਲ ਟਵਿਸਟਰ, ਇੰਜੀਨੀ



ਪਟਿਆਲਾ-ਆਸ/ਪਾਸ



ਡਾਕਖਾਨੇ 'ਚ ਚੋਰੀ ਦੀ ਕੋਸ਼ਿਸ਼ ਨਾਕਾਮ, ਵੱਡਾ ਬਚਾਅ



ਸਮਾਣਾ, 21 ਮਈ (ਵਿਜੇ ਕੁਮਾਰ) : ਸਮਾਣਾ ਸ਼ਹਿਰ ਦੀ ਸੰਘਣੀ ਆਬਾਦੀ ਦੇ ਬਿਲਕੁਲ ਵਿਚਕਾਰ ਸਥਿਤ ਸਥਾਨਕ ਡਾਕਖਾਨੇ (ਡਾਕਘਰ) ਵਿੱਚ ਪਿੱਛੇ ਬਣੀ ਕੰਧ ਟੱਪ ਕੇ ਦਾਖਲ ਹੋਏ ਅਣਪਛਾਤੇ ਚੋਰਾਂ ਵੱਲੋਂ ਡਾਕਖਾਨੇ ਦੇ ਦਰਵਾਜ਼ੇ ਅਤੇ ਅਲਮਾਰੀ ਦੇ ਤਾਲੇ ਤੋੜ ਕੇ ਚੋਰੀ ਕਰਨ ਦੀ ਕੋਸ਼ਿਸ਼ ਅਸਫ਼ਲ ਰਹਿਣ ਕਾਰਨ ਇੱਕ ਵੱਡੀ ਵਾਰਦਾਤ ਦੇ ਹੋਣ ਤੋਂ ਬਚਾਅ ਹੋ ਗਿਆ। ਡਿਊਟੀ 'ਤੇ ਪਹੁੰਚੀ ਪੋਸਟਮਾਸਟਰ ਸੰਜੂ ਰਾਣੀ ਵੱਲੋਂ ਸਥਿਤੀ ਦੀ ਜਾਣਕਾਰੀ ਮਿਲਣ 'ਤੇ ਸੂਚਨਾ ਦਿੱਤੇ ਜਾਣ 'ਤੇ ਸਿਟੀ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ ਅਤੇ ਆਪਣੀ ਅਗਲੇਰੀ ਜਾਂਚ ਪੜਤਾਲ ਸ਼ੁਰੂ ਕਰ ਦਿੱਤੀ ਹੈ। ਮਾਮਲੇ ਦੇ ਜਾਂਚ ਅਧਿਕਾਰੀ ਸਿਟੀ ਪੁਲਿਸ ਦੇ ਏ.ਐੱਸ.ਆਈ. ਬਲਬੀਰ ਸਿੰਘ ਨੇ ਦੱਸਿਆ ਕਿ ਡਾਕਖਾਨੇ ਦੇ ਅਧਿਕਾਰੀਆਂ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਬੀਤੀ ਰਾਤ ਅਣਪਛਾਤੇ ਚੋਰ ਡਾਕਖਾਨੇ ਦੀ ਪਿਛਲੀ ਕੰਧ ਨਾਲ ਲੱਗੇ ਬਿਜਲੀ ਦੇ ਖੰਭੇ ਰਾਹੀਂ ਕੰਧ ਟੱਪ ਕੇ ਅੰਦਰ ਦਾਖਲ ਹੋ ਗਏ। ਉਹ ਚੋਰੀ ਦੀ ਨੀਅਤ ਨਾਲ ਖਿੜਕੀ (ਵਿੰਡੋ) ਤੋੜ ਕੇ ਅੰਦਰ ਪਹੁੰਚੇ ਅਤੇ ਕਮਰੇ ਦੇ ਦਰਵਾਜ਼ੇ ਤੇ ਅਲਮਾਰੀ ਤੋੜਨ ਦੀ ਕੋਸ਼ਿਸ਼ ਕੀਤੀ, ਪਰ ਉਹ ਸਫ਼ਲ ਨਹੀਂ ਹੋ ਸਕੇ ਅਤੇ ਇੱਕ ਵੱਡੇ ਨੁਕਸਾਨ ਤੋਂ ਬਚਾਅ ਹੋ ਗਿਆ। ਅਧਿਕਾਰੀਆਂ ਮੁਤਾਬਕ ਪੁਲਿਸ ਇਸ ਮਾਮਲੇ ਦੀ ਬਾਰੀਕੀ ਨਾਲ ਜਾਂਚ ਕਰ ਰਹੀ ਹੈ।

ਪਿੰਡਾਂ 'ਚ ਬਿਜਲੀ ਨਾ ਆਉਣ ਕਾਰਨ ਲਗਾਇਆ ਧਰਨਾ

ਐਸ.ਡੀ.ਓ. ਸਨੌਰ ਨੇ ਮੌਕੇ 'ਤੇ ਆ ਕੇ ਲਾਈਟ ਚਾਲੂ ਕਰਨ ਦਾ ਦਿੱਤਾ ਭਰੋਸਾ



ਭੁਨਰਹੇੜੀ, 21 ਮਈ (ਗੁਰਜੀਤ ਸਿੰਘ ਢੋਟ) : ਜਿੱਥੇ ਕਿ ਪਿਛਲੇ ਕਈ ਦਿਨਾਂ ਤੋਂ ਵੱਧ ਰਹੇ ਤਾਪਮਾਨ ਅਤੇ ਗਰਮੀ ਨੇ ਕਹਿਰ ਢਾਇਆ ਹੋਇਆ ਹੈ ਉੱਥੇ ਹੀ ਕਈ ਦਿਨਾਂ ਤੋਂ ਪਿੰਡ ਪੂਨੀਆਂ ਖਾਨਾਂ, ਤੇਜਾਂ, ਭੱਟੀਆਂ, ਬੈਹਿਲ ਆਦਿ ਵੱਖ-ਵੱਖ ਪਿੰਡਾਂ ਵਿਖੇ ਪਿਛਲੇ 4-5 ਦਿਨਾਂ ਤੋਂ ਮੋਟਰਾਂ ਵਾਲ਼ੀ ਲਾਈਟ ਨਾ ਆਉਣ ਅਤੇ ਘਰਾਂ ਵਾਲ਼ੀ ਲਾਈਟ ਤੇ ਲਗਾਤਾਰ ਰਾਤ ਵੇਲ਼ੇ ਲੱਗ ਰਹੇ ਕੱਟਾਂ ਤੋਂ ਦੁਖੀ ਹੋ ਕੇ ਪਿੰਡਾਂ ਦੇ ਕਿਸਾਨਾਂ ਵੱਲੋਂ ਪਿੰਡ ਬੈਹਿਲ ਵਿਖੇ ਪਿਹੋਵਾ-ਪਟਿਆਲਾ ਰੋਡ ਨੂੰ ਜਾਮ ਕਰਕੇ ਰੋਸ ਜ਼ਾਹਿਰ ਕੀਤਾ ਗਿਆ। ਇਸ ਮੌਕੇ ਜਗਰੂਪ ਸਿੰਘ ਤੇਜਾਂ, ਗੁਰਵਿੰਦਰ ਸਿੰਘ ਡੰਡੌਆ ਅਤੇ ਪਰਮਿੰਦਰ ਸਿੰਘ ਪੂਨੀਆਂ ਕਿਸਾਨਾਂ ਆਗੂਆਂ ਨੇ ਕਿਹਾ ਕਿ ਸਾਡੇ ਪਿੰਡਾਂ ਵਿੱਚ ਕਈ ਦਿਨਾਂ ਤੋਂ ਮੋਟਰਾਂ ਵਾਲ਼ੀ ਲਾਈਟ ਅਤੇ ਘਰਾਂ ਵਾਲ਼ੀ ਲਾਈਟ ਤੇ ਲਗਾਤਾਰ ਲੱਗ ਰਹੇ ਕੱਟਾਂ ਤੋਂ ਦੁਖੀ ਹੋ ਕੇ ਅੱਜ ਸਾਨੂੰ ਮਜਬੂਰਨ ਰੋਡ ਜਾਮ ਕਰਨਾ ਪੈ ਰਿਹਾ ਹੈ। ਉਨਾਂ ਨੂੰ ਮਜਬੂਰਨ ਆਪਣੇ ਆਪਣੇ ਜਨਰੇਟਰ ਲਗਾ ਕੇ ਪਾਣੀ ਦਾ ਪ੍ਰਬੰਧ ਕਰਨਾ ਪੈ ਰਿਹਾ ਸੀ, ਜਿਸ ਤੋਂ ਦੁਖੀ ਹੋ ਕੇ ਉਨ੍ਹਾਂ ਵੱਲੋਂ ਅੱਜ ਮਜਬੂਰਨ ਰੋਡ ਜਾਮ ਕਰਨਾ ਪੈ ਰਿਹਾ ਹੈ। ਕਿਸਾਨਾਂ ਵੱਲੋਂ ਪੀਐਸਪੀਸੀਐਲ ਖਿਲਾਫ ਲਗਾਏ ਗਏ ਇਸ ਰੋਸ ਧਰਨੇ ਵਿੱਚ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਬੁੱਟਰ ਦੇ ਬਲਾਕ ਪ੍ਰਧਾਨ ਸੁਖਵਿੰਦਰ ਸਿੰਘ ਲਾਲੀ, ਅਤੇ ਭਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਦੇ ਪ੍ਰਧਾਨ ਜਥੇਦਾਰ ਬੂਟਾ ਸਿੰਘ ਸ਼ਾਦੀਪੁਰ ਵੱਲੋਂ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕਰਕੇ ਉਹਨਾਂ ਨੂੰ ਸਮਰਥਨ ਦਿੱਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਬੁੱਟਰ ਦੇ ਬਲਾਕ ਪ੍ਰਧਾਨ ਲਾਲੀ ਨੇ ਕਿਹਾ ਕਿ ਪਿੰਡ ਤੇਜਿਆਂ, ਭੱਟੀਆਂ, ਬੈਹਿਲ ਦੇ ਕਿਸਾਨਾਂ ਨੂੰ ਪਿਛਲੇ 4-5 ਦਿਨਾਂ ਤੋਂ ਲਾਈਟ ਨਹੀਂ ਦਿੱਤੀ ਜਾ ਰਹੀ ਸੀ ਅਤੇ ਜਿਸ ਤੋਂ ਦੁਖੀ ਹੋ ਕੇ ਕਿਸਾਨਾਂ ਵੱਲੋਂ ਇਹ ਰੋਸ ਧਰਨਾ ਲਗਾਇਆ ਗਿਆ ਹੈ। ਕਿਸਾਨਾਂ ਦੇ ਰੋਸ ਧਰਨੇ ਨੂੰ ਦੇਖਦੇ ਹੋਏ ਵਿਭਾਗ ਦੇ ਐਸ ਡੀ ਓ ਸਨੌਰ ਗੁਰਪਿੰਦਰ ਸਿੰਘ ਵੱਲੋਂ ਮੌਕੇ 'ਤੇ ਪਹੁੰਚ ਕੇ ਕਿਸਾਨਾਂ ਨੂੰ ਵਿਸ਼ਵਾਸ ਦਵਾਇਆ ਗਿਆ ਕਿ ਕੱਲ ਸ਼ਾਮ 4 ਵਜੇ ਤੱਕ ਕਿਸਾਨਾਂ ਦੀ ਬਿਜਲੀ ਚੱਲਦੀ ਕਰ ਦਿੱਤੀ ਜਾਵੇਗੀ। ਐਸਡੀਓ ਦੇ ਭਰੋਸੇ ਤੋਂ ਬਾਅਦ ਕਿਸਾਨਾਂ ਵੱਲੋਂ ਧਰਨਾ ਮੁਲਤਵੀ ਕਰ ਦਿੱਤਾ ਗਿਆ। ਕਿਸਾਨਾਂ ਨੇ ਵਿਭਾਗ ਦੇ ਜੇ ਈ ਇੰਦਰਪਾਲ ਸਿੰਘ 'ਤੇ ਵੀ ਗੁੱਸਾ ਜ਼ਾਹਿਰ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਫੋਨ ਜੋ ਈ ਕਦੇ ਵੀ ਨਹੀਂ ਚੱਕਦਾ, ਜਿਸ ਨੂੰ ਬਦਲਣ ਦੀ ਮੰਗ ਕਿਸਾਨਾਂ ਵੱਲੋਂ ਕੀਤੀ ਗਈ। ਐਸ ਡੀ ਓ ਨੇ ਜੇ ਈ ਨੂੰ ਵੀ ਤਾੜਨਾ ਕਰਦੇ ਹੋਏ ਕਿਹਾ ਕਿ ਉਹਨਾਂ ਵੱਲੋਂ ਕਿਸਾਨਾਂ ਨਾਲ ਸਹਿਯੋਗ ਕਰਕੇ ਉਨਾਂ ਦੇ ਮਸਲੇ ਹੱਲ ਕੀਤੇ ਜਾਣ। ਕਿਸਾਨਾਂ ਨੇ ਕਿਹਾ ਕਿ ਰਾਤ ਨੂੰ ਗਰਮੀ ਬਹੁਤ ਜ਼ਿਆਦਾ ਪੈਣ ਕਾਰਨ ਘਰਾਂ ਵਾਲ਼ੀ ਲਾਈਟ ਤੇ ਵੀ ਲਗਾਤਾਰ ਲੱਗ ਰਹੇ ਕੱਟਾਂ ਤੋਂ ਵੀ ਉਨਾਂ ਭਰੋਸਾ ਦਵਾਇਆ ਕਿ ਆਉਂਦੇ ਦਿਨਾਂ ਵਿੱਚ ਕਿਸੇ ਤਰ੍ਹਾਂ ਦੇ ਕੋਈ ਕੱਟ ਨਹੀਂ ਲੱਗਣਗੇ। ਇਸ ਮੌਕੇ ਗੁਰਦੀਪ ਸਿੰਘ ਭੱਟੀਆਂ, ਜਗਰੂਪ ਸਿੰਘ, ਗੁਰਵਿੰਦਰ ਸਿੰਘ, ਪਰਮਿੰਦਰ ਸਿੰਘ ਆਦਿ ਕਿਸਾਨ ਮੌਜੂਦ ਸਨ।

ਪੰਜਾਬ ਪੁਲਿਸ ਭਰਤੀ ਦੀ ਤਿਆਰੀ ਕਰ ਰਹੇ ਨੌਜਵਾਨਾਂ ਨੂੰ ਹੌਸਲਾ ਦੇਣ ਲਈ ਸਿਟੀ ਸੈਂਟਰ ਪਹੁੰਚੇ ਮੇਅਰ



ਪਟਿਆਲਾ, 21 ਮਈ (ਰੁਪਾਣਾ) : ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਚਲਾਈ ਮੁਹਿੰਮ ਤਹਿਤ ਪੰਜਾਬ ਪੁਲਿਸ ਦੀ ਭਰਤੀ ਲਈ ਸਰੀਰਕ ਪ੍ਰੀਖਿਆ (ਫਿਜ਼ੀਕਲ ਟੈਸਟ) ਦੀ ਤਿਆਰੀ ਕਰ ਰਹੇ ਇਲਾਕੇ ਦੇ ਨੌਜਵਾਨਾਂ ਨੂੰ ਮੋਟੀਵੇਟ (ਉਤਸ਼ਾਹਿਤ) ਕਰਨ ਲਈ ਅੱਜ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਵਿਸ਼ੇਸ਼ ਤੌਰ 'ਤੇ ਸਿਟੀ ਸੈਂਟਰ ਪਟਿਆਲਾ ਵਿਖੇ ਲੱਗੇ ਟ੍ਰੇਨਿੰਗ ਕੈਂਪ ਵਿੱਚ ਪਹੁੰਚੇ। ਇਸ ਮੌਕੇ ਮੇਅਰ ਨੇ ਦੌੜ ਅਤੇ ਹੋਰ ਸਰੀਰਕ ਗਤੀਵਿਧੀਆਂ ਦਾ ਅਭਿਆਸ ਕਰ ਰਹੇ ਲੜਕੇ ਅਤੇ ਲੜਕੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦਾ ਹੌਸਲਾ ਵਧਾਇਆ। ਇਸ ਮੌਕੇ ਪ੍ਰਸਿੱਧ ਸਮਾਜ ਸੇਵੀ ਉਪਕਾਰ ਸਿੰਘ ਅਤੇ ਲੱਕੀ ਲਹਿਲ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਸਿਟੀ ਸੈਂਟਰ ਵਿਖੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਪੰਜਾਬ ਪੁਲਿਸ ਵਿੱਚ ਭਰਤੀ ਹੋ ਕੇ ਦੇਸ਼ ਅਤੇ ਸੂਬੇ ਦੀ ਸੇਵਾ ਕਰਨਾ ਬਹੁਤ ਹੀ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪੂਰੀ ਪਾਰਦਰਸ਼ਤਾ ਅਤੇ ਯੋਗਤਾ (ਮੈਰਿਟ) ਦੇ ਆਧਾਰ 'ਤੇ ਨੌਕਰੀਆਂ ਦੇ ਰਹੀ ਹੈ, ਇਸ ਲਈ ਨੌਜਵਾਨ ਬਿਨਾਂ ਕਿਸੇ ਚਿੰਤਾ ਦੇ ਆਪਣੀ ਤਿਆਰੀ 'ਤੇ ਧਿਆਨ ਕੇਂਦਰਿਤ ਕਰਨ। ਮੇਅਰ ਨੇ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਭੈੜੀਆਂ ਅਲਾਮਤਾਂ ਤੋਂ ਦੂਰ ਰਹਿ ਕੇ ਖੇਡਾਂ ਅਤੇ ਦੇਸ਼ ਸੇਵਾ ਵੱਲ ਕਦਮ ਵਧਾਉਣ ਲਈ ਪ੍ਰੇਰਿਤ ਕੀਤਾ। ਮੇਅਰ ਨੇ ਨੌਜਵਾਨਾਂ ਨੂੰ ਪੇਸ਼ੇਵਰ ਟ੍ਰੇਨਿੰਗ ਦੇ ਰਹੇ ਐਨ.ਆਈ.ਐਸ. ਕੋਚ ਗੁਰਪ੍ਰੀਤ (ਗੋਪੀ) ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਸਹੀ ਦਿਸ਼ਾ ਦੇਣ ਅਤੇ ਉਨ੍ਹਾਂ ਨੂੰ ਸਰੀਰਕ ਤੌਰ 'ਤੇ ਮਜ਼ਬੂਤ ਬਣਾਉਣ ਵਿੱਚ ਖੇਡ ਕੋਚਾਂ ਅਤੇ ਅਜਿਹੀਆਂ ਸ਼ਖ਼ਸੀਅਤਾਂ ਦਾ ਬਹੁਤ ਵੱਡਾ ਯੋਗਦਾਨ ਹੁੰਦਾ ਹੈ। ਇਸ ਮੌਕੇ ਖੇਡ ਪ੍ਰੇਮੀ, ਨਗਰ ਨਿਗਮ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਭਰਤੀ ਦੀ ਤਿਆਰੀ ਕਰ ਰਹੇ ਉਮੀਦਵਾਰ ਹਾਜ਼ਰ ਸਨ।

ਨਸ਼ੇ ਦਾ ਸੇਵਨ ਕਰਨ 'ਤੇ ਮਾਮਲਾ ਦਰਜ

ਪਟਿਆਲਾ, 21 ਮਈ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਹਰਸ਼ਦੀਪ ਸਿੰਘ ਵਾਸੀ ਰੁਆਇਲ ਇਨਕਲੇਵ ਫੇਸ-1 ਅਰਬਨ ਅਸਟੇਟ ਪਟਿਆਲਾ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਸਰਬਜੀਤ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਬਹਾਦਰਗੜ੍ਹ ਪਾਸ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ, ਜੋ ਕਥਿਤ ਦੋਸ਼ੀ ਨੇ ਦੱਸਿਆ ਕਿ ਉਹ ਨਸ਼ੇ ਕਰਨ ਦਾ ਆਦੀ ਹੈ ਅਤੇ ਹੁਣ ਵੀ ਨਸ਼ਾ ਕੀਤਾ ਹੋਇਆ ਹੈ।

ਗੁਰਵਿੰਦਰ ਸਿੰਘ ਹੈਪੀ ਪਹਾੜੀਪੁਰ ਵੱਲੋਂ ਸਰਪੰਚਾਂ ਨਾਲ ਮੀਟਿੰਗ



ਪਟਿਆਲਾ/ਸਨੌਰ, 21 ਮਈ (ਰੁਪਾਣਾ/ਪ੍ਰਥਮ ਕੁਮਾਰ) : ਬਲਾਕ ਸੰਮਤੀ ਸਨੌਰ ਦੇ ਚੇਅਰਮੈਨ ਗੁਰਵਿੰਦਰ ਸਿੰਘ ਹੈਪੀ ਪਹਾੜੀਪੁਰ ਵੱਲੋਂ ਬਲਾਕ ਸਨੌਰ ਦੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ ਗਈ। ਇਸ ਮੌਕੇ ਚੇਅਰਮੈਨ ਹੈਪੀ ਪਹਾੜੀਪੁਰ ਵੱਲੋਂ ਸਰਪੰਚਾਂ ਤੋਂ ਉਨ੍ਹਾਂ ਦੇ ਪਿੰਡਾਂ ਦੇ ਅਧੂਰੇ ਰਹਿੰਦੇ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਹਾਸਿਲ ਕੀਤੀ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਨਗਰ ਕੌਂਸਲ ਸਨੌਰ ਦੇ ਪ੍ਰਧਾਨ ਪ੍ਰਦੀਪ ਜੋਸ਼ਨ ਵੀ ਮੀਟਿੰਗ ਵਿੱਚ ਹਾਜ਼ਰ ਸਨ। ਚੇਅਰਮੈਨ ਹੈਪੀ ਪਹਾੜੀਪੁਰ ਨੇ ਸਰਪੰਚਾਂ ਨੂੰ ਕਿਹਾ ਕਿ ਪਿੰਡਾਂ ਦੇ ਵਿਕਾਸ ਲਈ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਪੂਰਾ ਲਾਭ ਲੋਕਾਂ ਤੱਕ ਪਹੁੰਚਾਇਆ ਜਾਵੇ। ਇਸ ਮੌਕੇ ਬਲਾਕ ਸੰਮਤੀ ਮੈਂਬਰ ਰਾਜ ਕੁਮਾਰ, ਗੁਰਜੀਤ ਸਿੰਘ,ਜਸਪਾਲ ਸਿੰਘ ਡਡੌਆ, ਸੇਵਾਦਾਸ ਸਰਪੰਚ ਸਲੇਮਪੁਰ ਪੰਡਤਾ,ਸਰਪੰਚ ਗੁਰਪ੍ਰੀਤ ਸਿੰਘ ਗੋਪੀ, ਸਰਪੰਚ ਮੰਗਾ ਅਸਰਪੁਰ, ਸਰਪੰਚ ਹੈਪੀ ਅੰਮ੍ਰਿਤਸਰੀਆ, ਸਰਪੰਚ ਹਰਿੰਦਰ ਸਿੰਘ ਬਿਲਾਸਪੁਰ, ਹਰਪਾਲ ਸਿੰਘ ਸਰਪੰਚ ਮਹਾਦੀਪੁਰ,ਰਿੰਕੂ ਸਰਪੰਚ ਚਰਾਸੋ,ਸਰਪੰਚ ਅਲੀਪੁਰ ਜੱਟਾ ਗੁਰਪ੍ਰੀਤ ਸਿੰਘ ਸਰਪੰਚ ਗਿਸ਼ੀ ਕਲੋਨੀ, ਬਲਵਿੰਦਰ ਸਿੰਘ ਸਰਪੰਚ ਅਕੌਂਤ, ਜਸਪਾਲ ਸਿੰਘ ਜਫਰਪੁਰ ਸਰਪੰਚ, ਲਾਜਪਤ ਸਰਪੰਚ ਪੂਨੀਆਂ ਜੱਟਾ, ਮਲਕੀਤ ਸਰਪੰਚ, ਗੁਰਦੀਪ ਸਰਪੰਚ ਕਕੇਪੁਰ, ਪੰਮਾ ਕੱਕੇਪੁਰ, ਦਵਿੰਦਰ ਸਰਪੰਚ ਨਨਾਨਸੂ, ਸੀਰਾ ਸਰਪੰਚ ਡੇਰਾ ਮਰਦਾਹੇੜੀ ਸਮੇਤ ਹੋਰਨਾਂ ਨੇ ਸਮੂਲੀਅਤ ਕੀਤੀ।

ਜ਼ਿਲ੍ਹੇ 'ਚ ਪੈਟਰੋਲ, ਡੀਜ਼ਲ ਅਤੇ ਐਲ.ਪੀ.ਜੀ. ਗੈਸ ਦੀ ਸਪਲਾਈ ਪੂਰੀ ਤਰ੍ਹਾਂ ਨਿਰਵਿਘਨ : ਡਿਪਟੀ ਕਮਿਸ਼ਨਰ

➢ਜ਼ਿਲ੍ਹਾ ਪ੍ਰਸ਼ਾਸਨ ਦੀ ਲੋਕਾਂ ਨੂੰ ਅਪੀਲ ਕਿ ਅਫਵਾਹਾਂ ਤੋਂ ਬਚੋ, ਘਬਰਾਹਟ ਵਿੱਚ ਜਮ੍ਹਾਂਖੋਰੀ ਨਾ ਕਰੋ



ਮਲੇਰਕੋਟਲਾ, 21 ਮਈ (ਬਲਜੀਤ ਸਿੰਘ ਟਿੱਬਾ) : ਜ਼ਿਲ੍ਹਾ ਮਾਲੇਰਕੋਟਲਾ ਵਿੱਚ ਪੈਟਰੋਲ, ਡੀਜ਼ਲ ਅਤੇ ਐਲ.ਪੀ.ਜੀ ਗੈਸ ਦੀ ਸਪਲਾਈ ਨੂੰ ਲੈ ਕੇ ਲੋਕਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਘਬਰਾਹਟ ਜਾਂ ਭਰਮ ਦੀ ਸਥਿਤੀ ਨਾ ਬਣੇ, ਇਸ ਨੂੰ ਧਿਆਨ ਵਿੱਚ ਰੱਖਦਿਆਂ ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਵੱਲੋਂ ਸਬੰਧਤ ਅਧਿਕਾਰੀਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ । ਇਸ ਮੌਕੇ ਜ਼ਿਲ੍ਹਾ ਖੁਰਾਕ ਅਤੇ ਸਪਲਾਈ ਕੰਟਰੋਲਰ ਡੋਜੀ ਮਹਿਤਾ, ਆਈ.ਓ.ਸੀ.ਐਲ.ਰਿਟੇਲ ਮੈਨੇਜਰ ਸੇਲਜ਼, ਸੈਫ ਜਮਾਇਲ, ਜਨਰਲ ਸਕੱਤਰ ਪੰਜਾਬ ਪੈਟਰੋਲੀਅਮ ਡੀਲਰਜ਼ ਐਸੋਸੀਏਸ਼ਨ ਅਤੇ ਪ੍ਰਧਾਨ ਮਾਲੇਰਕੋਟਲਾ ਯੂਰੀ ਪੈਟਰੋਲੀਅਮ ਡੀਲਰਜ਼ ਐਸੋਸੀਏਸ਼ਨ ਵਿਕੀ ਸ਼ਾਹੀ, ਬੀ.ਪੀ.ਸੀ.ਐਲ. ਕਪਿਲ ਸਿੰਗਲਾ, ਬੀ.ਪੀ.ਸੀ.ਐਲ ਇਸਰਾਰ ਖਾਨ, ਮਾਲਵਾ ਗੈਸ ਏਜੰਸੀ ਗੁਰਮੀਤ ਸਿੰਘ ਤੋਂ ਇਲਾਵਾ ਵੱਖ ਏਜੰਸੀਆਂ ਦੇ ਨੁਮਾਇੰਦੇ ਮੌਜੂਦ ਸਨ । ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੂੰ ਪੈਟਰੋਲੀਅਮ ਪਦਾਰਥਾਂ ਏਜੰਸੀਆਂ ਦੇ ਨੁਮਾਇੰਦਿਆਂ ਨੇ ਸਪੱਸ਼ਟ ਕੀਤਾ ਕਿ ਜ਼ਿਲ੍ਹੇ ਵਿੱਚ ਪੈਟਰੋਲ, ਡੀਜ਼ਲ ਅਤੇ ਐਲ.ਪੀ.ਜੀ ਗੈਸ ਦੀ ਸਪਲਾਈ ਪੂਰੀ ਤਰ੍ਹਾਂ ਨਿਰਵਿਘਨ ਹੈ ਅਤੇ ਕਿਸੇ ਵੀ ਕਿਸਮ ਦੀ ਘਾਟ ਨਹੀਂ ਹੈ। ਜ਼ਿਲ੍ਹੇ ਦੇ ਸਾਰੇ ਪੈਟਰੋਲ ਪੰਪਾਂ ਅਤੇ ਗੈਸ ਏਜੰਸੀਆਂ ਕੋਲ ਲੋੜ ਅਨੁਸਾਰ ਸਟਾਕ ਉਪਲਬਧ ਹੈ ਅਤੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਚਿੰਤਾ ਕਰਨ ਦੀ ਲੋੜ ਨਹੀਂ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਘਬਰਾਹਟ ਵਿੱਚ ਆ ਕੇ ਪੈਟਰੋਲ, ਡੀਜ਼ਲ ਜਾਂ ਗੈਸ ਦੀ ਬੇਲੋੜੀ ਜਮ੍ਹਾਂਖੋਰੀ ਨਾ ਕਰਨ। ਡਿਪਟੀ ਕਮਿਸ਼ਨਰ ਨੇ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਪੈਟਰੋਲ, ਡੀਜ਼ਲ ਜਾਂ ਐਲ.ਪੀ.ਜੀ ਗੈਸ ਦੀ ਕਾਲਾਬਾਜ਼ਾਰੀ ਜਾਂ ਜਮ੍ਹਾਂਖੋਰੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਜੇਕਰ ਕੋਈ ਵਿਅਕਤੀ ਜਾਂ ਸੰਸਥਾ ਇਸ ਤਰ੍ਹਾਂ ਦੀ ਗੈਰਕਾਨੂੰਨੀ ਗਤੀਵਿਧੀ ਵਿੱਚ ਸ਼ਾਮਲ ਪਾਈ ਗਈ ਤਾਂ ਉਸ ਵਿਰੁੱਧ ਤੁਰੰਤ ਅਤੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਪੈਟਰੋਲ ਪੰਪ ਡੀਲਰਾਂ ਨੂੰ ਵੀ ਨਿਰਦੇਸ਼ ਦਿੱਤੇ ਕਿ ਤੇਲ ਦੀ ਜਮ੍ਹਾਂਖੋਰੀ ਨੂੰ ਰੋਕਣ ਲਈ ਪ੍ਰਸ਼ਾਸਨ ਦਾ ਪੂਰਾ ਸਹਿਯੋਗ ਕੀਤ